ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 26 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੧੩ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਬਠਿੰਡਾ 'ਚ ਵਪਾਰੀ ਦਾ ਖੌਫਨਾਕ ਕਦਮ, ਮਰਨ ਤੋਂ ਪਹਿਲਾਂ ਸੋਸ਼ਲ ਮੀਡੀਆ 'ਤੇ ਪਾਈ ਵੀਡੀਓ, DSP 'ਤੇ ਲਾਏ ਇਲਜ਼ਾਮ

**ਲੁਧਿਆਣਾ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਵਿਖੇ ਇੱਕ ਵਪਾਰੀ ਵੱਲੋਂ ਪੁਲਿਸ ਅਧਿਕਾਰੀ, ਕੋਰਟ ਕੰਪਲੈਕਸ ਦੇ ਮੁਲਾਜ਼ਮ ਤੇ ਕੁਝ ਹੋਰ ਲੋਕਾਂ ਵੱਲੋਂ ਪੈਸੇ ਲੈਣ ਦੇਣ ਨੂੰ ਲੈ ਕੇ ਤੰਗ ਪਰੇਸ਼ਾਨ ਕਰਨ ਤੇ ਆਤਮ ਹੱਤਿਆ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਮ੍ਰਿਤਕ ਵੱਲੋਂ ਆਪਣੀ ਮੌਤ ਤੋਂ ਪਹਿਲਾਂ ਜਿੱਥੇ ਇੱਕ ਵੀਡੀਓ ਸੋਸ਼ਲ ਮੀਡੀਆ ਤੇ ਪਾਈ ਗਈ ਹੈ ਉਥੇ ਹੀ ਇੱਕ ਨੋਟ ਵੀ ਲਿਖਿਆ ਹੋਇਆ ਹੈ, ਜਿਸ ਵਿੱਚ ਉਸਨੇ ਆਪਣੀ ਮੌਤ ਦਾ ਜਿੰਮੇਵਾਰ ਪੁਲਿਸ ਦੇ ਕੁਝ ਅਧਿਕਾਰੀ ਕੋਰਟ ਕੰਪਲੈਕਸ ਦੇ ਮੁਲਾਜ਼ਮ ਤੇ ਕੁਝ ਹੋਰ ਲੋਕਾਂ ਨੂੰ ਦੱਸਿਆ ਹੈ। ਜਾਣਕਾਰੀ ਅਨੁਸਾਰ D.L. ਐਂਡ ਕੰਪਨੀ ਦੇ ਮਾਲਿਕ ਸੋਨੂ ਬਾਂਸਲ ਵੱਲੋਂ ਅੱਜ ਕੁਝ ਪੁਲਿਸ ਅਧਿਕਾਰੀ ਅਤੇ ਮੁਲਾਜ਼ਮਾਂ ਅਤੇ ਤਹਿਸੀਲ ਕੰਪਲੈਕਸ ਦੇ ਕੁਝ ਮੁਲਾਜ਼ਮਾਂ ਤੋਂ ਤੰਗ ਆ ਕੇ ਜਹਰੀਲੀ ਵਸਤੂ ਨਿਗਲ ਕੇ ਆਪਣੀ ਜੀਵਨਲੀਲ੍ਹਾ ਸਮਾਪਤ ਕਰ ਲਈ ਹੈ, ਪਰਿਵਾਰਿਕ ਮੈਂਬਰਾਂ ਨੇ ਹੁਣ ਇਨਸਾਫ ਦੀ ਗੁਹਾਰ ਲਗਾਈ ਹੈ ਅਤੇ ਸਾਰੇ ਆਰੋਪੀਆਂ ਖਿਲਾਫ ਕਾਰਵਾਈ ਦੀ ਮੰਗ ਕੀਤੀ ਹੈ। ਵਿਜ਼ੂਅਲ ਕਹਾਣੀਆਂ ਪੀੜਤਾਂ ਵੱਲੋਂ ਇਨਸਾਫ ਦੀ ਮੰਗ ਕਰਦਿਆਂ ਸਿਵਿਲ ਹਸਪਤਾਲ ਬਠਿੰਡਾ ਅੱਗੇ ਰੋਡ ਜਾਮ ਕਰਕੇ ਰੋਸ ਪ੍ਰਦਰਸ਼ਨ ਕਰਨਾ ਸ਼ੁਰੂ ਕਰ ਦਿੱਤਾ ਹੈ। ਉਹਨਾਂ ਕਿਹਾ ਕਿ ਜਿੰਨਾ ਸਮਾਂ ਸਾਰੇ ਆਰੋਪੀਆਂ ਖਿਲਾਫ ਮਾਮਲਾ ਦਰਜ ਕਰਕੇ ਸਖਤ ਕਾਰਵਾਈ ਨਹੀਂ ਕੀਤੀ ਜਾਂਦੀ, ਓਨਾ ਸਮਾਂ ਸੰਘਰਸ਼ ਜਾਰੀ ਰਹੇਗਾ ਤੇ ਨਾ ਹੀ ਉਹ ਲਾਸ਼ ਦਾ ਪੋਸਟਮਾਰਟਮ ਕਰਾਉਣਗੇ ਤੇ ਨਾ ਹੀ ਸੰਸਕਾਰ ਕਰਨਗੇ। ਮਾਮਲੇ ਦੀ ਜਾਣਕਾਰੀ ਦਿੰਦਿਆਂ ਐਸਪੀ ਸਿਟੀ ਬਠਿੰਡਾ ਨਰਿੰਦਰ ਸਿੰਘ ਨੇ ਦੱਸਿਆ ਕਿ ਬੀਤੇ ਦਿਨ ਇੱਕ ਵਿਅਕਤੀ ਸੰਦੀਪ ਕੁਮਾਰ ਨਾਮ ਦੇ ਵੱਲੋਂ ਖੁਦਕੁਸ਼ੀ ਕਰਨ ਦੀ ਸੂਚਨਾ ਪ੍ਰਾਪਤ ਹੋਈ ਸੀ।

## ਰੋਸ ਜਾਂ ਬੁਖਲਾਹਟ ? ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਹਰਭਜਨ ਸਿੰਘ ਸਮੇਤ

# ਸਾਂਸਦਾਂ ਦੇ ਘਰਾਂ ਤੇ ਜਾਇਦਾਦ 'ਤੇ ਲਿਖਿਆ 'ਗੱਦਾਰ'

**ਚੰਡੀਗੜ੍ਹ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ 7 ਸੰਸਦ ਮੈਂਬਰਾਂ ਵੱਲੋਂ ਭਾਰਤੀ ਜਨਤਾ ਪਾਰਟੀ 'ਚ ਸ਼ਮੂਲੀਅਤ ਕੀਤੇ ਜਾਣ ਤੋਂ ਬਾਅਦ ਦੋਵਾਂ ਪਾਰਟੀਆਂ ਵੱਲੋਂ ਇੱਕ-ਦੂਜੇ 'ਤੇ ਦੂਸ਼ਣਬਾਜ਼ੀ ਕੀਤੀ ਜਾ ਰਹੀ ਹੈ। ਵਿਰੋਧੀ ਪਾਰਟੀਆਂ ਵੱਲੋਂ ਵੀ ਜਿਥੇ ਆਮ ਆਦਮੀ ਪਾਰਟੀ ਦੀ ਮੁਖੀ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਘੇਰਿਆ ਜਾ ਰਿਹਾ ਹੈ, ਉਥੇ ਹੀ ਹੁਣ 'ਆਪ' ਵਰਕਰਾਂ ਨੇ ਪੰਜਾਬ 'ਚ ਸੰਸਦਾਂ ਦੇ ਘਰਾਂ ਤੇ ਜਾਇਦਾਦਾਂ ਅੱਗੇ ਰਣਨੀਤੀ ਤਹਿਤ ਵਿਰੋਧ ਪ੍ਰਦਰਸ਼ਨ ਸ਼ੁਰੂ ਕਰ ਦਿੱਤੇ ਹਨ ਅਤੇ 'ਗੱਦਾਰ' ਲਿਖਿਆ ਜਾ ਰਿਹਾ ਹੈ। ਵਰਕਰਾਂ ਵੱਲੋਂ ਪਾਰਟੀ ਬਦਲਣ 'ਤੇ ਹੁਣ ਸੰਸਦਾਂ ਦਾ ਵਿਰੋਧ ਕਰਦੇ ਹੋਏ ਕਿਰਦਾਰਕੁਸ਼ੀ ਕਰਨੀ ਸ਼ੁਰੂ ਕਰ ਦਿੱਤੀ ਹੈ। ਕਈ ਪ੍ਰਦਰਸ਼ਨਕਾਰੀਆਂ ਨੇ ਵਿਰੋਧ ਦੇ ਪ੍ਰਤੀਕ ਵਜੋਂ ਆਪਣੇ ਸਿਰਾਂ 'ਤੇ ਕਾਲੀਆਂ ਪੱਟੀਆਂ ਬੰਨ੍ਹੀਆਂ ਹੋਈਆਂ ਸਨ। ਥਾਵਾਂ 'ਤੇ ਪੁਲਿਸ ਦੀ ਮੌਜੂਦਗੀ ਦੇ ਬਾਵਜੂਦ, ਭੀੜ ਨੂੰ ਖਿੰਡਾਉਣ ਦੀ ਕੋਸ਼ਿਸ਼ ਕਰਨ 'ਤੇ ਕੁਝ ਵਰਕਰਾਂ ਦੀ ਕਰਮਚਾਰੀਆਂ ਨਾਲ ਥੋੜ੍ਹੀ ਦੇਰ ਲਈ ਝੜਪ ਹੋ ਗਈ। ਵਰਕਰਾਂ ਦੀ ਅਗਵਾਈ ਕਰਦੇ ਹੋਏ ਆਮ ਆਦਮੀ ਪਾਰਟੀ ਦਾ ਯੂਥ ਵਿੰਗ ਦੇ ਆਗੂਆਂ ਨੇ ਜਲੰਧਰ 'ਚ ਜੰਮ ਕੇ ਖੋਰੂੰ ਪਾਇਆ ਅਤੇ ਰੋਸ ਪ੍ਰਦਰਸ਼ਨ ਕਰਦੇ ਹੋਏ ਸਾਬਕਾ ਕ੍ਰਿਕਟਰ ਤੇ ਰਾਜ ਸਭਾ ਮੈਂਬਰ ਹਰਭਜਨ ਸਿੰਘ ਦੇ ਘਰ ਦੀਆਂ ਕੰਧਾਂ 'ਤੇ ਕਾਲੇ ਅੱਖਾਂ 'ਚ 'ਗੱਦਾਰ' ਲਿਖ ਦਿੱਤਾ। ਹਰਭਜਨ ਸਿੰਘ ਦੇ ਘਰ ਦੀ ਪਿਛਲੀ ਕੰਧ 'ਤੇ ਇਹ ਸ਼ਬਦਾਵਲੀ ਲਿਖੀ ਗਈ। ਭੜਕੇ ਹੋਏ ਵਰਕਰਾਂ ਨੇ ਹਰਭਜਨ ਸਿੰਘ ਦੀ ਛੋਟੀ ਬਾਰਾਦਰੀ ਸਥਿਤ ਕੋਠੀ ਦੇ ਬਾਹਰ ਜੰਮ ਕੇ ਰੋਸ ਪ੍ਰਦਰਸ਼ਨ ਕੀਤਾ। ਇਸ ਦੌਰਾਨ ਪੁਲਿਸ ਵੱਲੋਂ ਵਰਕਰਾਂ ਨੂੰ. ਰੋਕਣ ਦੀ ਕਾਰਵਾਈ ਵੀ ਕੀਤੀ ਗਈ। ਹਾਲਾਂਕਿ, ਵਰਕਰਾਂ ਨੇ ਉਦੋਂ ਤੱਕ ਆਪਣੀ ਕਾਰਵਾਈ ਕਰ ਲਈ। ਉਧਰ, ਫਗਵਾੜਾ ਵਿਖੇ ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਸਾਂਸਦ ਅਸ਼ੋਕ ਮਿੱਤਲ ਦਾ ਉਨ੍ਹਾਂ ਦੀ ਯੂਨੀਵਰਸਿਟੀ ਦੇ ਅੱਗੇ ਪੁਤਲਾ ਫੂਕਿਆ। ਇਸ ਮੌਕੇ ਯੂਨੀਵਰਸਿਟੀ ਦੇ ਗੇਟ ਦੇ ਉੱਪਰ ਕਾਲੀ ਸਪਰੇ ਨਾਲ ਅਸ਼ੋਕ ਮਿੱਤਲ ਮੁਰਦਾਬਾਦ ਵੀ ਲਿਖਿਆ ਗਿਆ ਅਤੇ ਯੂਨੀਵਰਸਿਟੀ ਦੇ ਬਾਹਰ ਲੱਗੀ ਫਲੈਕਸਾਂ ਨੂੰ ਵੀ ਪਾੜਿਆ ਗਿਆ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਕਿਹਾ ਇਹਨਾਂ ਦੇ ਜਾਣ ਨਾਲ ਪਾਰਟੀ ਨੂੰ ਕੋਈ ਵੀ ਫਰਕ ਨਹੀਂ ਪਵੇਗਾ, ਇਹ ਪੰਜਾਬ ਦੇ ਗੱਦਾਰ ਹਨ, ਜਿਨਾਂ ਨੂੰ ਲੋਕ 2027 ਵਿੱਚ ਮੂੰਹ ਤੋੜਵਾਂ ਜਵਾਬ ਦੇਣਗੇ। ਵਿਜ਼ੂਅਲ ਕਹਾਣੀਆਂ ਲੁਧਿਆਣਾ ਵਿੱਚ ਵੀ ਆਪ ਦੇ ਯੂਥ ਵਿੰਗ ਨੇ ਦੁਪਹਿਰ ਸਮੇਂ ਕਿਚਲੂ ਨਗਰ ਵਿੱਚ ਰਾਜ ਸਭਾ ਮੈਂਬਰ ਅਤੇ ਉੱਘੇ ਕਾਰੋਬਾਰੀ ਰਜਿੰਦਰ ਗੁਪਤਾ ਵਿਰੁੱਧ ਰੋਸ ਮੁਹਿੰਮ ਸ਼ੁਰੂ ਕੀਤੀ। 'ਆਪ' ਵਰਕਰਾਂ ਨੇ ਟ੍ਰਾਈਡੈਂਟ ਗਰੁੱਪ ਦੇ ਦਫ਼ਤਰ ਦਾ ਘਿਰਾਓ ਕੀਤਾ ਅਤੇ ਰਜਿੰਦਰ ਗੁਪਤਾ ਲਈ ਕੰਧਾਂ 'ਤੇ 'ਗੱਦਾਰ' ਸ਼ਬਦ ਲਿਖੇ। ਇਸਤੋਂ ਇਲਾਵਾ ਸਾਂਸਦ ਦਾ ਪੁਤਲਾ ਵੀ ਫੂਕਿਆ ਗਿਆ। ਹਾਲਾਂਕਿ, ਮੌਕੇ 'ਤੇ ਭਾਰੀ ਪੁਲਿਸ ਫੋਰਸ ਤਾਇਨਾਤ ਕਰ ਦਿੱਤੀ ਗਈ ਹੈ। ਆਮ ਆਦਮੀ ਪਾਰਟੀ ਦੇ ਯੂਥ ਵਿੰਗ ਦੇ ਸੂਬਾਈ ਉਪ ਪ੍ਰਧਾਨ ਪਰਮਿੰਦਰ ਸੰਧੂ ਨੇ ਕਿਹਾ ਕਿ 'ਆਪ' ਸਾਂਸਦਾਂ ਦਾ ਭਾਜਪਾ ਵਿੱਚ ਸ਼ਾਮਲ ਹੋਣਾ ਪੰਜਾਬ ਦੇ ਲੋਕਾਂ ਨਾਲ ਧੋਖਾ ਹੈ। ਉਨ੍ਹਾਂ ਕਿਾ ਕਿ ਸੰਸਦ ਬੀਤੇ ਦਿਨ ਭਾਜਪਾ ਵਿੱਚ ਸ਼ਾਮਲ ਹੋਏ ਸਨ ਅਤੇ ਪੰਜਾਬ ਭਰ ਦੇ ਯੂਥ ਵਿੰਗ ਵਰਕਰ ਅੱਜ ਇਸ ਦੇ ਵਿਰੋਧ ਵਿੱਚ ਇਕੱਠੇ ਹੋਏ ਹਨ। ਹਿਮਾਚਲ ਖ਼ਬਰਾਂਉਨ੍ਹਾਂ ਕਿਹਾ, "ਅਸੀਂ ਭਾਜਪਾ ਦੀਆਂ ਨੀਤੀਆਂ ਅਤੇ ਦਲ ਬਦਲੀ ਦੀ ਰਾਜਨੀਤੀ ਨੂੰ ਬਰਦਾਸ਼ਤ ਨਹੀਂ ਕਰਾਂਗੇ। ਸੰਸਦਾਂ ਦੇ ਪੱਖ ਬਦਲਣ ਦਾ ਜਵਾਬ ਦੇਣ ਲਈ ਯੂਥ ਵਿੰਗ ਅੱਜ ਸੜਕਾਂ 'ਤੇ ਉਤਰ ਆਇਆ ਹੈ।" ਦੱਸ ਦਈਏ ਕਿ ਬੀਤੇ ਦਿਨ ਆਮ ਆਦਮੀ ਪਾਰਟੀ ਦੇ 3 ਸਾਂਸਦ ਭਾਜਪਾ 'ਚ ਸ਼ਾਮਲ ਹੋ ਗਏ ਸਨ। ਇਸ ਦੌਰਾਨ ਸਾਂਸਦ ਰਾਘਵ ਚੱਢਾ ਨੇ ਭਾਜਪਾ 'ਚ ਗਏ ਕੁੱਲ 7 ਸਾਂਸਦਾਂ ਬਾਰੇ ਦਾਅਵਾ ਵੀ ਕੀਤਾ ਸੀ।




## ਰਾਘਵ ਚੱਢਾ ਦੀ ਬਗਾਵਤ ਮਗਰੋਂ ਹੁਣ 50 ਵਿਧਾਇਕ ਛੱਡ ਸਕਦੇ ਨੇ ਪਾਰਟੀ, ਕਾਂਗਰਸ ਨੇ ਕੀਤਾ ਅਲਰਟ



ਚੰਡੀਗੜ੍ਹ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਪੰਜਾਬ ਅੰਦਰ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੂੰ ਵੱਡਾ ਸਿਆਸੀ ਝਟਕਾ ਲੱਗਾ ਹੈ। 'ਆਪ' ਦੇ ਕੁੱਲ ਦਸ ਰਾਜ ਸਭਾ ਮੈਂਬਰਾਂ 'ਚੋਂ ਸੱਤ ਨੇ ਪਾਰਟੀ ਨੂੰ ਅਲਵਿਦਾ ਆਖ ਦਿੱਤੀ। ਰਾਘਵ ਚੱਢਾ ਅਤੇ ਸੰਦੀਪ ਪਾਠਕ ਤੋਂ ਇਲਾਵਾ ਐੱਮ ਪੀ ਅਸ਼ੋਕ ਮਿੱਤਲ ਨੇ ਪ੍ਰੈੱਸ ਕਾਨਫ਼ਰੰਸ ਕਰਕੇ 'ਆਪ' ਨਾਲੋਂ ਨਾਤਾ ਤੋੜਨ ਦਾ ਐਲਾਨ ਕੀਤਾ ਤੇ ਭਾਜਪਾ 'ਚ ਸ਼ਾਮਲ ਹੋ ਗਏ। ਇਸ ਸਾਰੇ ਘਟਨਾਕ੍ਰਮ ਦਰਮਿਆਨ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੱਡਾ ਦਾਅਵਾ ਕਰਦਿਆਂ ਆਖਿਆ ਹੈ ਕਿ ਆਮ ਆਦਮੀ ਪਾਰਟੀ ਦੇ 50 ਵਿਧਾਇਕ ਵੀ 'ਆਪ' ਛੱਡ ਸਕਦੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਕੋਈ ਮਾਪਦੰਡ ਨਹੀਂ ਹੈ। ਜਦੋਂ ਕੋਈ ਵਿਚਾਰਧਾਰਾ ਹੀ ਨਾ ਹੋਵੇ ਤਾਂ ਅਜਿਹਾ ਤਾਂ ਹੋਵੇਗਾ ਹੀ। ਆਮ ਆਦਮੀ ਪਾਰਟੀ ਨੇ ਵੱਡੀਆਂ ਕੰਪਨੀਆਂ, ਵੱਡੇ ਕਾਰੋਬਾਰ ਦੇਖ ਕੇ ਸਾਂਸਦ ਚੁਣ ਲਏ ਜਿਸ ਤੋਂ ਬਾਅਦ ਉਨ੍ਹਾਂ ਤੋਂ ਕਈ ਤਰ੍ਹਾਂ ਦੇ ਫਾਇਦੇ ਲਏ ਗਏ, ਪਰ ਹੁਣ ਅਜਿਹਾ ਨਾ ਹੋਵੇ ਕਿ ਇਕੋ ਦਿਨ 50 ਵਿਧਾਇਕ ਪਲਟੀ ਮਾਰ ਜਾਣ। ਅੱਗੇ ਬੋਲਦੇ ਹੋਏ ਉਨ੍ਹਾਂ ਕਿਹਾ ਕਿ ਸੱਤ ਸੰਸਦ ਮੈਂਬਰਾਂ ਦੇ ਭਾਜਪਾ ਵਿਚ ਜਾਣ ਨਾਲ ਪੰਜਾਬ ਵਿਚ ਕਿਸੇ ਨੂੰ ਵੀ ਕੋਈ ਵੱਡਾ ਫ਼ਰਕ ਨਹੀਂ ਪਏਗਾ ਕਿਉਂਕਿ ਇਹ ਸਾਰੇ ਸੰਸਦ ਮੈਂਬਰ ਬਿਨਾਂ ਜੜ੍ਹਾਂ ਵਾਲੇ ਹਨ ਅਤੇ ਇਨ੍ਹਾਂ ਦਾ ਸੂਬੇ ਵਿਚ ਕੋਈ ਮਜ਼ਬੂਤ ਆਧਾਰ ਨਹੀਂ ਹੈ। ਅੱਜ ਸਿਰਫ਼ 7 ਸੰਸਦ ਮੈਂਬਰ ਹਨ, ਕੱਲ੍ਹ ਨੂੰ 50 ਵਿਧਾਇਕ ਵੀ 'ਆਪ' ਛੱਡ ਸਕਦੇ ਹਨ। ਦੱਸਣਯੋਗ ਹੈ ਕਿ ਸ਼ੁੱਕਰਵਾਰ ਨੂੰ ਰਾਘਵ ਚੱਢਾ ਨੇ ਦਿੱਲੀ ਵਿਚ ਕਿਹਾ ਸੀ ਕਿ ਰਾਜ ਸਭਾ ਵਿਚ 'ਆਪ' ਦੇ ਦੋ ਤਿਹਾਈ ਸੰਸਦ ਮੈਂਬਰਾਂ ਦੇ ਦਸਤਖ਼ਤਾਂ ਵਾਲਾ ਪੱਤਰ ਅਤੇ ਦਸਤਾਵੇਜ਼ ਰਾਜ ਸਭਾ ਦੇ ਚੇਅਰਮੈਨ ਨੂੰ ਸੌਂਪ ਦਿੱਤੇ ਗਏ ਹਨ। ਇਸ ਪੱਤਰ 'ਤੇ ਉਨ੍ਹਾਂ ਤੋਂ ਇਲਾਵਾ ਸੰਸਦ ਮੈਂਬਰ ਸੰਦੀਪ ਪਾਠਕ, ਹਰਭਜਨ ਸਿੰਘ, ਅਸ਼ੋਕ ਮਿੱਤਲ, ਰਜਿੰਦਰ ਗੁਪਤਾ, ਵਿਕਰਮ ਸਾਹਨੀ ਅਤੇ ਸਵਾਤੀ ਮਾਲੀਵਾਲ ਦੇ ਦਸਤਖ਼ਤ ਹਨ। ਉਨ੍ਹਾਂ ਕਿਹਾ ਕਿ 'ਆਪ' ਦੇ ਸੱਤ ਸੰਸਦ ਮੈਂਬਰਾਂ ਨੇ ਭਾਰਤੀ ਸੰਵਿਧਾਨ ਦੇ ਉਪਬੰਧਾਂ ਦੀ ਵਰਤੋਂ ਕਰਦੇ ਹੋਏ ਭਾਜਪਾ 'ਚ ਰਲੇਵਾਂ ਕਰ ਲਿਆ ਹੈ। ਇਥੇ ਇਹ ਵੀ ਦੱਸ ਦਈਏ ਕਿ ਜੇਕਰ ਕਿਸੇ ਪਾਰਟੀ ਦੇ ਦੋ ਤਿਹਾਈ ਮੈਂਬਰ ਇਕੱਠੇ ਹੋ ਕੇ ਕਿਸੇ ਹੋਰ ਪਾਰਟੀ 'ਚ ਰਲੇਵਾਂ ਕਰਦੇ ਹਨ ਤਾਂ ਭਾਰਤੀ ਸੰਵਿਧਾਨ ਦੀ ਦਸਵੀਂ ਅਨੁਸੂਚੀ ਤਹਿਤ ਦਲ ਬਦਲੀ ਵਿਰੋਧੀ ਅਯੋਗਤਾ ਤੋਂ ਛੋਟ ਮਿਲ ਜਾਂਦੀ ਹੈ।

## 'ਆਪਣੀ ਡਾਕੂਮੈਂਟਰੀ ਦੀ ਤਿਆਰੀ ਕਰ ਲਓ ਹੁਣ...', ਗੈਂਗਸਟਰ ਨੇ ਡੀਜੀਪੀ ਪੰਜਾਬ ਤੇ ਮਜੀਠੀਆ ਸਮੇਤ ਕਈ ਲੀਡਰਾਂ ਨੂੰ ਦਿੱਤੀ ਧਮਕੀ

**ਚੰਡੀਗੜ੍ਹ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਗੈਂਗਸਟਰ ਲਾਰੈਂਸ ਬਿਸ਼ਨੋਈ 'ਤੇ ਬਣੀ ਡਾਕੂਮੈਂਟਰੀ ਫਿਲਮ ਨੂੰ ਲੈ ਕੇ ਪੰਜਾਬ 'ਚ ਮਾਹੌਲ ਤਣਾਅਪੂਰਨ ਬਣਿਆ ਹੋਇਆ ਹੈ। ਫਿਲਮ ਦੇ ਭਾਰੀ ਵਿਰੋਧ ਤੋਂ ਬਾਅਦ ਭਾਰਤ ਸਰਕਾਰ ਵੱਲੋਂ ਇਸ ਵੈੱਬ ਸੀਰੀਜ਼ 'ਤੇ ਪਾਬੰਦੀ ਲਗਾ ਦਿੱਤੀ ਹੈ। ਇਸ ਦੌਰਾਨ ਹੀ, ਬਿਸ਼ਨੋਈ ਗੈਂਗ ਵੱਲੋਂ ਫਿਲਮ ਦੇ ਰੋਕੇ ਜਾਣ ਨੂੰ ਲੈ ਕੇ ਹੁਣ ਤਿੱਖੀ ਪ੍ਰਤੀਕਿਰਿਆ ਸਾਹਮਣੇ ਆਈ ਹੈ। ਗੈਂਗ ਵੱਲੋਂ ਫਿਲਮ ਦੀ ਰਿਲੀਜ਼ ਨੂੰ ਲੈ ਕੇ ਪੰਜਾਬ ਡੀਜੀਪੀ ਸਮੇਤ ਕੁੱਝ ਲੀਡਰਾਂ ਨੂੰ ਇੱਕ ਕਥਿਤ ਵਟਸਐਪ ਪੋਸਟ ਰਾਹੀਂ ਸਿੱਧੀ ਧਮਕੀ ਦਿੱਤੀ ਗਈ। (ਪੀਟੀਸੀ ਨਿਊਜ਼ ਪੋਸਟ ਦੇ ਪੁਖਤਾ ਹੋਣ ਦੀ ਜ਼ਿੰਮੇਵਾਰੀ ਨਹੀਂ) ਬਿਸ਼ਨੋਈ ਗੈਂਗ ਵੱਲੋਂ ਇਸ ਕਥਿਤ ਵਟਸਐਪ ਪੋਸਟ ਰਾਹੀਂ ਪੰਜਾਬ ਦੇ ਡੀਜੀਪੀ ਗੌਰਵ ਯਾਦਵ, ਸ਼੍ਰੋਮਣੀ ਅਕਾਲੀ ਦਲ ਦੇ ਬਿਕਰਮ ਸਿੰਘ ਮਜੀਠੀਆ, ਪੰਜਾਬ ਕਾਂਗਰਸ ਦੇ ਪ੍ਰਧਾਨ ਤੇ ਸਾਂਸਦ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਂਸਦ ਸੁਖਜਿੰਦਰ ਸਿੰਘ ਰੰਧਾਵਾ, ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੱਧੂ, ਐਡਵੋਕੇਟ ਜਨਰਲ ਮਨਿੰਦਰਜੀਤ ਬੇਦੀ ਅਤੇ ਗੁਰਮੀਤ ਬਬਲੂ ਨੂੰ ਧਮਕੀ ਦਿੱਤੀ ਗਈ ਹੈ। ਧਮਕੀ ਵਿੱਚ ਗੈਂਗ ਨੇ ਕਿਹਾ ਹੈ ਕਿ ਲਾਰੈਂਸ ਆਫ਼ ਪੰਜਾਬ ਡਾਕੂਮੈਂਟਰੀ ਚੱਲ ਕੇ ਰਹੇਗੀ। ਤੁਸੀ ਆਪਣੀ ਡਾਕੂਮੈਂਟਰੀ ਦੀ ਤਿਆਰੀ ਕਰ ਲਓ। ਤੁਸੀ ਆਪਣੀ ££##× ਜ਼ੋਰ ਲਗਾ ਲਓ। ਭਾਵੇਂ ਆਪਣੇ ਉਪਰ ਕਫਨ ਪਹਿਨਣ ਦੇ ਰੋਲ ਦੀ ਤਿਆਰੀ ਕਰ ਲਓ। ਪੋਸਟ 'ਚ ਅੱਗੇ ਕਿਹਾ ਗਿਆ, "ਉਸ ਸਿੱਧੂ ਮੂਸੇਵਾਲਾ ਦੀ ਡਾਕੂਮੈਂਟਰੀ ਨੂੰ ਛੱਡੋ, ਆਪਣੀ ਡਾਕੂਮੈਂਟਰੀ ਦੀ ਤਿਆਰੀ ਕਰ ਲਓ, ਸਭ ਦੀ ਜਨਮ ਕੁੰਡਲੀ ਹੈ। ਹੁਣ ਕਿਸੇ ਕੋਲੋਂ ਪੈਸੇ ਨਹੀਂ ਲਵਾਂਗੇ, ਗੋਲੀ/47 ਅਤੇ ਬੰਬ ਨਾਲ ਉਡਾਉਣ ਦੀ ਤਿਆਰੀ ਸਮਝੋ...।" ਹਿਮਾਚਲ ਖ਼ਬਰਾਂ ਦੱਸ ਦਈਏ ਕਿ ਵੈੱਬ ਸੀਰੀਜ਼ ਦਾ ਟ੍ਰੇਲਰ ਰਿਲੀਜ ਹੋ ਗਿਆ ਸੀ। ਇਸ ਵੈੱਬ ਸੀਰੀਜ਼ ਨੂੰ ਨਿਰਦੇਸ਼ਕ ਰਾਘਵ ਧਾਰ ਵੱਲੋਂ ਤਿਆਰ ਕੀਤਾ ਗਿਆ ਹੈ, ਜੋ ਕਿ ਜ਼ੀ5 'ਤੇ 27 ਅਪ੍ਰੈਲ, 2026 ਨੂੰ ਰਿਲੀਜ਼ ਹੋਣ ਵਾਲੀ ਸੀ। ਹਾਲਾਂਕਿ, ਟ੍ਰੇਲਰ ਦੇ ਰਿਲੀਜ਼ ਹੋਣ ਤੋਂ ਬਾਅਦ ਇਸਨੇ ਪੰਜਾਬ ਵਿੱਚ ਰਾਜਨੀਤਿਕ ਵਿਵਾਦ ਛੇੜ ਦਿੱਤਾ ਸੀ ਕਿ ਇਹ ਅਪਰਾਧੀਆਂ ਨੂੰ ਹਾਈਲਾਈਟ ਕਰ ਰਹੀ ਹੈ। ਦੱਸ ਦਈਏ ਕਿ ਗੈਂਗਸਟਰ ਲਾਰੈਂਸ ਬਿਸ਼ਨੋਈ 'ਤੇ ਬਣੀ ਇਸ ਸੀਰੀਜ 'ਤੇ ਵਿਵਾਦ ਨੂੰ ਲੈ ਕੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਵੜਿੰਗ ਨੇ ਹਾਈ ਕੋਰਟ ਵਿੱਚ ਪਟੀਸ਼ਨ ਵੀ ਦਾਇਰ ਕੀਤੀ ਸੀ। ਨਾਲ ਹੀ ਪੰਜਾਬ ਪੁਲਿਸ ਨੇ ਕੇਂਦਰ ਸਰਕਾਰ ਨੂੰ ਵੀ ਪੱਤਰ ਲਿਖਿਆ ਸੀ, ਜਿਸ ਵਿੱਚ ਇਹ ਚਿੰਤਾ ਜਤਾਈ ਗਈ ਸੀ ਕਿ ਫਿਲਮ ਦੀ ਰਿਲੀਜ਼ ਪੰਜਾਬ ਦੇ ਮਾਹੌਲ ਨੂੰ ਨੁਕਸਾਨ ਪਹੁੰਚਾਏ ਜਾਣ ਬਾਰੇ ਲਿਖਿਆ ਸੀ। ਉਪਰੰਤ, ਭਾਰਤ ਸਰਕਾਰ ਵੱਲੋਂ ਇਸ ਵੈੱਬ ਸੀਰੀਜ਼ 'ਤੇ ਪਾਬੰਦੀ ਲਗਾ ਦਿੱਤੀ ਗਈ ਸੀ। ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਨੇ ਖੁਦ ਓਟੀਟੀ ਪਲੇਟਫਾਰਮ ਜ਼ੀ5 ਨੂੰ ਫਿਲਮ ਲਾਰੈਂਸ ਆਫ ਪੰਜਾਬ ਦਾ ਪ੍ਰਸਾਰਣ ਨਾ ਕਰਨ ਦਾ ਵੀ ਹੁਕਮ ਦਿੱਤਾ ਹੋਇਆ ਹੈ। ਬਾਲੀਵੁੱਡ ਅੱਪਡੇਟ ਸਿੱਧੂ ਮੂਸੇਵਾਲਾ ਦੇ ਪਿਤਾ ਦਾ ਕਹਿਣਾ ਹੈ ਕਿ ਇਹ ਸਮਾਜ ਨੂੰ ਗਲਤ ਸੁਨੇਹਾ ਦੇ ਰਿਹਾ ਹੈ। ਉਨ੍ਹਾਂ ਦਾ ਇਲਜ਼ਾਮ ਹੈ ਕਿ ਗੈਂਗਸਟਰਾਂ ਨੂੰ ਹੀਰੋ ਵਜੋਂ ਦਰਸਾਇਆ ਜਾ ਰਿਹਾ ਹੈ, ਜੋ ਨੌਜਵਾਨਾਂ ਲਈ ਖ਼ਤਰਨਾਕ ਸਾਬਤ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਬਹੁਤ ਸਾਰੇ ਸ਼ਹੀਦ, ਯੋਧੇ, ਵਿਗਿਆਨੀ ਅਤੇ ਖਿਡਾਰੀ ਹਨ ਜਿਨ੍ਹਾਂ ਬਾਰੇ ਫਿਲਮਾਂ ਬਣਾਈਆਂ ਜਾ ਸਕਦੀਆਂ ਹਨ, ਪਰ ਇਹ ਸਿਰਫ਼ ਇਸ ਗੈਂਗਸਟਰ 'ਤੇ ਹੀ ਕਿਉਂ ਬਣਾਈ ਜਾ ਰਹੀ ਹੈ ? ਉਨ੍ਹਾਂ ਕਿਹਾ ਕਿ ਇਸ ਗੈਂਗਸਟਰ ਨੇ ਉਨ੍ਹਾਂ ਦੇ ਪੁੱਤ ਨੂੰ ਮਾਰਿਆ, ਜਿਸਦਾ ਉਨ੍ਹਾਂ ਨੂੰ ਅੱਜ ਤੱਕ ਇਨਸਾਫ ਨਹੀਂ ਮਿਲਿਆ ਹੈ। ਲਾਰੈਂਸ ਬਿਸ਼ਨੋਈ ਦੇ ਹੱਥ ਖ਼ੂਨ ਨਾਲ ਰੰਗੇ ਹੋਏ ਹਨ, ਪੰਜਾਬੀਆਂ ਦਾ ਕਾਤਲ ਹੈ।



## ਐਮ. ਪੀ. ਅੰਮ੍ਰਿਤਪਾਲ ਸਿੰਘ ਦੀ ਹੋਈ ਪੇਸ਼ੀ, ਅਜਨਾਲਾ ਅਦਾਲਤ ਨੇ 30 ਅਪ੍ਰੈਲ ਤੱਕ ਨਿਆਂਇਕ ਹਿਰਾਸਤ 'ਚ ਭੇਜਿਆ

**ਅੰਮ੍ਰਿਤਸਰ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਨੂੰ ਅੱਜ ਦੋ ਦਿਨਾਂ ਦਾ ਪੁਲਿਸ ਰਿਮਾਂਡ ਮੁਕੰਮਲ ਹੋਣ ਤੋਂ ਬਾਅਦ ਮਾਨਯੋਗ ਅਦਾਲਤ ਵਿੱਚ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਕੀਤਾ ਗਿਆ। ਇਸ ਦੌਰਾਨ ਅਦਾਲਤ ਵਿੱਚ ਮਾਮਲੇ ਦੀ ਸੁਣਵਾਈ ਹੋਈ, ਜਿਸ ਵਿੱਚ ਦੋਵਾਂ ਪੱਖਾਂ ਵੱਲੋਂ ਆਪਣੇ-ਆਪਣੇ ਤੱਥ ਰੱਖੇ ਗਏ। ਸੁਣਵਾਈ ਤੋਂ ਬਾਅਦ ਅਦਾਲਤ ਨੇ ਅਹਿਮ ਫੈਸਲਾ ਸੁਣਾਉਂਦੇ ਹੋਏ ਭਾਈ ਅੰਮ੍ਰਿਤਪਾਲ ਸਿੰਘ ਨੂੰ 30 ਅਪ੍ਰੈਲ ਤੱਕ ਜੁਡੀਸ਼ਅਲ ਰਿਮਾਂਡ 'ਤੇ ਭੇਜ ਦਿੱਤਾ ਹੈ। ਬਾਲੀਵੁੱਡ ਅੱਪਡੇਟ ਮਿਲੀ ਜਾਣਕਾਰੀ ਅਨੁਸਾਰ, ਪੁਲਿਸ ਵੱਲੋਂ ਇਸ ਦੌਰਾਨ ਕਿਸੇ ਵੀ ਤਰ੍ਹਾਂ ਦਾ ਹੋਰ ਰਿਮਾਂਡ ਨਹੀਂ ਮੰਗਿਆ ਗਿਆ। ਪੁਲਿਸ ਨੇ ਅਦਾਲਤ ਅੱਗੇ ਕੋਈ ਨਵੀਂ ਡਿਮਾਂਡ ਪੇਸ਼ ਨਾ ਕਰਨ ਕਰਕੇ ਅਦਾਲਤ ਨੇ ਸਿੱਧਾ ਜੁਡੀਸ਼ਿਅਲ ਰਿਮਾਂਡ ਦਾ ਹੁਕਮ ਜਾਰੀ ਕੀਤਾ। ਇਸ ਨਾਲ ਇਹ ਸਪਸ਼ਟ ਹੋ ਗਿਆ ਕਿ ਮੌਜੂਦਾ ਪੜਾਅ 'ਤੇ ਪੁਲਿਸ ਨੂੰ ਹੋਰ ਪੁੱਛਗਿੱਛ ਲਈ ਵਾਧੂ ਸਮੇਂ ਦੀ ਲੋੜ ਮਹਿਸੂਸ ਨਹੀਂ ਹੋਈ। ਇਸ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਦੇ ਵਕੀਲ ਰੀਤੂ ਰਾਜ ਸਿੰਘ ਸੰਧੂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਦੋ ਦਿਨਾਂ ਦੇ ਪੁਲਿਸ ਰਿਮਾਂਡ ਤੋਂ ਬਾਅਦ ਅੱਜ ਵੀਸੀ ਰਾਹੀਂ ਪੇਸ਼ੀ ਹੋਈ ਸੀ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਨਾ ਤਾਂ ਹੋਰ ਰਿਮਾਂਡ ਦੀ ਮੰਗ ਕੀਤੀ ਗਈ ਅਤੇ ਨਾ ਹੀ ਕੋਈ ਵੱਡੀ ਰਿਕਵਰੀ ਜਾਂ ਨਵਾਂ ਮਾਮਲਾ ਅੱਗੇ ਰੱਖਿਆ ਗਿਆ। ਵਕੀਲ ਨੇ ਕਿਹਾ ਕਿ ਪੁਲਿਸ ਕੋਲ ਪਹਿਲਾਂ ਕੁਝ ਸਵਾਲ ਸਨ, ਜਿਵੇਂ ਕਿ ਪਾਲਕੀ ਸਾਹਿਬ, ਮੋਬਾਇਲ ਜਾਂ ਹੋਰ ਸਾਮਾਨ ਦੀ ਰਿਕਵਰੀ ਸਬੰਧੀ, ਪਰ ਅੱਜ ਦੀ ਸੁਣਵਾਈ ਵਿੱਚ ਇਸ ਸਬੰਧੀ ਕੋਈ ਵੱਡੀ ਗੱਲ ਸਾਹਮਣੇ ਨਹੀਂ ਆਈ। ਅਦਾਲਤ ਵੱਲੋਂ ਦਿੱਤੇ ਗਏ ਫੈਸਲੇ ਅਨੁਸਾਰ ਹੁਣ ਭਾਈ ਅੰਮ੍ਰਿਤਪਾਲ ਸਿੰਘ 30 ਅਪ੍ਰੈਲ ਤੱਕ ਜੁਡੀਸ਼ਿਅਲ ਹਿਰਾਸਤ ਵਿੱਚ ਰਹਿਣਗੇ। ਇਸ ਮਾਮਲੇ ਨੂੰ ਲੈ ਕੇ ਆਗਾਮੀ ਦਿਨਾਂ ਵਿੱਚ ਹੋਰ ਸੁਣਵਾਈ ਹੋਣ ਦੀ ਸੰਭਾਵਨਾ ਹੈ, ਜਿਸ 'ਤੇ ਸਭ ਦੀ ਨਿਗਾਹ ਟਿਕੀ ਹੋਈ ਹੈ।



# ਭੋਗ ਤੇ ਅਰਦਾਸ ਸਮਾਗਮ



ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ, ਸੱਚਖੰਡ ਵਾਸੀ ਬਾਬਾ ਜੋਗਿੰਦਰ ਸਿੰਘ ਜੀ ਦੇ ਪੋਤਰੇ, ਅਮਰ ਸ਼ਹੀਦ ਭਾਈ ਜੰਗੀਰ ਸਿੰਘ ਦੇ ਸਪੁੱਤਰ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਛੋਟੇ ਭਰਾ, ਭਾਈ ਜਗਤਾਰ ਸਿੰਘ ਰੋਡੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੁਪਤਨੀ

## ਬੀਬੀ ਪਰਮਜੀਤ ਕੌਰ

**ਜੋ 19 ਅਪ੍ਰੈਲ, 2026 ਦਿਨ ਐਤਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ।**

ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਦਾ ਭੋਗ ਅਤੇ ਅਰਦਾਸ ਸਮਾਗਮ **ਮਿਤੀ 28 ਅਪ੍ਰੈਲ, 2026** ਦਿਨ ਮੰਗਲਵਾਰ, ਦੁਪਹਿਰ 12.00 ਤੋਂ 2.30 ਵਜੇ ਤੱਕ ਪਿੰਡ ਰੋਡੇ ਦੇ ਗੁਰਦੁਆਰਾ ਸੰਤ ਖਾਲਸਾ (ਜਨਮ ਅਸਥਾਨ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ) ਜ਼ਿਲ੍ਹਾ ਮੋਗਾ ਵਿਖੇ ਹੋਵੇਗੀ।

### ਗੁਰੂ ਦੇ ਭਾਣੇ ਵਿੱਚ

ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਭਾਈ ਜਗਤਾਰ ਸਿੰਘ ਰੋਡੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਬਾਬਾ ਪਰਿਵਾਰ। (ਮੋ: 98140-29018)

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧੁਰੋਂ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
***Raghbir Singh Walsal***
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ
1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।






ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਿਤ ਸਮਾਗਮ

ਜਨਮ ਦਿਵਸ ਸ਼੍ਰੋਮਣੀ ਭਗਤ, ਭਗਤ ਧੰਨਾ ਜੱਟ ਸਾਹਿਬ ਜੀ ਧੂਆ ਕਲਾਂ ਜ਼ਿਲ੍ਹਾ ਟਾਂਕ ਰਾਜਸਥਾਨ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ੁੱਕਰਵਾਰ 24 ਅਪ੍ਰੈਲ ਸਵੇਰੇ 10:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ ਅਤੇ 26 ਅਪ੍ਰੈਲ ਐਤਵਾਰ ਸਵੇਰੇ 10: 00 ਵਜੇ ਭੋਗ ਪੈਣਗੇ ਉਪਰੰਤ ਦੀਵਾਨ ਸੱਜਣਗੇ। ਸ਼ੁੱਕਰਵਾਰ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸੱਜਣਗੇ

☛ ਸ਼ਨਿੱਚਰਵਾਰ 25 ਅਪ੍ਰੈਲ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ਐਤਵਾਰ 26 ਅਪ੍ਰੈਲ 2026 ਨੂੰ 6:30 ਵਜੇ ਸਵੇਰ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਅਮਨਦੀਪ ਸਿੰਘ ਮੋਧਨੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ੴ

# Sardar Gurdip Singh Narwal

05 March 1948 – 17 April 2026



## Antam Sanskar (Funeral Service)

**Friday 1st May 2026**

3.30 PM
Antam Darshan | Antam Sanskar
Great Glen Crematorium
9 London Road Leicester LE8 9DJ

ਆਵਾਜ਼ਿ ਕੌਮ
AWAZE QAUM
International Newspaper & WEB TV

5.30 PM
Sehaj Path da Bhog | Guru Ka Langar
Guru Tegh Bahadur Gurdwara
106 East Park Road
Leicester LE5 4QB

Live Webcast: www.watch.obitus.com Username: jafi621 Password: 933979

Waheguru Ji Ka Khalsa
Waheguru Ji Ki Fateh

Contact: Pardeep Singh Narwal – 07956 972 789 / 07817 928 857

ਆਪ ਦੇ 7 ਰਾਜ ਸਭਾ ਮੈਂਬਰਾਂ ਦੇ ਭਾਜਪਾ ਵਿੱਚ ਰਲੇਵੇਂ ਤੋਂ ਬਾਅਦ

# ਕੇਜਰੀਵਾਲ ਨੂੰ ਹੁਣ ਸਿਆਸਤ ਛੱਡ ਕੇ ਘਰ ਬੈਠ ਜਾਣਾ ਚਾਹੀਦਾ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਹੈ ਕਿ ਆਮ ਆਦਮੀ ਪਾਰਟੀ ਦੇ 7 ਰਾਜ ਸਭਾ ਮੈਂਬਰਾਂ ਵੱਲੋਂ ਪੰਜਾਬ ਦੇ ਲੋਕਾਂ ਦੀ ਅਵਾਜ਼ ਅਤੇ ਭਾਵਨਾਵਾਂ ਦੀ ਤਰਜਮਾਨੀ ਕਰਦਿਆਂ ਲੋਕਤੰਤਰਿਕ ਪ੍ਰਕਿਰਿਆ ਅਧੀਨ ਭਾਜਪਾ ਵਿੱਚ ਸ਼ਾਮਲ ਹੋਣਾ ਇਸ ਗੱਲ ਦਾ ਸਪਸ਼ਟ ਸੰਕੇਤ ਹੈ ਕਿ ਅਰਵਿੰਦ ਕੇਜਰੀਵਾਲ ਦੀ ਝੂਠ ਦੀ ਸਿਆਸਤ ਦੀ ਦੁਕਾਨ ਹੁਣ ਬੰਦ ਹੋਣ ਕਿਨਾਰੇ ਹੈ।ਉਨ੍ਹਾਂ ਕਿਹਾ ਕਿ ਕੇਜਰੀਵਾਲ ਨੂੰ ਹੁਣ ਸਿਆਸਤ ਛੱਡ ਕੇ ਘਰ ਬੈਠ ਜਾਣਾ ਚਾਹੀਦਾ ਹੈ, ਨਹੀਂ ਤਾਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਲੋਕ ਆਪ ਨੂੰ ਅਜਿਹਾ ਸਬਕ ਸਿਖਾਉਣਗੇ ਜੋ ਉਹ ਕਦੇ ਨਹੀਂ ਭੁੱਲਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

**ਕੇਜਰੀਵਾਲ ਦੀ ਝੂਠ ਦੀ ਦੁਕਾਨ ਹੁਣ ਬੰਦ ਹੋਣ ਕਿਨਾਰੇ, 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਲੋਕ ਆਪ ਨੂੰ ਅਜਿਹਾ ਸਬਕ ਸਿਖਾਉਣਗੇ ਜੋ ਉਹ ਕਦੇ ਨਹੀਂ ਭੁੱਲਣਗੇ**

ਪ੍ਰੋ. ਖਿਆਲਾ ਨੇ ਕਿਹਾ ਕਿ "ਬਦਲਾਅ ਦੀ ਰਾਜਨੀਤੀ" ਦੇ ਨਾਅਰੇ ਨਾਲ ਅੱਗੇ ਆਈ ਆਪ ਅੱਜ ਸਿਰਫ਼ ਸੱਤਾ ਦੀ ਭੁੱਖ ਅਤੇ ਤਾਨਾਸ਼ਾਹੀ ਦਾ ਪ੍ਰਤੀਕ ਬਣ ਚੁੱਕੀ ਹੈ। ਜਿਸ ਪਾਰਟੀ ਨੇ ਵੀ ਆਈ ਪੀ ਕਲਚਰ ਖ਼ਤਮ ਕਰਨ ਦਾ ਵਾਅਦਾ ਕੀਤਾ ਸੀ, ਉਹ ਅੱਜ ਖ਼ੁਦ ਇਸ ਕਲਚਰ ਨੂੰ ਸਭ ਤੋਂ ਵੱਧ ਵਧਾਵਾ ਦੇ ਰਹੀ ਹੈ। ਲੋਕਾਂ ਦੇ ਪੈਸੇ ਦੀ ਸਵਾਰਥੀ ਹਿਤਾਂ ਲਈ ਬੇਹਿਸਾਬ ਇਸ਼ਤਿਹਾਰਬਾਜ਼ੀ ਕਰਕੇ ਲੁੱਟ ਕੀਤੀ ਜਾ ਰਹੀ ਹੈ।



ਉਨ੍ਹਾਂ ਤਿੱਖੇ ਲਹਿਜ਼ੇ ਵਿੱਚ ਵਿਅੰਗ ਕਸਦਿਆਂ ਕਿਹਾ "ਘੁਟਾਲਾ ਸ਼ਰਾਬ ਦਾ ਕਰਦੇ ਹਨ ਤੇ ਨਾਅਰੇਬਾਜ਼ੀ ਇਨਕਲਾਬ ਦੀ ਲਗਾਉਂਦੇ ਹਨ।" ਅੱਜ ਪੰਜਾਬ "ਰੰਗਲਾ ਪੰਜਾਬ" ਨਹੀਂ, ਸਗੋਂ "ਰੁਲਦਾ ਪੰਜਾਬ" ਬਣ ਚੁੱਕਾ ਹੈ। ਵਿਕਾਸ ਦੀ ਥਾਂ ਇਸ਼ਤਿਹਾਰ, ਕ੍ਰਾਂਤੀ ਦੀ ਥਾਂ ਰੰਗ-ਰੋਗਨ ਅਤੇ ਇਮਾਨਦਾਰੀ ਦੀ ਥਾਂ ਸਮਝੌਤੇ—ਕੀ ਇਹੀ "ਨਵਾਂ ਪੰਜਾਬ" ਹੈ?

ਪ੍ਰੋ. ਖਿਆਲਾ ਨੇ ਕਿਹਾ ਕਿ ਆਪ ਦੇ ਫਾਊਂਡਰ ਮੈਂਬਰ ਅਤੇ ਅਹਿਮ ਆਗੂ ਇਕ-ਇਕ ਕਰਕੇ ਪਾਰਟੀ ਛੱਡ ਰਹੇ ਹਨ। ਹੁਣ ਰਾਘਵ ਚੱਢਾ, ਸੰਦੀਪ ਪਾਠਕ, ਅਸ਼ੋਕ ਮਿੱਤਲ, ਹਰਭਜਨ ਸਿੰਘ, ਰਾਜਿੰਦਰ ਗੁਪਤਾ, ਸਵਾਤੀ ਮਾਲੀਵਾਲ ਅਤੇ ਵਿਕਰਮ ਸਾਹਨੀ ਵਰਗੇ ਰਾਜ ਸਭਾ ਮੈਂਬਰਾਂ ਦੇ ਭਾਜਪਾ ਵਿੱਚ ਆਉਣ 'ਤੇ ਉਨ੍ਹਾਂ ਨੂੰ "ਗੱਦਾਰ" ਕਹਿਣਾ ਆਪ ਦੀ ਘਬਰਾਹਟ ਦਾ ਸਬੂਤ ਹੈ। ਉਨ੍ਹਾਂ ਪੁੱਛਿਆ ਕਿ ਜੇ ਪਾਰਟੀ ਛੱਡਣ ਵਾਲੇ ਗੱਦਾਰ ਹਨ ਤਾਂ ਫਿਰ ਹੋਰ ਪਾਰਟੀਆਂ ਤੋਂ ਆਏ ਆਪ ਆਗੂਆਂ ਨੂੰ ਕਿਹੜਾ ਸਰਟੀਫਿਕੇਟ ਦਿੱਤਾ ਜਾਵੇ?

ਉਨ੍ਹਾਂ ਕਿਹਾ ਕਿ ਜੇ ਇਹਨਾਂ ਲੋਕਾਂ ਦੀ "ਮੁਹੱਲਿਆਂ ਵਾਲੀ ਔਕਾਤ ਵੀ ਨਹੀਂ ਸੀ" ਤਾਂ ਫਿਰ ਇਹਨਾਂ ਨੂੰ ਰਾਜ ਸਭਾ ਕਿਉਂ ਥੋਪਿਆ ਗਿਆ? ਕੀ ਇਹ ਤੁਹਾਡੇ ਵੱਲੋਂ ਪੰਜਾਬੀਆਂ ਨਾਲ ਕੀਤੀ ਗਈ ਗ਼ੱਦਾਰੀ ਨਹੀਂ?

ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ 'ਤੇ "ਧੱਕਾ" ਕਰਨ ਦੇ ਦੋਸ਼ ਲਾਉਣ ਵਾਲੇ ਪਹਿਲਾਂ ਇਹ ਦੱਸਣ ਕਿ ਰਾਜ ਸਭਾ ਮੈਂਬਰ ਸਵਾਤੀ ਮਾਲੀਵਾਲ ਨੂੰ ਘਰ ਬੁਲਾ ਕੇ ਕੇਜਰੀਵਾਲ ਨੇ ਆਪਣੇ ਪੀ ਏ ਤੋਂ ਚਪੇੜਾਂ ਮਰਵਾ ਕੇ ਨਾਰੀ ਸ਼ਕਤੀ ਦਾ ਅਪਮਾਨ ਕਿਉਂ ਕੀਤਾ?

ਉਨ੍ਹਾਂ ਕਿਹਾ ਕਿ ਹਰਭਜਨ ਸਿੰਘ ਵਰਗੇ ਮਹਾਨ ਕ੍ਰਿਕਟਰ ਨੂੰ "ਵਿਕਾਊ" ਕਹਿਣਾ ਸਿਰਫ਼ ਉਸ ਦਾ ਨਹੀਂ, ਸਗੋਂ ਪੂਰੇ ਖੇਡ ਜਗਤ ਦਾ ਅਪਮਾਨ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਅੱਜ ਲੁੱਟਾਂ-ਖੋਹਾਂ, ਫਿਰੌਤੀਆਂ, ਗੈਂਗਸਟਰਵਾਦ, ਕਤਲਾਂ ਦੀ ਭਰਮਾਰ ਹੈ। ਉਦਯੋਗਪਤੀ ਅਤੇ ਵਪਾਰੀ ਵਰਗ ਬੇਜ਼ਾਰ ਹੈ। ਕਾਨੂੰਨ-ਵਿਵਸਥਾ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਗੈਂਗਸਟਰ ਕਲਚਰ, ਲੁੱਟਾਂ-ਖੋਹਾਂ, ਧਮਕੀਆਂ, ਕਤਲ ਅਤੇ ਪੁਲਿਸ ਥਾਣਿਆਂ 'ਤੇ ਗ੍ਰੇਨੇਡ ਹਮਲੇ ਆਮ ਹੋ ਗਏ ਹਨ। ਲਾਰੰਸ ਬਿਸ਼ਨੋਈ ਦਾ 391 ਖਰੜ ਵਿੱਚ ਇੰਟਰਵਿਊ ਇਸ ਦਾ ਸਿੱਧਾ ਸਬੂਤ ਹੈ। ਉਨ੍ਹਾਂ ਨੇ ਤੰਜ ਕੱਸਦਿਆਂ ਕਿਹਾ ਕਿ ਜਿਹੜੇ ਕਹਿੰਦੇ ਸਨ "ਡਰ ਲੱਗਦਾ ਹੈ ਤਾਂ ਸਿਆਸਤ ਛੱਡ ਕੇ ਮੁਰਗੀਖਾਨਾ ਖੋਲ੍ਹ ਲਓ", ਉਹੀ ਅੱਜ ਬੁਲੇਟ-ਪਰੂਫ਼ ਸ਼ੀਸ਼ੇ ਪਿੱਛੇ ਭਾਸ਼ਣ ਦੇ ਰਹੇ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਭਗਵੰਤ ਮਾਨ ਅਤੇ ਕੇਜਰੀਵਾਲ ਸਿਰਫ਼ ਸ਼ੋਸ਼ੇਬਾਜ਼ੀ ਦੇ ਮਾਹਿਰ ਹਨ। ਅੱਜ ਸਭ ਜਾਣਦੇ ਹਨ ਕਿ ਸੀ ਐਮ ਓ (3$®) ਨੂੰ ਕੌਣ ਚਲਾ ਰਿਹਾ ਹੈ, ਮੰਤਰੀਆਂ ਦੇ ਓ ਐਸ ਡੀ (®♥4) ਕਿੱਥੋਂ ਤੇ ਕਿਉਂ ਲਗਾਏ ਗਏ ਹਨ।ਈ ਡੀ (54) ਦੀਆਂ ਰੇਡਾਂ ਨੂੰ ਰਾਜਨੀਤਿਕ ਦਬਾਅ ਕਹਿਣ ਵਾਲੇ ਇਹ ਵੀ ਦੱਸਣ ਕਿ ਵਿਜੀਲੈਂਸ ਦੀਆਂ ਰੇਡਾਂ ਕਿਸ ਖਾਤੇ ਵਿੱਚ ਪਾਈਆਂ ਜਾਣ?

ਉਨ੍ਹਾਂ ਕਿਹਾ ਕਿ ਪੰਜਾਬ ਸਾਢੇ ਚਾਰ ਲੱਖ ਕਰੋੜ ਦੇ ਕਰਜ਼ੇ ਹੇਠ ਡੁੱਬ ਚੁੱਕਾ ਹੈ। ਪਰ ਵਿਕਾਸ ਨਾਂ ਦੀ ਕੋਈ ਚੀਜ਼ ਨਹੀਂ। ਕੇਂਦਰੀ ਯੋਜਨਾਵਾਂ ਦੇ ਨਾਮ ਬਦਲ ਕੇ ਆਪਣੀਆਂ ਦੱਸੀਆਂ ਜਾ ਰਹੀਆਂ ਹਨ। ਕੇਂਦਰ ਵੱਲੋਂ ਭੇਜੇ ਫੰਡਾਂ ਦੀ UC (Utilization Certificate) ਤੱਕ ਨਹੀਂ ਭੇਜੀ ਜਾਂਦੀ।

ਉਨ੍ਹਾਂ ਕਿਹਾ ਕਿ "ਸਿਹਤ ਕ੍ਰਾਂਤੀ" ਦੇ ਨਾਂ 'ਤੇ ਕੇਵਲ ਮੁਹੱਲਾ ਕਲੀਨਿਕ ਖੋਲੇ ਗਏ। "ਸਿੱਖਿਆ ਕ੍ਰਾਂਤੀ/ਸਿਹਤ ਕ੍ਰਾਂਤੀ ਕੇਵਲ ਰੰਗ ਬਦਲਣ ਨਾਲ ਆਉਂਦੀ ਹੁੰਦੀ ਤਾਂ ਗਿਰਗਿਟ ਸਭ ਤੋਂ ਵੱਡਾ ਕ੍ਰਾਂਤੀਕਾਰੀ ਹੁੰਦਾ।" 16 ਮੈਡੀਕਲ ਕਾਲਜਾਂ ਦਾ ਵਾਅਦਾ ਅੱਜ ਵੀ ਦੂਰਬੀਨ ਨਾਲ ਵੀ ਨਹੀਂ ਦਿੱਸਦਾ। ਨਾ ਹੀ ਔਰਤਾਂ ਨੂੰ 1000 ਰੁਪੈ ਦੇਣ ਦਾ ਵਾਅਦਾ ਪੂਰਾ ਹੋਇਆ।

ਭ੍ਰਿਸ਼ਟਾਚਾਰ 'ਤੇ ਪ੍ਰਹਾਰ ਕਰਦਿਆਂ ਉਨ੍ਹਾਂ ਕਿਹਾ ਕਿ ਰੇਤ-ਬਜਰੀ ਮਾਫੀਆ ਬੇਲਗ਼ਾਮ ਹੈ। ਵਿਜੇ ਸਿੰਗਲਾ, ਅਮਿਤ ਰਤਨ, ਫੌਜਾ ਸਿੰਘ ਸਰਾਰੀ ਵਰਗੇ ਮੰਤਰੀ ਜੇਲ੍ਹ ਕੱਟ ਚੁੱਕੇ ਹਨ। 28 ਜੂਨ 2025 ਨੂੰ ਵਿਜੇ ਸਿੰਗਲਾ ਨੂੰ ਕਲੀਨ ਚਿੱਟ ਦੇਣ ਨਾਲ ਆਪ ਦੀ "ਇਮਾਨਦਾਰ ਸਰਕਾਰ" ਵਾਲੀ ਪੋਲ ਖੁੱਲ੍ਹ ਗਈ।

ਬੇਅਦਬੀ ਮਾਮਲਿਆਂ 'ਤੇ ਉਨ੍ਹਾਂ ਕਿਹਾ ਕਿ ਆਪ ਸਰਕਾਰ ਦੀ ਨੀਅਤ 'ਤੇ ਸਵਾਲ ਖੜ੍ਹਦੇ ਹਨ। 24 ਘੰਟਿਆਂ ਵਿੱਚ ਇਨਸਾਫ਼ ਦੇ ਵਾਅਦੇ ਕਰਨ ਵਾਲਿਆਂ ਨੇ 29 ਅਪ੍ਰੈਲ 2025 ਨੂੰ ਸੁਪਰੀਮ ਕੋਰਟ 'ਚ ਟਰਾਇਲ ਰੋਕਣ 'ਤੇ ਸਹਿਮਤੀ ਕਿਉਂ ਦਿੱਤੀ? 11 ਸਾਲਾਂ ਵਿੱਚ 597 ਬੇਅਦਬੀਆਂ, ਸਿਰਫ਼ 40 ਕੇਸਾਂ ਵਿੱਚ ਸਜ਼ਾ, 99 ਬਰੀ, 131 ਅਦਾਲਤਾਂ ਵਿੱਚ, ਅਤੇ 422 ਰਫ਼ਾ-ਦਫ਼ਾ—ਇਹ ਅੰਕੜੇ ਆਪ ਦੀ ਨਾਕਾਮੀ ਬਿਆਨ ਕਰਦੇ ਹਨ।

ਪ੍ਰੋ. ਖਿਆਲਾ ਨੇ ਅੰਨ੍ਹਾ ਹਜ਼ਾਰੇ ਦੇ ਭ੍ਰਿਸ਼ਟਾਚਾਰ ਵਿਰੋਧੀ ਅੰਦੋਲਨ ਦਾ ਹਵਾਲਾ ਦਿੰਦਿਆਂ ਕਿਹਾ ਕਿ 2011 ਦੇ ਰਾਮਲੀਲ੍ਹਾ ਮੈਦਾਨ ਤੋਂ ਸ਼ੁਰੂ ਹੋਇਆ ਅੰਦੋਲਨ ਜਨ ਲੋਕਪਾਲ ਬਿੱਲ ਅਤੇ ਭ੍ਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਲਈ ਸੀ। ਪਰ 26 ਨਵੰਬਰ 2012 ਨੂੰ ਕੇਜਰੀਵਾਲ ਨੇ ਇਸ ਦਾ ਸਿਆਸੀ ਲਾਭ ਲੈ ਕੇ ਆਮ ਆਦਮੀ ਪਾਰਟੀ ਬਣਾਈ। ਉਸ ਵਕਤ ਅੰਨ੍ਹਾ ਹਜ਼ਾਰੇ ਨੇ ਖ਼ੁਦ ਕਿਹਾ ਸੀ ਕਿ ਕੇਜਰੀਵਾਲ ਨੇ ਸਿਆਸਤ ਵਿੱਚ ਆ ਕੇ ਭ੍ਰਿਸ਼ਟਾਚਾਰ ਵਿਰੋਧੀ ਅੰਦੋਲਨ ਨੂੰ ਨੁਕਸਾਨ ਪਹੁੰਚਾਇਆ।

ਉਨ੍ਹਾਂ ਕਿਹਾ ਕਿ "ਇਨਸਾਨ ਦਾ ਇਨਸਾਨ ਨਾਲ ਹੋਵੇ ਭਾਈਚਾਰਾ", "ਕੱਟੜ ਇਮਾਨਦਾਰੀ", "ਕੱਟੜ ਦੇਸ਼ਭਗਤੀ" ਅਤੇ "ਮਨੁੱਖਤਾ" ਦੇ ਨਾਅਰੇ ਦੇਣ ਵਾਲੀ ਪਾਰਟੀ ਅੱਜ ਭ੍ਰਿਸ਼ਟ, ਸਮਝੌਤਾਵਾਦੀ ਅਤੇ ਤਾਨਾਸ਼ਾਹ ਲੋਕਾਂ ਦੇ ਹੱਥਾਂ ਵਿੱਚ ਆ ਚੁੱਕੀ ਹੈ। ਇਸ ਲਈ ਅੱਜ ਪੰਜਾਬ ਦੀ ਜਨਤਾ ਕਹਿ ਰਹੀ ਹੈ— "ਰੰਗਲਾ ਨਹੀਂ, ਕੰਗਲਾ ਪੰਜਾਬ ਬਣਾਇਆ ਗਿਆ।"

'ਆਪ' ਸਰਕਾਰ ਦੇ ਜ਼ਿਆਦਾਤਰ ਐਲਾਨ ਸਿਰਫ ਕਾਗ਼ਜ਼ੀ,

# ਹਕੀਕਤ ਕੁਝ ਹੋਰ- ਗੁਰਬਾਜ਼ ਸਿੱਧੂ



**ਤਲਵੰਡੀ ਸਾਬੋ, 25 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਆਮ ਆਦਮੀ ਪਾਰਟੀ ਨੇ ਸਵਾ ਚਾਰ ਸਾਲ ਪੰਜਾਬ ਦੇ ਵਿਕਾਸ ਦੇ ਨਾਂ 'ਤੇ ਜਾਂ ਲੋਕ ਭਲਾਈ ਸਕੀਮਾਂ ਬਹਾਲ ਰੱਖਣ ਲਈ ਕੁਝ ਨਹੀ ਕੀਤਾ ਪਰ ਹੁਣ ਚੋਣ ਵਰ੍ਹੇ 'ਚ ਉਸ ਵੱਲੋਂ ਫਿਰ ਤਾਬੜਤੋੜ ਲੋਕ ਭਰਮਾਊ ਐਲਾਨ ਕੀਤੇ ਜਾ ਰਹੇ ਹਨ ਪਰ ਸੱਚ ਇਹ ਹੈ ਕਿ ਸਰਕਾਰ ਦੇ ਜ਼ਿਆਦਾਤਰ ਐਲਾਨ ਸਿਰਫ ਕਾਗਜ਼ੀ ਹਨ ਜਦੋਂਕਿ ਜ਼ਮੀਨੀ ਹਕੀਕਤ ਕੁਝ ਹੋਰ ਹੈ।ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਤੇ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਪਿੰਡਾਂ ਦੇ ਦੌਰੇ ਉਪਰੰਤ ਕੀਤਾ। ਸਿੱਧੂ ਜੋ ਕਿ ਇਲਾਕੇ ਦੇ ਕਈ ਪਿੰਡਾਂ 'ਚ ਵਰਕਰਾਂ ਤੇ ਆਮ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਭਰਨ ਪੁੱਜੇ ਸਨ ਨੇ ਬਾਅਦ ਚ ਗੱਲਬਾਤ ਦੌਰਾਨ ਕਿਹਾ ਕਿ 2022 ਵਿਧਾਨ ਸਭਾ ਚੋਣਾਂ ਵੇਲੇ ਆਮ ਆਦਮੀ ਪਾਰਟੀ ਆਗੂਆਂ ਨੇ ਸਰਕਾਰ ਬਨਣ 'ਤੇ ਔਰਤਾਂ ਨੂੰ ਹਜ਼ਾਰ ਰੁਪਿਆ ਮਹੀਨਾ ਮਾਣ ਭੱਤਾ ਦੇਣ ਦਾ ਵਾਇਦਾ ਕੀਤਾ ਜੋ ਸਵਾ ਚਾਰ ਸਾਲ ਵਿਚਾਰਿਆ ਤੱਕ ਨਹੀ ਗਿਆ ਤੇ ਹੁਣ ਵੀ ਜਦੋਂ ਵਧ ਚੜ ਕੇ ਔਰਤਾਂ ਨੂੰ ਮਾਣਭੱਤਾ ਦੇਣ ਦਾ ਪ੍ਰਚਾਰ ਕੀਤਾ ਜਾ ਰਿਹੈ ਤਾਂ ਜ਼ਮੀਨੀ ਹਕੀਕਤ ਇਹ ਹੈ ਕਿ ਬਹੁਤੇ ਇਲਾਕਿਆਂ ਚ ਇਸ ਸਬੰਧੀ ਰਜਿਸਟ੍ਰੇਸ਼ਨ ਤੱਕ ਸ਼ੁਰੂ ਨਹੀ ਹੋਈ ।ਉਨਾਂ ਕਿਹਾ ਕਿ ਇਸੇ ਤਰ੍ਹਾਂ ਮਾਲਵਾ ਨਹਿਰ ਬਣਾਉਣ ਦਾ ਐਲਾਨ, ਮੈਡੀਕਲ ਕਾਲਜ ਬਣਾਉਣ ਦੇ ਐਲਾਨ ਅਜੇ ਤੱਕ ਸਿਰਫ ਕਾਗਜ਼ੀ ਹੀ ਸਾਬਿਤ ਹੋਏ ਹਨ ਜਦੋਂਕਿ ਜ਼ਮੀਨ ਤੇ ਇਹ ਕਿਧਰੇ ਦਿਖਾਈ ਨਹੀ ਦੇ ਰਹੇ ।ਸਿੱਧੂ ਨੇ ਕਿਹਾ ਕਿ 'ਆਪ' ਸਰਕਾਰ ਨੇ ਲੋਕ ਭਾਵਨਾਵਾਂ ਨਾਲ ਖਿਲਵਾੜ ਕੀਤਾ ਹੈ ਤੇ ਇਸਦਾ ਸਬਕ ਲੋਕ 2027 ਵਿਧਾਨ ਸਭਾ ਚੋਣਾਂ ਚ ਸਿਖਾਉਣਗੇ। ਸਿੱਧੂ ਨਾਲ ਇਸ ਮੌਕੇ ਕਾਂਗਰਸੀ ਆਗੂ ਕ੍ਰਿਸ਼ਨ ਯਾਦਵ, ਹਰਦੇਵ ਸਿੰਘ ਫੌਜੀ ਸਾਬਕਾ ਸਰਪੰਚ ਨੰਗਲਾ, ਭੀਮ ਸਿੰਘ ਨੰਗਲਾ, ਭਿੰਦਰ ਸਿੰਘ ਨੰਗਲਾ, ਦਰਸ਼ਨ ਸਿੰਘ ਮੈਂਬਰ, ਗੁਰਾਦਿੱਤਾ ਸਿੰਘ ਸੀਂਗੋ, ਹੈਪੀ ਬਹਿਮਣ, ਸੁਰਜੀਤ ਸ਼ਿੰਦੀ ਜਗਾ, ਹਰਪਾਲ ਵਿਰਕ, ਟਹਿਲ ਸਿੰਘ ਲਹਿਰੀ, ਅੰਗਰੇਜ ਗਾਂਧੀ ਆਦਿ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰੀ ਹਾਈ ਸਕੂਲ ਚੱਠੇਵਾਲਾ ਦਾ ਸਲਾਨਾ ਮੈਗਜ਼ੀਨ 'ਪੁੰਗਰਦੀਆਂ ਕਲਮਾਂ-4' ਰਿਲੀਜ਼

## ਰਾਜ ਪੱਧਰੀ ਖਿਡਾਰੀਆਂ ਦਾ ਕੀਤਾ ਗਿਆ ਸਨਮਾਨ



ਤਲਵੰਡੀ ਸਾਬੋ, 25 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਸਿੱਖਿਆ ਕ੍ਰਾਂਤੀ ਪੰਜਾਬ ਤਹਿਤ ਸਕੂਲ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਲਈ ਪਹੁੰਚੇ ਪ੍ਰੋ. ਬਲਜਿੰਦਰ ਕੌਰ ਚੀਫ ਵਿਪ੍ਹ ਪੰਜਾਬ ਅਤੇ ਐਮਐਲਏ ਹਲਕਾ ਤਲਵੰਡੀ ਸਾਬੋ ਵੱਲੋਂ ਸਰਕਾਰੀ ਹਾਈ ਸਕੂਲ ਚੱਠੇਵਾਲਾ ਦੇ ਸਲਾਨਾ ਮੈਗਜ਼ੀਨ 'ਪੁੰਗਰਦੀਆਂ ਕਲਮਾਂ-4' ਰਿਲੀਜ਼ ਅਤੇ ਰਾਜ ਪੱਧਰੀ ਖਿਡਾਰੀਆਂ ਦਾ ਸਨਮਾਨ ਕੀਤਾ ਗਿਆ। ਸਕੂਲ ਮੁੱਖ ਅਧਿਆਪਕ ਸ੍ਰੀ ਵਿਜੈ ਕੁਮਾਰ ਦੀ ਅਗਵਾਈ ਵਿੱਚ ਬਣੀ ਨਵੀਂ ਇਮਾਰਤ ਦਾ ਉਦਘਾਟਨ ਕਰਨ ਉਪਰੰਤ ਪ੍ਰੋਫੈਸਰ ਬਲਜਿੰਦਰ ਕੌਰ ਵੱਲੋਂ ਨਗਰ ਨਿਵਾਸੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸਕੂਲ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ ਗਈ। ਇਸ ਤੋਂ ਇਲਾਵਾ ਸੈਸ਼ਨ 2025-26 ਬੈਸਟ ਟੀਚਰ ਅਵਾਰਡ ਪੰਜਾਬੀ ਮਿਸਟ੍ਰੈੱਸ ਸਰਬਜੀਤ ਕੌਰ ਨੂੰ ਦਿੱਤਾ ਗਿਆ। ਰਾਮਜੀਵਨ ਸਿੰਘ ਨੂੰ ਸਕੂਲ ਵਿੱਚ ਲਗਾਤਾਰ 28 ਸਾਲ ਸੇਵਾ ਨਿਭਾ ਕੇ ਪਦਉਨਤੀ ਉਪਰੰਤ ਸਨਮਾਨ ਕੀਤਾ ਗਿਆ। ਪ੍ਰੋਗਰਾਮ ਦੌਰਾਨ ਸਕੂਲੀ ਵਿਦਿਆਰਥੀਆਂ ਦੁਆਰਾ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਸ ਸਮੇਂ ਸਰਪੰਚ ਗੁਰਵਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਸ੍ਰੀਮਤੀ ਇਕਬਾਲ ਕੌਰ, ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਖੁਸ਼ਕਰਨ ਸਿੰਘ, ਪੰਚਾਇਤ ਅਤੇ ਐਸ ਐਮ ਸੀ ਮੈਂਬਰ ਸਹਿਬਾਨ, ਸਕੂਲ ਅਧਿਆਪਕਾ ਸਮਿਤਾ, ਜਸਵਿੰਦਰ ਕੌਰ, ਗੁਰਦੀਪ ਕੌਰ ਅਤੇ ਹਰਗੋਬਿੰਦ ਸਿੰਘ ਅਤੇ ਸਮੂਹ ਮਾਪੇ ਹਾਜ਼ਰ ਸਨ। ਸਟੇਜ ਸਕੱਤਰ ਦੀ ਭੂਮਿਕਾ ਗੁਰਜੰਟ ਸਿੰਘ ਡੀਪੀਈ ਮਾਸਟਰ ਵੱਲੋਂ ਬਾਖ਼ੂਬੀ ਨਿਭਾਈ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਜੱਸੀ ਸੇਖੋਂ ਨੇ ਸਰਕਾਰੀ ਸਕੂਲ ਈਸੜਾ ਵਿਖੇ ਮਿਡ ਡੇ ਮੀਲ ਦੀ ਕੀਤੀ ਚੈਕਿੰਗ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਈਸੜਾ ਵਿਖੇ ਆਪ ਦੇ ਸੀਨੀਅਰ ਆਗੂ ਜਸਵੀਰ ਸਿੰਘ ਜੱਸੀ ਸੇਖੋਂ ਮੈਂਬਰ ਫੂਡ ਕਮਿਸ਼ਨ ਪੰਜਾਬ ਨੇ ਸਰਕਾਰੀ ਸਕੂਲ ਵਿੱਚ ਚੱਲ ਰਹੀ ਮਿਡ ਡੇ ਮੀਲ ਸਕੀਮ' ਅਧੀਨ ਸਕੂਲ ਦੀ ਚੈਕਿੰਗ ਦੌਰਾਨ,ਪਾਣੀ ਦੇ ਸੈਂਪਲ,ਕਣਕ ਦੇ ਸੈਂਪਲ ਲਏ ਗਏ, ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਫੂਡ ਕਮਿਸ਼ਨ ਮੈਂਬਰ ਜੱਸੀ ਸੇਖੋਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੀ ਸਿੱਖਿਆ ਕ੍ਰਾਂਤੀ ਅਤੇ ਸਿਹਤ ਸਹੂਲਤਾਂ ਵੱਲ ਵੱਧ ਤੋਂ ਵੱਧ ਧਿਆਨ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਮਿਡ ਡੇ ਮੀਲ ਸਕੀਮ' ਅਧੀਨ ਬੱਚਿਆਂ ਲਈ ਬਣਨ ਵਾਲੇ ਖਾਣੇ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਵਰਤਣ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਗੁਰਜੀਤ ਸਿੰਘ ਜੀ ਦੇ ਲੰਬੇ ਸੰਘਰਸ਼ ਨੂੰ ਬੂਰ ਪਿਆ

## ਆਸ ਹੈ ਕਿ ਧਾਰਮਿਕ ਬੇਅਦਬੀਆਂ ਰੁਕ ਜਾਣਗੀਆਂ ਅਤੇ ਧਾਰਮਿਕ ਗ੍ਰੰਥਾਂ ਦਾ ਸਤਿਕਾਰ ਬਹਾਲ ਹੋਵੇਗਾ



ਵਾਹਿਗੁਰੂ ਜੀ ਕਾ ਖਾਲਸਾ

ਵਾਹਿਗੁਰੂ ਜੀ ਕੀ ਫਤਿਹ

ਗੁਰੂ ਪਿਆਰੇ ਖਾਲਸਾ ਸਾਧ ਸੰਗਤ ਜੀ ਭਾਈ ਗੁਰਜੀਤ ਸਿੰਘ ਜੀ ਜੋ ਲੰਬੇ ਸਮੇਂ ਤੋਂ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਸਤਿਕਾਰ ਵਾਸਤੇ ਸਰਕਾਰ ਪਾਸੋਂ ਕਾਨੂੰਨ ਬਣਾਉਣ ਲਈ ਟਾਵਰ ਉੱਪਰ ਬੈਠੇ ਹੋਏ ਸਨ ਅੱਜ ਉਹ ਆਪਣੇ ਇਸ ਸੰਘਰਸ਼ ਨੂੰ ਖਤਮ ਕਰਦਿਆਂ ਹੋਇਆਂ ਟਾਵਰ ਤੋਂ ਹੇਠਾਂ ਉਤਰੇ ਹਨ ਜਿਨਾਂ ਦੇ ਸਤਿਕਾਰ ਵਿੱਚ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਅਖੰਡ ਪਾਠ ਸਾਹਿਬ ਵੀ ਕਰਵਾਏ ਗਏ ਹਨ ਅਤੇ ਨਾਲ ਹੀ ਪੰਥ ਦੀਆਂ ਵੱਖੋ ਵੱਖਰੀਆਂ ਸ਼ਖਸ਼ੀਅਤਾਂ ਨੇ ਜਾ ਕਰਕੇ ਭਾਈ ਗੁਰਜੀਤ ਸਿੰਘ ਹੋਣਾਂ ਦੀ ਇਸ ਸਾਰੀ ਸੇਵਾ ਦੇ ਬਾਰੇ ਜਾਣਕਾਰੀ ਦਿੱਤੀ ਹੈ। ਭਾਈ ਗੁਰਜੀਤ ਸਿੰਘ ਜੀ ਹੁਣਾਂ ਵੱਲੋਂ ਕੀਤਾ ਗਿਆ ਇਹ ਲੰਬੇ ਸਮੇਂ ਦਾ ਸੰਘਰਸ਼ ਗੁਰੂ ਪ੍ਰਤੀ ਉਨਾਂ ਦੀ ਭਾਵਨਾ ਅਤੇ ਸਤਿਗੁਰੂ ਸੱਚੇ ਪਾਤਸ਼ਾਹ ਨੂੰ ਸਮਰਪਣ ਉਹ ਸਾਫ ਦਿਖਾਈ ਦਿੰਦਾ ਹੈ। ਇਸ ਦੇ ਨਾਲ ਹੀ ਜੋ ਕਾਨੂੰਨ ਸਰਕਾਰ ਦੁਆਰਾ ਪਾਸ ਕੀਤਾ ਗਿਆ ਹੈ ਉਹ ਕੇਵਲ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਵਾਸਤੇ ਨਹੀਂ ਬਾਕੀ ਧਰਮਾਂ ਦੇ ਧਰਮ ਗ੍ਰੰਥਾਂ ਮੂਰਤੀਆਂ ਅਤੇ ਉਹਨਾਂ ਦੇ ਇਸ਼ਟ ਜਿੱਥੇ ਕਿਤੇ ਵੀ ਹਨ ਸਾਰਿਆਂ ਦੇ ਉੱਪਰ ਲਾਗੂ ਹੋਵੇਗਾ੍ਰ ਇਸ ਕਾਨੂੰਨ ਦੇ ਬਣਨ ਦੇ ਨਾਲ ਆਉਣ ਵਾਲੇ ਸਮੇਂ ਦੇ ਵਿੱਚ ਜਿੱਥੇ ਧਰਮ ਜਗਤ ਦੇ ਲੋਕਾਂ ਨੂੰ ਇਹ ਆਸ ਹੈ ਕਿ ਧਾਰਮਿਕ ਬੇਅਦਬੀਆਂ ਰੁਕ ਜਾਣਗੀਆਂ ਅਤੇ ਧਾਰਮਿਕ ਗ੍ਰੰਥਾਂ ਦਾ ਸਤਿਕਾਰ ਬਹਾਲ ਹੋਵੇਗਾ ਉੱਥੇ ਨਾਲ ਹੀ ਗੰਭੀਰ ਤੌਰ ਦੇ ਉੱਪਰ ਖਾਸ ਕਰਕੇ ਸਿੱਖ ਪੰਥ ਨੂੰ ਇਸ ਕਾਨੂੰਨ ਬਾਰੇ ਗੰਭੀਰਤਾ ਨਾਲ ਵਿਚਾਰਨ ਅਤੇ ਸੋਚਣ ਦੀ ਜਰੂਰਤ ਹੈ੍ਰ ਕਿਉਂਕਿ ਲੰਬੇ ਸਮੇਂ ਤੋਂ ਭਾਰਤ ਸਰਕਾਰ ਅਤੇ ਭਾਰਤੀ ਸੰਵਿਧਾਨ ਦੇ ਅੰਦਰ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਇੱਕ ਵੱਖਰੀ ਹੋਂਦ ਵਾਸਤੇ ਖਾਲਸਾ ਪੰਥ ਹਮੇਸ਼ਾ ਸੰਘਰਸ਼ ਕਰਦਾ ਰਿਹਾ ਹੈ ਸਾਡੀ ਕੌਮ ਵੱਖਰੀ ਹੈ ਸਾਡਾ ਗ੍ਰੰਥ ਵੱਖਰਾ ਹੈ ਸਾਡੀਆਂ ਧਾਰਮਿਕ ਮਾਨਤਾਵਾਂ ਦੂਜਿਆਂ ਨਾਲੋਂ ਵੱਖਰੀਆਂ ਹਨ ਇੰਨਾ ਹੀ ਨਹੀਂ ਧਰਮ ਦੇ ਆਧਾਰ ਤੇ ਜਦੋਂ ਕਦੇ ਵੀ ਖਾਲਸਾ ਪੰਥ ਤੇ ਕੋਈ ਭੀੜ ਪਈ ਹੈ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਸਿਧਾਂਤ ਦੇ ਅਨੁਸਾਰ ਖਾਲਸੇ ਪੰਥ ਨੇ ਆਪਣੇ ਪੰਥ ਦੇ ਉੱਪਰ ਪਈਆਂ ਹੋਈਆਂ ਭੀੜਾਂ ਦਾ ਜਵਾਬ ਵੀ ਦਿੱਤਾ ਹੈ ਤੇ ਕੌਮ ਦੇ ਉੱਪਰ ਆਈਆਂ ਹੋਈਆਂ ਮੁਸ਼ਿਕਲਾਂ ਦਾ ਹੱਲ ਵੀ ਕੀਤਾ ਹੈ। ਇਸ ਕਾਨੂੰਨ ਦੇ ਲਾਗੂ ਹੋਣ ਤੋਂ ਬਾਅਦ ਹਰ ਇੱਕ ਵਿਅਕਤੀ ਨੂੰ ਇਹ ਅਧਿਕਾਰ ਹੋ ਜਾਵੇਗਾ ਕਿ ਉਹ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਸਬੰਧ ਦੇ ਵਿੱਚ ਕੋਟ ਵਿੱਚ ਕਿਸੇ ਵੀ ਮਸਲੇ ਦੇ ਉੱਪਰ ਜਿਹੜਾ ਹੈ ਉਹ ਆਪਣੀ ਐਫਆਈਆਰ ਦਾਖਲ ਕਰ ਸਕਦਾ ਹੈ। ਤੇ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਨਾਲ ਸਬੰਧਤ ਮਸਲੇ ਹੁਣ ਖਾਲਸਾ ਪੰਥ ਦੀ ਪਹੁੰਚ ਤੋਂ ਦੂਰ ਹੋ ਕੇ ਦੁਨੀਆਂ ਦੇ ਧਾਰਮਿਕ ਜੱਜਾਂ ਅਤੇ ਭਾਰਤ ਦੇ ਸੰਵਿਧਾਨ ਦੇ ਦਾਇਰੇ ਵਿੱਚ ਆ ਜਾਣਗੇ ਜਿਹਦੇ ਮੁਤਾਬਕ ਧਰਮ ਦੀਆਂ ਰੀਤਾਂ ਨੂੰ ਧਰਮ ਦੀਆਂ ਮਾਨਤਾਵਾਂ ਨੂੰ ਤੇ ਧਰਮ ਤੇ ਅਧਾਰਤ ਕੀਤੇ ਜਾਂਦੇ ਫੈਸਲਿਆਂ ਨੂੰ ਬਹੁਤ ਵੱਡਾ ਨੁਕਸਾਨ ਹੋ ਸਕਦਾ ਹੈ। ਧਰਮ ਦੇ ਫੈਸਲੇ ਭਾਰਤੀ ਸੰਵਿਧਾਨ ਦੇ ਕਾਨੂੰਨ ਦੇ ਅੰਦਰ ਕੀਤੇ ਜਾਣਗੇ ਇਸ ਦੇ ਨਾਲ ਇੱਕ ਰਸਤਾ ਇਹ ਖੁੱਲ ਜਾਂਦਾ ਹੈ ਕਿ ਕੋਈ ਵੀ ਵਿਅਕਤੀ ਕਿਸੇ ਵੀ ਧਾਰਮਿਕ ਸੰਸਥਾ ਨੂੰ ਖਾਸ ਕਰਕੇ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਨਾਲ ਸੰਬੰਧਿਤ ਮਸਲਿਆਂ ਨੂੰ ਕੋਰਟ ਵਿੱਚ ਲੈ ਕੇ ਜਾਵੇਗਾ ਅਤੇ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦਾ ਸਿਧਾਂਤ ਸਿੱਖੀ ਦਾ ਸਿਧਾਂਤ ਇੱਕ ਪਾਸੇ ਰੱਖ ਕੇ ਦੁਨੀਆਂ ਦੇ ਮਨੁੱਖ ਦੁਆਰਾ ਘੜੇ ਗਏ ਸੰਵਿਧਾਨ ਦੇ ਅਧਾਰਤ੍ਰ ਅਕਾਲ ਪੁਰਖ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਸੱਚੇ ਪਾਤਸ਼ਾਹ ਜੀ ਦੀ ਸਰਬਉਚਤਾ ਅਤੇ ਉਨਾਂ ਦਾ ਜੋ ਇੱਕ ਵਿਲੱਖਣ ਹਸਤੀ ਅਸਥਾਨ ਸੀ ਉਸ ਨੂੰ ਠੇਸ ਪਹੁੰਚਾਈ ਜਾ ਸਕਦੀ ਹੈ। ਭਾਈ ਗੁਰਜੀਤ ਸਿੰਘ ਜੀ ਦੀ ਭਾਵਨਾ ਅਤੇ ਉਹਨਾਂ ਦੀ ਧਰਮ ਪ੍ਰਤੀ ਸੁਹਿਰਦਤਾ ਦੇ ਉੱਪਰ ਕੋਈ ਵੀ ਸਵਾਲ ਖੜਾ ਨਹੀਂ ਕੀਤਾ ਜਾ ਸਕਦਾ ਪਰ ਭਾਰਤੀ ਕਾਨੂੰਨ ਦੇ ਅੰਦਰ ਸਿੱਖ ਧਰਮ ਅਤੇ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੇ ਮਸਲਿਆਂ ਦੇ ਫੈਸਲੇ ਕੀਤੇ ਜਾਣੇ ਸਿੱਖ ਰਹਿਤ ਮਰਿਆਦਾ ਅਤੇ ਧਾਰਮਿਕ ਸਿਧਾਂਤ ਦੇ ਬਿਲਕੁਲ ਉਲਟ ਜਾਣਗੇਸਿਆਣਿਆਂ ਦੀ ਇੱਕ ਕਹਾਵਤ ਹੈ ਕਿ ਗੱਲ ਸਹੇ ਦੀ ਨਹੀਂ ਗੱਲ ਪਹੇ ਦੀ ਹੁੰਦੀ ਹੈ ਉਸ ਕਹਾਵਤ ਨੂੰ ਸੱਚ ਕਰਦਿਆਂ ਹੋਇਆਂ ਇੱਕ ਵਾਰ ਰਸਤਾ ਖੁੱਲਣ ਤੇ ਉਸ ਰਸਤੇ ਦੀ ਵਰਤੋਂ ਕੌਣ ਕੌਣ ਤੇ ਕਿਸ ਕਿਸ ਢੰਗ ਨਾਲ ਕਰਦਾ ਹੈ ਇਹਦੇ ਨਤੀਜਿਆਂ ਬਾਰੇ ਪਹਿਲਾਂ ਸੋਚ ਦੇ ਵਿਚਾਰ ਬਹੁਤ ਜਰੂਰੀ ਹੁੰਦਾ ਹੈ। ਸੋ ਦਾਸ ਵੱਲੋਂ ਭਾਈ ਗੁਰਜੀਤ ਸਿੰਘ ਹੋਣਾਂ ਦੀ ਸੇਵਾ ਤੇ ਗੁਰੂ ਨੂੰ ਸਮਰਪਣ ਦੇ ਉੱਪਰ ਕਦੇ ਵੀ ਨਾ ਤੇ ਕੋਈ ਸ਼ੰਕਾ ਸੀ ਤੇ ਨਾ ਹੈ ਪਰ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਨੂੰ ਦੁਨੀਆਂ ਦੇ ਕਾਨੂੰਨ ਦੇ ਅੰਦਰ ਲੈ ਕੇ ਆਉਣਾ ਅਤੇ ਗੁਰੂ ਗ੍ਰੰਥ ਸਾਹਿਬ ਮਹਾਰਾਜ ਨਾਲ ਸੰਬੰਧਿਤ ਮਸਲਿਆਂ ਦੇ ਫੈਸਲੇ ਭਾਰਤ ਸਰਕਾਰ ਦੇ ਬਣਾਏ ਹੋਏ ਕਾਨੂੰਨਾਂ ਦੇ ਅਧੀਨ ਕਰਨੇ ਸਿੱਖ ਪੰਥ ਦੀ ਇੱਕ ਵੱਖਰੀ ਹੋਂਦ ਅਤੇ ਆਪਣੇ ਇੱਕ ਵੱਖਰੀ ਵਿਚਾਰਧਾਰਾ ਦੇ ਸੰਘਰਸ਼ ਨੂੰ ਜਰੂਰ ਕਟਹਿਰੇ ਵਿੱਚ ਖੜਾ ਕਰਦਾ ਹੈ। ਜੇਕਰ ਮੌਜੂਦਾ ਸਮੇਂ ਦੇ ਸਿੱਖਾਂ ਨੇ ਇਸ ਗੱਲ ਨੂੰ ਪ੍ਰਵਾਨ ਕਰ ਲਿਆ ਹੈ ਕਿ ਸਿੱਖਾਂ ਦੇ ਮਸਲੇ ਧੰਨ ਗੁਰੂ ਗ੍ਰੰਥ ਸਾਹਿਬ ਨਾਲ ਸੰਬੰਧਿਤ ਮਸਲੇ ਭਾਰਤ ਸਰਕਾਰ ਅਤੇ ਭਾਰਤ ਦਾ ਕਾਨੂੰਨ ਹੱਲ ਕਰੇਗਾ ਤੇ ਫਿਰ ਭਾਰਤ ਸਰਕਾਰ ਦੇ ਨਾਲ੍ਰ ਆਪਣੇ ਵੱਖਰੇ ਰਾਜ ਖਾਲਿਸਤਾਨ ਦੇ ਵਾਸਤੇ ਜੱਦੋ ਜਹਿਦ ਕਰ ਰਹੇ ਗੁਰਸਿੱਖਾ ਅਤੇ ਗੁਰੂ ਗ੍ਰੰਥ ਸਾਹਿਬ ਮਹਾਰਾਜ ਤੇ ਗੁਰੂ ਸਿਧਾਂਤ ਦੇ ਸਬੰਧ ਦੇ ਵਿੱਚ ਸ਼ਹਾਦਤਾਂ ਦੇ ਕੇ ਲੰਬੇ ਸਮੇਂ ਤੋਂ ਜੇਲ੍ਹਾਂ ਕੱਟ ਰਹੇ ਗੁਰੂ ਕੇ ਸਿੱਖਾਂ ਬਾਰੇ ਵੀ ਸੋਚਣਾ ਜਰੂਰੀ ਸਮਝਿਆ ਜਾਵੇਗਾ ਕਿਉਂਕਿ ਭਾਰਤ ਦੇ ਕਾਨੂੰਨ ਦੇ ਅਨੁਸਾਰ ਉਹਨਾਂ ਲੋਕਾਂ ਨੇ ਭਾਰਤੀ ਕਾਨੂੰਨ ਦੀ ਉਲੰਘਣਾ ਕਰਦਿਆਂ ਹੋਇਆਂ ਕਤਲ ਵਰਗੇ ਜੁਰਮ ਕੀਤੇ ਹਨ ਅਤੇ ਉਨਾਂ ਨੂੰ ਇੱਕ ਅੱਤਵਾਦੀ ਦੇ ਰੂਪ ਦੇ ਵਿੱਚ ਜੇਲ੍ਹਾਂ ਵਿੱਚ ਬੰਦ ਕੀਤਾ ਹੈ ਜਿਨਾਂ ਦੀ ਰਿਹਾਈ ਵਾਸਤੇ ਬੰਦੀ ਸਿੰਘਾਂ ਦੇ ਮੋਰਚੇ ਦੇ ਨਾਂ ਤੇ ਲੰਬੇ ਸਮੇਂ ਤੋਂ ਕੌਮ ਸੰਘਰਸ਼ ਕਰ ਰਹੀ ਹੈ। ਨਾਲ ਹੀ ਦੇਸ਼ਾਂ ਵਿਦੇਸ਼ਾਂ ਵਿੱਚ ਕੌਮੀ ਸ਼ਹੀਦਾਂ ਦੇ ਮਨਾਏ ਜਾਂਦੇ ਦਿਹਾੜੇ ਉਹਨਾਂ ਦੀ ਸ਼ਹਾਦਤ ਅਤੇ ਕੁਰਬਾਨੀ ਨੂੰ ਯਾਦ ਕਰਦਿਆਂ ਸਿੱਖੀ ਸਿਧਾਂਤ ਅਤੇ ਸਿੱਖੀ ਫਲਸਫੇ ਦੀ ਪਹਿਰਾਦਾਰੀ ਕਰਦੇ ਹਨ ਪਰ ਇਸ ਕਾਨੂੰਨ ਦੇ ਬਣਨ ਤੋਂ ਬਾਅਦ ਉਹਨਾਂ ਗੁਰਸਿੱਖਾਂ ਦੀਆਂ ਸ਼ਹਾਦਤਾਂ ਉਹਨਾਂ ਦੀਆਂ ਕੁਰਬਾਨੀਆਂ ਤੇ ਆਉਣ ਵਾਲੇ ਸਮੇਂ ਦੇ ਵਿੱਚ ਧੰਨ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਨੂੰ ਲੈ ਕਰਕੇ ਜੇਕਰ ਕੋਈ ਸਿੱਖ ਨਿੱਜੀ ਤੌਰ ਤੇ ਗੁਰੂ੍ਰ ਗ੍ਰੰਥ ਤੇ ਗੁਰੂ ਦੇ ਸਿਧਾਂਤ ਤੇ ਪਹਿਰਾ ਦਿੰਦਿਆਂ ਹੋਇਆ ਕੋਈ ਕਾਰਵਾਈ ਕਰੇਗਾ ਤੇ ਉਸ ਨੂੰ ਭਾਰਤੀ ਕਾਨੂੰਨ ਦੇ ਮੁਤਾਬਕ ਇੱਕ ਮੁਜਰਮ ਸਮਝਿਆ ਜਾਵੇਗਾ ਸੋ ਸ਼ਹੀਦਾਂ ਦੀਆਂ ਕੁਰਬਾਨੀਆਂ ਸ਼ਹੀਦਾਂ ਦੀਆਂ ਸ਼ਹਾਦਤਾਂ ਦੇ ਆਉਣ ਵਾਲੇ ਸਮੇਂ ਨੂੰ ਮੁੱਖ ਰੱਖਦਿਆਂ ਹੋਇਆਂ ਇਹ ਸਾਰੀਆਂ ਗੱਲਾਂ ਨੂੰ ਡੂੰਘੇ ਵਿਚਾਰ ਅਧੀਨ ਸਮਝ ਲੈਣਾ ਚਾਹੀਦਾ ਹੈ। ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ।

ਆਵਾਜ਼ਿ ਕੌਮ AWAZE QAUM International Newspaper & WEB TV

**-ਬਾਬਾ ਬਘੇਲ ਸਿੰਘ, ਜਥੇਦਾਰ ਧਾਰਮਿਕ ਵਿੰਗ**
**ਇੰਟਰਨੈਸ਼ਨਲ ਪੰਥਕ ਦਲ, ਇੰਗਲੈਂਡ ਅਤੇ ਯੂਰਪ**

### ਰਾਸ਼ਟਰਪਤੀ ਪੁਰਸਕਾਰ ਵਿਜੇਤਾ ਸ਼ਹੀਦ ਇੰਸਪੈਕਟਰ ਰਘਬੀਰ ਸਿੰਘ ਦੀ

# ਨੌਵੀਂ ਬਰਸੀ ਸਠਿਆਲਾ ਵਿਖੇ ਮਨਾਈ ਗਈ



**ਬਾਬਾ ਬਕਾਲਾ ਸਾਹਿਬ, 25 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਰਾਸ਼ਟਰਪਤੀ ਪੁਰਸਕਾਰ ਵਿਜੇਤਾ ਸ਼ਹੀਦ ਇੰਸਪੈਕਟਰ ਰਘਬੀਰ ਸਿੰਘ ਦੀ ਨੌਵੀਂ ਬਰਸੀ ਪਿੰਡ ਸਠਿਆਲਾ ਦੇ ਸ਼ਹੀਦਾਂ ਸਾਹਿਬ ਗੁਰਦੁਆਰਾ ਵਿਖੇ ਸ਼ਹੀਦ ਦੇ ਪੁੱਤਰ ਤਹਿਸੀਲਦਾਰ ਅੰਮ੍ਰਿਤਬੀਰ ਸਿੰਘ ਦੀ ਅਗਵਾਈ ਹੇਠ ਮਨਾਈ ਗਈ, ਜਿਸ ਵਿੱਚ ਬਾਬਾ ਲਖਵੀਰ ਸਿੰਘ, ਮਿਸਲ ਸ਼ਹੀਦਾਂ, ਤਰਨਾ ਦਲ ਗੁਰਦੁਆਰਾ

ਆਵਾਜ਼ਿ ਕੌਮ AWAZE QAUM International Newspaper & WEB TV

**ਬਾਬਾ ਲਖਵੀਰ ਸਿੰਘ, ਮੁਖੀ ਮਿਸਲ ਸ਼ਹੀਦਾਂ, ਤਰਨਾ ਦਲ ਗੁਰਦੁਆਰਾ ਮਿਸਲ ਸ਼ਹੀਦਾਂ ਨੇ ਕੀਤੀ ਵਿਸ਼ੇਸ਼**

ਮਿਸਲ ਸ਼ਹੀਦਾਂ ਨੇ ਵਿਸ਼ੇਸ਼ ਸ਼ਿਰਕਤ ਕੀਤੀ। ਬਾਬਾ ਬਕਾਲਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਲਵਿੰਦਰ ਸਿੰਘ ਕੰਵਲ ਵੱਲੋਂ ਕੀਰਤਨ ਕਰਨ ਉਪਰੰਤ ਸ਼ਹੀਦ ਸੈਨਿਕ ਪਰਿਵਾਰ ਪਰਿਸ਼ਦ ਦੇ ਜਨਰਲ ਸਕੱਤਰ ਕੁੰਵਰ ਰਵਿੰਦਰ ਵਿੱਕੀ ਅਤੇ ਨੈਸ਼ਨਲ ਅਵਾਰਡੀ ਡਾਕਟਰ ਪਰਮਜੀਤ ਸਿੰਘ ਕਲਸੀ ਦੀ ਰਹਿਨੁਮਾਈ ਹੇਠ ਸ਼ਰਧਾਂਜਲੀ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੀਆਂ ਅਹਿਮ ਹਸਤੀਆਂ ਬਾਬਾ ਲਖਬੀਰ ਸਿੰਘ ਜੀ, ਸਬ ਇੰਸਪੈਕਟਰ ਸੀ ਆਰ ਪੀ ਐਫ ਜਸਵਿੰਦਰ ਸਿੰਘ ਸਠਿਆਲਾ, ਕੈਪਟਨ ਜੋਗਿੰਦਰ ਸਿੰਘ, ਕੁੰਵਰ ਰਵਿੰਦਰ ਵਿੱਕੀ, ਇੰਸਟਰਕਟਰ ਹਰਭਜਨ ਸਿੰਘ ਨਾਗਰਾ, ਗਾਇਕ ਤੇ ਗੀਤਕਾਰ ਮੱਖਣ ਭੈਣੀਵਾਲਾ, ਸਮਾਜ ਸੇਵੀ ਤੇ ਸਾਹਿਤਕਾਰ ਸ਼ੈਲਿੰਦਰਜੀਤ ਸਿੰਘ ਰਾਜਨ, ਮੁੱਖ ਸੰਪਾਦਕ ਕਾਵਿ ਸਾਂਝਾਂ, ਪਰਸ਼ੋਤਮ ਦੜੋਚ, ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਗੁਰਦੁਆਰਾ ਦੇ ਸਾਬਕਾ ਪ੍ਰਧਾਨ ਦਿਆਲ ਸਿੰਘ ਕਲਸੀ, ਸੁਖਦੇਵ ਲਾਲ ਤਲਵੰਡੀ ਚੌਧਰੀਆਂ, ਸਰਪੰਚ ਗੁਰਵਿੰਦਰ ਸਿੰਘ ਬੱਲ, ਸਰਪੰਚ ਹਰਜਿੰਦਰ ਸਿੰਘ ਨੇ ਸ਼ਰਧਾਂਜਲੀ ਅਰਪਿਤ ਕਰਦਿਆਂ ਕਿਹਾ ਕਿ ਸ਼ਹੀਦ ਇੰਸਪੈਕਟਰ ਰਘਬੀਰ ਸਿੰਘ ਨੇ ਸੁਕਮਾ (ਛਤੀਸਗੜ੍ਹ) ਵਿਖੇ 300 ਤੋਂ ਵੱਧ ਅੱਤਵਾਦੀਆਂ ਨਾਲ ਲੋਹਾ ਲੈਂਦਿਆਂ ਸ਼ਹਾਦਤ ਪ੍ਰਾਪਤ ਕਰਕੇ ਪੂਰੇ ਭਾਰਤ ਵਿੱਚ ਇਸ ਇਲਾਕੇ ਦਾ ਨਾਂ ਰੌਸ਼ਨ ਕੀਤਾ ਹੈ, ਇਸ ਕਰਕੇ ਉਹ ਭਾਰਤ ਦਾ ਕੌਮੀ ਨਾਇਕ ਹੈ। ਉਪਰੰਤ ਵੀਰ ਨਾਰੀ ਬਲਜੀਤ ਕੌਰ ਪਤਨੀ ਸ਼ਹੀਦ ਇੰਸਪੈਕਟਰ ਰਘਬੀਰ ਸਿੰਘ ਵੱਲੋਂ ਸ਼ਹੀਦ ਇੰਸਪੈਕਟਰ ਰਘਬੀਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਤਿੰਨ ਵਿਦਿਆਰਥੀਆਂ, ਹੋਣਹਾਰ ਖਿਡਾਰੀ ਮਹਿਕਪ੍ਰੀਤ ਸਿੰਘ ਅਤੇ ਨਾਮੀ ਗਾਇਕ ਮੱਖਣ ਭੈਣੀਵਾਲਾ ਨੂੰ 2100-2100 ਰੁਪਏ ਦੀ ਨਗਦ ਰਾਸ਼ੀ, ਸਨਮਾਨ-ਪੱਤਰ ਅਤੇ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਸ਼ਹੀਦ ਦੇ ਪਰਿਵਾਰ ਵੱਲੋਂ ਬਾਬਾ ਲਖਬੀਰ ਸਿੰਘ ਜੀ ਰਾਹੀਂ ਸ਼ਹੀਦ ਪਰਿਵਾਰਾਂ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਅਸ਼ੋਕ ਚੱਕਰ ਦੇ ਪਿਤਾ ਕੈਪਟਨ ਜੋਗਿੰਦਰ ਸਿੰਘ, ਸ਼ਹੀਦ ਇੰਸਪੈਕਟਰ ਜਗਜੀਤ ਸਿੰਘ ਦੇ ਭਰਾ ਦਲਜੀਤ ਸਿੰਘ ਕੋਟਲਾ, ਸ਼ਹੀਦ ਕਾਂਸਟੇਬਲ ਮਨਦੀਪ ਕੁਮਾਰ ਦੇ ਪਿਤਾ ਨਾਨਕ ਚੰਦ, ਸ਼ਹੀਦ ਸਿਪਾਹੀ ਜਤਿੰਦਰ ਕੁਮਾਰ ਦੇ ਪਿਤਾ ਰਾਜੇਸ਼ ਕੁਮਾਰ, ਸਮਾਜ ਸੇਵਕ ਇੰਦਰਜੀਤ ਸਿੰਘ ਬਾਜਵਾ, ਕੁਲਦੀਪ ਸਿੰਘ ਸਠਿਆਲਾ, ਹਰਜਿੰਦਰ ਸਿੰਘ ਸਠਿਆਲਾ, ਬਿਕਰਮਜੀਤ ਸਿੰਘ ਬਿੱਕਾ, ਕੁੰਵਰ ਰਵਿੰਦਰ ਸਿੰਘ ਵਿੱਕੀ, ਨਾਮੀ ਲੇਖਕ ਹਰਭਜਨ ਸਿੰਘ ਨਾਗਰਾ, ਪਰਸ਼ੋਤਮ ਦੜੋਚ, ਐਡਵੋਕੇਟ ਰਣਜੀਤ ਸਿੰਘ ਰਾਣਾ, ਮਨਮੋਹਨ ਸਿੰਘ ਸਠਿਆਲਾ, ਗੁਰਮੀਤ ਸਿੰਘ ਸਾਭੀ, ਗੁਰਮੰਗਤ ਸਿੰਘ ਮੱਲੀ, ਗੁਰਦੇਵ ਸਿੰਘ ਮੰਗਾ ਉਧਨਵਾਲ, ਇੰਜੀਨੀਅਰ ਤਰਲੋਕ ਸਿੰਘ ਕਲਸੀ, ਸੁਖਦੇਵ ਲਾਲ ਤਲਵੰਡੀ ਚੌਧਰੀਆਂ, ਹੈਰੀ ਬਾਬਾ ਮੈਸਨ ਗੈਸ ਏਜੰਸੀ ਤਲਵੰਡੀ ਚੌਧਰੀਆਂ, ਸਰਪੰਚ ਗੁਰਵਿੰਦਰ ਸਿੰਘ ਬੱਲ, ਸਰਪੰਚ ਹਰਜਿੰਦਰ ਸਿੰਘ, ਸਬ ਇੰਸਪੈਕਟਰ ਜਸਵਿੰਦਰ ਸਿੰਘ ਸੀਆਰਪੀਐਫ, ਸਮਾਜ ਸੇਵੀ ਸਤਨਾਮ ਸਿੰਘ ਅਰਲੀਭੰਨ, ਉੱਘੇ ਸਾਹਿਤਕਾਰ ਸ਼ੈਲਿੰਦਰਜੀਤ ਸਿੰਘ ਰਾਜਨ, ਬੀਬੀ ਵੀਨਾ ਸੋਨੀ ਸਮਾਜ ਸੇਵੀ, ਕਸ਼ਮੀਰ ਸਿੰਘ ਕਲਸੀ ਤੇ ਸਰਵਣ ਸਿੰਘ ਕਲਸੀ ਨੂੰ ਦੁਸ਼ਾਲਾ/ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇਲਾਕੇ ਦੇ ਪੰਚ-ਸਰਪੰਚ ਤੇ ਹੋਰ ਸੰਗਤਾਂ ਨੇ ਵੀ ਆਪਣੀ ਹਾਜ਼ਰੀ ਭਰ ਕੇ ਸ਼ਹੀਦ ਪ੍ਰਤੀ ਆਪਣੀ ਸੱਚੀ-ਸੁੱਚੀ ਸ਼ਰਧਾ ਅਰਪਿਤ ਕੀਤੀ।

### ਸਿੱਖਿਆ ਕ੍ਰਾਂਤੀ ਦਾ ਦੂਜਾ ਪੜਾਅ: ਪ੍ਰੋ. ਬਲਜਿੰਦਰ ਕੌਰ ਵੱਲੋਂ

# ਪਿੰਡਾਂ ਦੇ ਸਕੂਲਾਂ ਦਾ ਦੌਰਾ, ਸਾਇੰਸ ਲੈਬਾਂ ਦਾ ਉਦਘਾਟਨ





ਤਲਵੰਡੀ ਸਾਬੋ, 25 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਹਲਕਾ ਤਲਵੰਡੀ ਸਾਬੋ ਦੀ ਵਿਧਾਇਕਾ, ਕੈਬਨਿਟ ਰੈਂਕ ਅਤੇ ਚੀਫ ਵਿਪ ਪ੍ਰੋ. ਬਲਜਿੰਦਰ ਕੌਰ ਵੱਲੋਂ ਸਿੱਖਿਆ ਖੇਤਰ ਵਿੱਚ ਚੱਲ ਰਹੀ ਸੁਧਾਰ ਪ੍ਰਕਿਰਿਆ ਨੂੰ ਹੋਰ ਮਜ਼ਬੂਤ ਕਰਨ ਲਈ ਪਿੰਡ ਮਿਰਜੇਆਣਾ, ਜਗਾ ਰਾਮ ਤੀਰਥ ਅਤੇ ਸੀਂਗੋ ਦੇ ਸਰਕਾਰੀ ਸਕੂਲਾਂ ਦਾ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਨੇ ਸਿੱਖਿਆ ਕ੍ਰਾਂਤੀ ਦੇ ਦੂਜੇ ਪੜਾਅ ਵੱਲ ਇੱਕ ਨਵਾਂ ਕਦਮ ਵਧਾਉਂਦੇ ਹੋਏ ਸਕੂਲਾਂ ਦੀਆਂ ਸਹੂਲਤਾਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਦੌਰੇ ਦੌਰਾਨ ਪ੍ਰੋ. ਬਲਜਿੰਦਰ ਕੌਰ ਨੇ ਸਕੂਲਾਂ ਦੀਆਂ ਇਮਾਰਤਾਂ, ਕਲਾਸਰੂਮਾਂ, ਸਾਫ਼-ਸਫਾਈ ਅਤੇ ਹੋਰ ਬੁਨਿਆਦੀ ਢਾਂਚੇ ਦੀ ਜਾਂਚ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਨਾਲ ਰੂਬਰੂ ਹੋ ਕੇ ਪੜ੍ਹਾਈ ਦੇ



ਮਿਆਰ, ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਭਵਿੱਖੀ ਲਕਸ਼ਾਂ ਬਾਰੇ ਵੀ ਗੱਲਬਾਤ ਕੀਤੀ। ਅਧਿਆਪਕਾਂ ਨਾਲ ਵੀ ਵਿਸਥਾਰ ਵਿੱਚ ਚਰਚਾ ਕਰਦਿਆਂ ਉਨ੍ਹਾਂ ਨੇ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਸੁਝਾਅ ਲਏ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਤਿੰਨਾਂ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਦੇ ਤਹਿਤ ਨਵੀਂ ਤਿਆਰ ਕੀਤੀਆਂ ਸਾਇੰਸ ਲੈਬਾਂ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਕਿਹਾ ਕਿ ਇਹ ਲੈਬਾਂ ਵਿਦਿਆਰਥੀਆਂ ਨੂੰ ਪ੍ਰਯੋਗਾਤਮਕ ਸਿੱਖਿਆ ਨਾਲ ਜੋੜਨ ਵਿੱਚ ਮਦਦਗਾਰ ਸਾਬਤ ਹੋਣਗੀਆਂ ਅਤੇ ਵਿਗਿਆਨ ਵਿਸ਼ੇ ਨੂੰ ਹੋਰ ਦਿਲਚਸਪ ਬਣਾਉਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਵੱਡੇ ਪੱਧਰ 'ਤੇ ਬਦਲਾਅ ਲਿਆਂਦੇ ਜਾ ਰਹੇ ਹਨ ਅਤੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ "ਸਾਡਾ ਮਕਸਦ ਹੈ ਕਿ ਪਿੰਡਾਂ ਦੇ ਬੱਚਿਆਂ ਨੂੰ ਵੀ ਸ਼ਹਿਰਾਂ ਵਰਗੀਆਂ ਉੱਚ ਦਰਜੇ ਦੀਆਂ ਸਿੱਖਿਆ ਸਹੂਲਤਾਂ ਮਿਲਣ। ਉਨ੍ਹਾਂ ਅੱਗੇ ਕਿਹਾ ਕਿ ਬੱਚਿਆਂ ਨੂੰ ਗੁਣਵੱਤਾ ਭਰੀ ਸਿੱਖਿਆ ਦੇ ਨਾਲ-ਨਾਲ ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਵੀ ਅੱਗੇ ਵਧਣ ਦੇ ਮੌਕੇ ਦਿੱਤੇ ਜਾਣਗੇ ਤਾਂ ਜੋ ਉਹ ਹਰ ਖੇਤਰ ਵਿੱਚ ਕਾਮਯਾਬ ਹੋ ਸਕਣ। ਉਨ੍ਹਾਂ ਨੇ ਸਕੂਲ ਸਟਾਫ ਨੂੰ ਵੀ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਨਵੀਆਂ ਤਕਨੀਕਾਂ ਨੂੰ ਅਪਣਾਕੇ ਬੱਚਿਆਂ ਨੂੰ ਹੋਰ ਬਿਹਤਰ ਤਰੀਕੇ ਨਾਲ ਸਿੱਖਿਆ ਦੇਣ। ਦੌਰੇ ਦੌਰਾਨ ਪਿੰਡ ਵਾਸੀਆਂ ਅਤੇ ਸਕੂਲ ਪ੍ਰਬੰਧਕਾਂ ਵੱਲੋਂ ਵਿਧਾਇਕਾ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦੀ ਸਰਾਹਨਾ ਕੀਤੀ ਗਈ। ਇਸ ਮੌਕੇ ਤਿੰਨਾਂ ਸਕੂਲ ਮੁਖੀਆਂ ਤੋਂ ਇਲਾਵਾ ਜਸਵਿੰਦਰ ਕੌਰ ਸਰਪੰਚ ਜਗਾ, ਗੁਰਤੇਜ ਸਿੰਘ ਜੋਗੇਵਾਲਾ, ਨਿੱਜੀ ਸਹਾਇਕ ਕੇਵਲ ਸਿੰਘ, ਹਰਜੀਤ ਸਿੰਘ ਸਰਾਂ, ਪ੍ਰਗਟ ਸਿੰਘ ਸੀਂਗੋ, ਕੁਲਵੰਤ ਸਿੰਘ, ਬਲਾਕ ਪ੍ਰਧਾਨ (ਸ਼ਹਿਰੀ) ਤਰਸੇਮ ਸਿੰਗਲਾ, ਬਲਾਕ ਪ੍ਰਧਾਨ ਬਿੱਕਰ ਸਿੰਘ ਨਥੇਹਾ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿਹਤ ਵਿਭਾਗ ਤਲਵੰਡੀ ਸਾਬੋ ਵੱਲੋਂ ਵਿਸ਼ਵ ਮਲੇਰੀਆ ਦਿਵਸ ਮਨਾਇਆ



**ਤਲਵੰਡੀ ਸਾਬੋ, 25 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਸਿਵਲ ਸਰਜਨ ਬਠਿੰਡਾ ਡਾ ਤਪਿੰਦਰਜੋਤ ਕੌਸ਼ਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਐਸ.ਡੀ.ਐਚ ਤਲਵੰਡੀ ਸਾਬੋ ਡਾ. ਰਵੀਕਾਂਤ ਗੁਪਤਾ ਦੀ ਅਗਵਾਈ ਹੇਠ ਬਲਾਕ ਤਲਵੰਡੀ ਸਾਬੋ ਅਧੀਨ ਖਾਲਸਾ ਸੀਨੀਅਰ ਸਕੈਂਡਰੀ ਸਕੂਲ (ਲੜਕੀਆਂ) ਤਲਵੰਡੀ ਸਾਬੋ ਵਿਖੇ ਬਲਾਕ ਪੱਧਰੀ ਵਿਸ਼ਵ ਮਲੇਰੀਆ ਦਿਵਸ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਮਨਦੀਪ ਸਿੰਘ ਮ.ਪ.ਹ.ਵ (ਮੇਲ) ਨੇ ਮਲੇਰੀਆ ਬਿਮਾਰੀ ਸਬੰਧੀ ਵਿਦਿਆਰਥੀਆਂ ਅਤੇ ਸਟਾਫ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਉਨ੍ਹਾਂ ਕਿਹਾ ਕਿ ਮਲੇਰੀਆ ਬਿਮਾਰੀ ਮੱਛਰਾਂ ਦੁਆਰਾ ਫੈਲਦੀ ਹੈ ਅਤੇ ਇਹ ਬਿਮਾਰੀ ਜ਼ਿਆਦਾਤਰ ਗਰਮੀ ਦੇ ਮੌਸਮ ਵਿੱਚ ਫੈਲਦੀ ਹੈ। ਇਸ ਤੋਂ ਬਚਾਅ ਲਈ ਸਫਾਈ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ ਅਤੇ ਘਰਾਂ ਦੇ ਆਲੇ ਦੁਆਲੇ ਪਾਣੀ ਖੜ੍ਹਾ ਨਹੀਂ ਹੋਣ ਦੇਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਮੱਛਰ ਦੇ ਜੀਵਨ ਚੱਕਰ ਬਾਰੇ ਵਿਸਥਾਰਪੂਰਵਕ ਦੱਸਿਆ ਅਤੇ ਕਿਹਾ ਕਿ ਮਲੇਰੀਆ ਦੇ ਲੱਛਣਾਂ ਵਿੱਚ ਬੁਖਾਰ, ਕੰਬਣ, ਸਿਰ ਦਰਦ ਆਦਿ ਸ਼ਾਮਲ ਹਨ। ਮਲੇਰੀਆ ਦੀ ਰੋਕਥਾਮ ਲਈ ਲੋਕਾਂ ਨੂੰ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ। ਇਸ ਮੌਕੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਵਿਦਿਆਰਥੀਆਂ ਨੂੰ ਸੈਮੀਨਾਰ ਰਾਹੀਂ ਜਾਣਕਾਰੀ ਦਿੱਤੀ ਗਈ ਅਤੇ ਪੋਸਟਰਾਂ ਰਾਹੀਂ ਵੀ ਜਾਗਰੂਕ ਕੀਤਾ ਗਿਆ। ਉਨ੍ਹਾਂ ਕਿਹਾ ਕਿ ਘਰ ਅਤੇ ਆਲੇ ਦੁਆਲੇ ਸਫਾਈ ਰੱਖੋ, ਪਾਣੀ ਇਕੱਠਾ ਨਾ ਹੋਣ ਦਿਓ ਅਤੇ ਮੱਛਰਾਂ ਤੋਂ ਬਚਾਅ ਲਈ ਮੱਛਰਦਾਨੀ ਦਾ ਪ੍ਰਯੋਗ ਕਰੋ। ਇਸ ਮੌਕੇ ਸਿਹਤ ਕਰਮਚਾਰੀਆਂ ਵੱਲੋਂ ਵਿਦਿਆਰਥੀਆਂ ਨੂੰ ਮਲੇਰੀਆ ਤੋਂ ਬਚਾਅ ਸਬੰਧੀ ਪੰਫਲਿਟ ਵੀ ਵੰਡੇ ਗਏ। ਇਸ ਮੌਕੇ ਮੌਜੂਦ ਸਟਾਫ ਮੈਂਬਰਾਂ ਵਿੱਚ ਸ੍ਰੀਮਤੀ ਗੁਰਮੀਤ ਕੌਰ ਬੀ.ਈ.ਈ, ਸ੍ਰੀਮਤੀ ਰਮਨਦੀਪ ਕੌਰ ਸੀ.ਐੱਚ.ਓ, ਸ੍ਰੀ ਅਮਨਦੀਪ ਸਿੰਘ ਮ.ਪ.ਹ.ਵ (ਮੇਲ), ਸ੍ਰੀ ਗੁਰਪ੍ਰੀਤ ਸਿੰਘ ਮ.ਪ.ਹ.ਵ (ਮੇਲ), ਸ੍ਰੀ ਗੁਰਸੇਵਕ ਸਿੰਘ ਮ.ਪ.ਹ.ਵ (ਮੇਲ) ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਲੋੜਵੰਦ ਧੀ ਦਾ ਕਰਵਾਇਆ ਆਨੰਦ ਕਾਰਜ



**ਚੌਕ ਮਹਿਤਾ 24 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਦੱਖਣੀ ਦੇ ਗੁਰਦੁਆਰਾ ਸਾਹਿਬ ਗੁਰੂ ਅਰਜਨ ਦੇਵ ਜੀ ਨਗਰ ਤਰਨ ਤਾਰਨ ਰੋਡ ਦੇ ਮੁੱਖ ਸੇਵਾਦਾਰ ਬਾਬਾ ਹਰਪਾਲ ਸਿੰਘ ਦੀ ਅਗਵਾਈ ਹੇਠ ਇਲਾਕਾ ਵਾਸੀਆਂ ਦੇ ਸਹਿਯੋਗ ਸਦਕਾ ਲੋੜਵੰਦ ਧੀ ਗੰਗਾ ਦਾ ਆਨੰਦ ਕਾਰਜ ਕਾਕਾ ਨਾਲ ਕਰਵਾਇਆ ਗਿਆ ਇਸ ਮੌਕੇ ਜਾਣਕਾਰੀ ਦਿੰਦਿਆਂ ਹਰਪਾਲ ਸਿੰਘ ਮੁੱਖ ਸੇਵਾਦਾਰ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿਖੇ ਇਹ ਆਨੰਦ ਕਾਰਜ ਬਹੁਤ ਹੀ ਸਾਦੇ ਢੰਗ ਨਾਲ ਕਰਵਾਇਆ ਗਿਆ ਹੈ ਅਤੇ ਗੁਰਦੁਆਰਾ ਸਾਹਿਬ ਵਿਖੇ ਲਾਵਾ ਫੇਰੇ ਕਰਵਾਏ ਗਏ ਉਪਰੰਤ ਲੜਕੀ ਨੂੰ ਦਾਜ ਦਾ ਘਰੇਲੂ ਸਮਾਨ ਦਿੱਤਾ ਗਿਆ ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਹੀ ਲੜਵੰਦ ਧੀਆਂ ਦੇ ਆਨੰਦ ਕਾਰਜ ਕਰਦੇ ਰਹਿਣਗੇ ਇਸ ਤੋਂ ਪਹਿਲਾ ਵੀ ਲੋੜ੍ਹਵੰਦ ਲੜਕੀ ਦਾ ਵਿਆਹ ਕਰਵਾ ਚੁੱਕੇ ਹਨ ਇਸ ਮੌਕੇ ਭਾਈ ਹਰਜੀਤ ਸਿੰਘ ਵਰਪਾਲ, ਭਾਈ ਸੁਖਦੇਵ ਸਿੰਘ, ਬਿੱਲਾ ਵੀਰ, ਫ਼ੌਜੀ ਵੀਰ, ਪ੍ਰਕਾਸ਼ ਸਿੰਘ, ਪ੍ਰਭਜੀਤ ਸਿੰਘ, ਪਰਦੀਪ ਸਿੰਘ, ਕਿਰਪਾਲ ਸਿੰਘ ਬੀਬੀ ਸੁੱਖ ਜੀ, ਗੁਰਦੀਪ ਸਿੰਘ ਦੋਧੀ, ਭਾਈ ਰਾਮ ਸਿੰਘ, ਹਰਦੀਪ ਸਿੰਘ ਦੀਪਾ ਦਾ ਵਿਸ਼ੇਸ਼ ਸਹਿਯੋਗ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਨਵ ਸੇਵਾ ਉੱਤਮ ਸੇਵਾ ਵੱਲੋਂ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦਾ ਮੈਂਬਰ ਨਿਯੁਕਤ ਹੋਣ ਤੇ ਜਤਿੰਦਰ ਸਿੰਘ ਸ਼ੰਟੀ ਨੂੰ ਕੀਤਾ ਸਨਮਾਨਿਤ

**ਨਾਭਾ, 25 ਅਪ੍ਰੈਲ** -ਬੀਤੀ ਦਿਨੀ ਭਾਰਤ ਸਰਕਾਰ ਵੱਲੋਂ ਜਤਿੰਦਰ ਸਿੰਘ ਸ਼ੰਟੀ (ਪਦਮ ਸ਼੍ਰੀ) ਸਮਾਜ ਪ੍ਰਤੀ ਵਧੀਆ ਸੇਵਾਵਾਂ ਨੂੰ ਵੇਖਦੇ ਹੋਏ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦਾ ਮੈਂਬਰ ਨਿਯੁਕਤ ਕੀਤਾ ਗਿਆ। ਜਿਸ ਨੂੰ ਲੈ ਕੇ ਹਰ ਵਰਗ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ। ਇਸ ਮੌਕੇ ਹਲਕਾ ਨਾਭਾ ਤੋਂ ਸਮਾਜ ਭਲਾਈ ਦੇ ਕਾਰਜ ਕਰ ਰਹੀ ਮਾਨਵ ਸੇਵਾ ਉੱਤਮ ਸੇਵਾ ਸਟੇਟ ਐਵਾਰਡੀ ਸੰਸਥਾ ਵੱਲੋਂ ਨਵ ਨਿਯੁਕਤ ਪੰਜਾਬ ਸਟੇਟ ਹਿਊਮਨ ਰਾਈਟਸ ਦੇ ਮੈਂਬਰ ਲੱਗਣ ਤੇ ਵਧਾਈਆਂ ਦਿੱਤੀਆਂ ਅਤ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਸਨਮਾਨਿਤ ਕਰਨ ਉਪਰੰਤ ਮੁੱਖ ਸੇਵਾਦਾਰ ਵਿਕਾਸ ਮਿੱਤਲ ਅਤੇ ਸੁਨੀਲ ਗੁਪਤਾ ਨੇ ਕਿਹਾ ਕਿ ਇਹਨਾਂ ਵੱਲੋਂ ਕਰੋਨਾ ਸਮੇਂ ਵਿੱਚ ਜਿਨਾਂ ਇਨਸਾਨ ਦੀ ਮੌਤ ਹੋ ਜਾਂਦੀ ਸੀ ਤਾਂ ਇਹਨਾਂ ਵੱਲੋਂ ਉਨਾਂ ਦਾ ਸੰਸਕਾਰ ਕੀਤਾ ਜਾਂਦਾ ਸੀ। ਜਦ ਕਿ ਉਸ ਸਮੇਂ ਘਰ ਦਾ ਇਨਸਾਨ ਵੀ ਆਪਣੇ ਪਰਿਵਾਰਿਕ ਮੈਂਬਰ ਨੂੰ ਹੱਥ ਨਹੀਂ ਲਗਾਉਂਦਾ ਸੀ। ਉਨ੍ਹਾਂ ਕਿਹਾ ਕਿ ਇਹਨਾਂ ਦੀਆਂ ਹੋਰ ਵੀ ਸਮਾਜ ਪ੍ਰਤੀ ਸੇਵਾਵਾਂ ਨੂੰ ਵੇਖਦੇ ਹੋਏ ਮੈਂਬਰ ਨਿਯੁਕਤ ਕੀਤਾ ਗਿਆ ਹੈ। ਸਨਮਾਨਿਤ ਹੋਣ ਉਪਰੰਤ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਮੈਂਬਰ ਜਤਿੰਦਰ ਸਿੰਘ ਸ਼ੰਟੀ ਨੇ ਮਾਨਵ ਸੇਵਾ ਉੱਤਮ ਸੇਵਾ ਦੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕਮਿਸ਼ਨ ਪੰਜਾਬ ਵਿੱਚ ਜੀਵਨ, ਆਜ਼ਾਦੀ, ਸਮਾਨਤਾ ਅਤੇ ਮਨੁੱਖੀ ਸਨਮਾਨ ਦੀ ਰੱਖਿਆ ਲਈ ਕੰਮ ਕਰਦਾ ਹੈ। ਇਹ ਸੰਵਿਧਾਨਿਕ ਹੱਕਾਂ ਦੀ ਉਲੰਘਣਾ (ਜਿਵੇਂ ਕਿ ਪੁਲਿਸ ਹਿਰਾਸਤ, ਹਸਪਤਾਲ ਦੀ ਲਾਪਰਵਾਹੀ, ਜਾਂ ਪ੍ਰਸ਼ਾਸਨਿਕ ਵਧੀਕੀਆਂ) ਦੇ ਮਾਮਲਿਆਂ ਦੀ ਜਾਂਚ ਕਰਦਾ ਹੈ, ਸ਼ਿਕਾਇਤਾਂ ਸੁਣਦਾ ਹੈ, ਛਾਪੇਮਾਰੀ ਕਰਦਾ ਹੈ, ਅਤੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਸਿਫ਼ਾਰਸ਼ਾਂ ਕਰਦਾ ਹੈ। ਉਨ੍ਹਾਂ ਕਿਹਾ ਕਿ ਸ਼ਿਕਾਇਤਾਂ ਦੀ ਸੁਣਵਾਈ: ਕਮਿਸ਼ਨ ਨਾਗਰਿਕਾਂ ਵੱਲੋਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਸੰਬੰਧੀ ਕੀਤੀਆਂ ਸ਼ਿਕਾਇਤਾਂ 'ਤੇ ਕਾਰਵਾਈ ਕਰਦਾ ਹੈ।

### ਅਖੰਡ ਕੀਰਤਨੀ ਜਥਾ ਵਿਸ਼ਵਵਿਆਪੀ 31 ਮੈਂਬਰੀ ਕਮੇਟੀ ਵਲੋਂ

# ਭਾਰਤ ਦੀ 11 ਮੈਂਬਰੀ ਕਮੇਟੀ ਭੰਗ ਕਰਕੇ ਨਵੀਂ 5 ਮੈਂਬਰੀ ਕਮੇਟੀ ਬਣਾਈ ਗਈ

**☛ ਗੁਰਦੁਆਰਾ ਰਾਮਸਰ ਸਾਹਿਬ ਵਿਖੇ ਕੀਰਤਨ ਵਿਚ ਖੱਲਲ ਪਾਉਣ ਵਾਲਿਆਂ ਦੀ ਨਿਸ਼ਾਨਦੇਹੀ ਕਰਕੇ ਉਨਾਂ ਖਿਲਾਫ਼ ਕੀਤੀ ਜਾਏਗੀ ਲੋੜੀਂਦੀ ਕਾਰਵਾਈ ☛ ਪੰਜ ਪਿਆਰਿਆਂ ਵੱਲੋਂ ਨਿਸ਼ਕਾਮ ਕੀਰਤਨ ਕਰਨ ਦਾ ਹੁਕਮ ਅਖੰਡ ਕੀਰਤਨੀ ਜਥੇ ਦੇ ਕੀਰਤਨੀ ਸਿੰਘ ਸਿੰਘਣੀਆਂ ਉੱਤੇ ਰਹੇਗਾ ਲਾਗੂ**

ਨਵੀਂ ਦਿੱਲੀ 25 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਪੰਥ ਦੀ ਪ੍ਰਮੁੱਖ ਜੱਥੇਬੰਦੀ ਅਖੰਡ ਕੀਰਤਨੀ ਜਥਾ (ਵਿਸ਼ਵ ਵਿਆਪੀ) 31 ਮੈਂਬਰੀ ਕਮੇਟੀ ਦੀ ਇਕ ਅਹਿਮ ਵਰਚੁਅਲ ਮੀਟਿੰਗ ਵਿੱਚ ਜੱਥੇਬੰਦੀ ਦੀ ਚੜ੍ਹਦੀਕਲਾ ਅਤੇ ਕੁਝ ਅਹਿਮ ਮੁੱਦਿਆਂ ਉਪਰ ਸਰਬ ਸੰਮਤੀ ਨਾਲ ਫੈਸਲੇ ਕੀਤੇ ਗਏ। ਇੰਨ੍ਹਾ ਫੈਸਲਿਆ ਵਿਚ ਭਾਰਤ ਦੇਸ਼ ਅੰਦਰ ਕੰਮ ਕਰ ਰਹੀ 11 ਮੈਂਬਰੀ ਕਮੇਟੀ ਨੂੰ ਖ਼ਤਮ ਕਰਦਿਆਂ 5 ਮੈਂਬਰੀ ਕਮੇਟੀ ਨੂੰ ਦੇਸ਼ ਅੰਦਰ ਜੱਥੇਬੰਦੀ ਦੀ ਦੇਖ ਰੇਖ ਦੇ ਅਧਿਕਾਰ ਦਿੱਤੇ ਗਏ ਹਨ। ਇਸ ਬਾਰੇ ਅਖੰਡ ਕੀਰਤਨੀ ਜਥਾ ਵਿਸ਼ਵਵਿਆਪੀ 31 ਮੈਂਬਰੀ ਕਮੇਟੀ ਵਲੋਂ ਭਾਈ ਅਵਤਾਰ ਸਿੰਘ ਮੱਲੀਆਂ ਵਾਲੇ ਦੇ ਦਸਤਖਤ ਹੇਠ ਜਾਰੀ ਹੋਏ ਪੱਤਰ ਵਿਚ ਲਿਖਿਆ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਵੈਸਾਖੀ ਸਮਾਗਮ ਤੇ ਪੰਜ ਪਿਆਰਿਆਂ ਵੱਲੋਂ ਦਿੱਤੇ ਗਏ ਹੁਕਮ ਅਨੁਸਾਰ ਭਾਰਤ ਵਿਚ ਅਖੰਡ ਕੀਰਤਨੀ ਜਥੇ ਦੇ ਪ੍ਰਬੰਧ ਅਤੇ ਹੋਰ ਪੰਥਕ ਮਸਲਿਆਂ ਨੂੰ ਨਜਿੱਠਣ ਲਈ ਭਾਈ ਅਵਤਾਰ ਸਿੰਘ ਮੱਲੀਆਂ ਦੀ ਅਗਵਾਈ ਵਿੱਚ ਹੇਠ ਲਿਖੇ ਪੰਜ ਸਿੰਘਾਂ ਭਾਈ ਅਵਤਾਰ ਸਿੰਘ ਮੱਲੀਆਂ ਅੰਮ੍ਰਿਤਸਰ, ਭਾਈ ਰਵਿੰਦਰ ਸਿੰਘ ਖੰਡੇ ਵਾਲ਼ੇ ਲੁਧਿਆਣਾ, ਭਾਈ ਗੁਰਚਰਨ ਸਿੰਘ ਉੱਚੀ ਮੰਗਲੀ ਲੁਧਿਆਣਾ, ਭਾਈ ਅਰਵਿੰਦਰ ਸਿੰਘ ਰਾਜਾ ਦਿੱਲੀ, ਭਾਈ ਧਨਵੰਤ ਸਿੰਘ ਅੰਮ੍ਰਿਤਸਰ ਦੀ ਚੋਣ ਕੀਤੀ ਗਈ। ਇਹ ਪੰਜ ਸਿੰਘ ਭਾਰਤ ਵਿੱਚ ਅਖੰਡ ਕੀਰਤਨੀ ਜਥੇ ਦੇ ਸਮਗਮਾਂ ਦੇ ਪ੍ਰਬੰਧਕ ਮਸਲਿਆਂ ਅਤੇ ਪੰਥਿਕ ਕਾਰਜਾਂ ਵਿੱਚ ਸੇਵਾਵਾਂ ਨਿਭਾਉਣਗੇ ਅਤੇ ਅਖੰਡ ਕੀਰਤਨੀ ਜਥਾ 31 ਮੈਂਬਰੀ ਵਿਸ਼ਵ ਵਿਆਪੀ ਕਮੇਟੀ ਅੰਤਰਰਾਸ਼ਟਰੀ ਪੱਧਰ ਤੇ ਪਹਿਲਾਂ ਦੀ ਤਰਾਂ ਹੀ ਸੇਵਾਵਾਂ ਨਿਭਾਉਂਦੀ ਰਹੇਗੀ। ਅਖੰਡ ਕੀਰਤਨੀ ਜੱਥਾ ਵਿਸ਼ਵ ਵਿਆਪੀ 31 ਮੈਂਬਰੀ ਕਮੇਟੀ ਵੱਲੋਂ ਵਿਚਾਰਨ ਅਤੇ ਸਹਿਮਤੀ ਉਪਰੰਤ ਹੀ ਕੋਈ ਵੀ ਪੱਤਰ ਜਾਂ ਪ੍ਰੈਸ ਨੋਟ, ਜਥੇ ਦੀ ਮੀਡੀਆ ਟੀਮ ਵਲੋਂ, ਭਾਈ ਅਵਤਾਰ ਸਿੰਘ ਜੀ ਦੇ ਦਸਤਖਤਾਂ ਹੇਠ 31 ਮੈਂਬਰੀ ਕਮੇਟੀ ਦੇ ਲੈਟਰ ਪੈਡ ਤੇ ਜਾਰੀ ਕੀਤਾ ਜਾਵੇਗਾ। ਭਾਈ ਬਖਸ਼ੀਸ਼ ਸਿੰਘ ਜੀ ਸਾਬਕਾ ਜਥੇਦਾਰ ਨੂੰ ਸੰਨ 2022 ਵਿੱਚ ਜਥੇਦਾਰੀ ਦੀ ਸੇਵਾ ਤੋਂ ਮੁਕਤ ਕੀਤਾ ਜਾ ਚੁੱਕਾ ਹੈ। ਉਹ ਜਥੇ ਵਿਚ ਇਕ ਸਧਾਰਨ ਮੈਂਬਰ ਵਜੋਂ ਹੀ ਸੇਵਾ ਨਿਭਾਉਣਗੇ। ਜਥੇ ਵਿਚ ਉਹਨਾਂ ਦਾ ਪੂਰਾ ਸਤਿਕਾਰ ਹੈ ਪਰ ਜਥੇ ਦੇ ਪ੍ਰਬੰਧ ਵਿਚ ਉਹਨਾਂ ਦੀ ਕੋਈ ਵੀ ਦਖਲਅੰਦਾਜ਼ੀ ਨਹੀਂ ਹੋਵੇਗੀ। 1978 ਦੇ ਸ਼ਹੀਦ ਸਿੰਘਾਂ ਅਤੇ ਖਾਲਸਾ ਸਾਜਨਾ ਦਿਵਸ ਵੈਸਾਖੀ ਸਬੰਧੀ ਸ੍ਰੀ ਰਾਮਸਰ ਸਾਹਿਬ ਵਿਖੇ ਹੋ ਰਹੇ ਕੀਰਤਨ ਸਮਾਗਮ ਵਿੱਚ ਕੁਝ ਲੋਕਾਂ ਵਲੋਂ ਵਿਘਨ ਪਾਉਣ ਦੀ ਨਾਕਾਮ ਕੋਸ਼ਿਸ਼ ਕੀਤੀ ਗਈ। ਗੁਰੂ ਸਾਹਿਬ ਜੀ ਦੀ ਅਪਾਰ ਕਿਰਪਾ ਨਾਲ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਦੇ ਮੈਨੇਜਰ ਸਾਹਿਬ ਅਤੇ ਸਟੇਜ ਦੀ ਸੇਵਾ ਨਿਭਾਅ ਰਹੇ ਪ੍ਰਬੰਧਕਾਂ ਨੇ ਬੜੇ ਸੁਚੱਜੇ ਢੰਗ ਨਾਲ ਸਮਾਗਮ ਨੂੰ ਨਿਰਵਿਘਨਤਾ ਸਹਿਤ ਸੰਪੂਰਨ ਕਰਵਾਇਆ ਅਤੇ ਸਮਾਗਮ ਵਿੱਚ ਵਿਘਨ ਪਾਉਣ ਵਾਲੇ ਦੇ ਪ੍ਰਾਣੀਆਂ ਉੱਤੇ ਗੁਰਮਤਿ ਅਨੁਸਾਰ ਕਾਰਵਾਈ ਹੋ ਗਈ ਹੈ। ਬਾਕੀ ਹੋਰਨਾ ਦੀ ਨਿਸ਼ਾਨਦੇਹੀ ਕਰਕੇ ਉਨਾਂ ਖਿਲਾਫ਼ ਵੀ ਗੁਰਮਤਿ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਸ੍ਰੀ ਅਨੰਦਪੁਰ ਸਾਹਿਬ ਸਮਾਗਮ ਸਮੇਂ ਪੰਜ ਪਿਆਰਿਆਂ ਵੱਲੋਂ ਨਿਸ਼ਕਾਮ ਕੀਰਤਨ ਕਰਨ ਦਾ ਹੁਕਮ ਅਖੰਡ ਕੀਰਤਨੀ ਜਥੇ ਦੇ ਕੀਰਤਨੀ ਸਿੰਘ ਸਿੰਘਣੀਆਂ ਉੱਤੇ ਅਤੇ ਜਥੇ ਦੇ ਸਮਾਗਮਾਂ ਵਿੱਚ ਲਾਗੂ ਹੈ।

### ਪੰਜਾਬ ਸਰਕਾਰ ਦੁਆਰਾ ਕਰਵਾਏ ਗਏ ਵੇਸਟ ਟੂ ਬੈਸਟ ਇਨੋਵੇਸ਼ਨ ਚੈਲਜ ਦੇ ਅਧੀਨ ਹੋਏ ਮੁਕਾਬਲਿਆਂ ਚ ਸੇਂਟ ਸੋਲਜਰ ਸਕੂਲ ਦੀਆਂ

# ਲੜਕੀਆਂ ਨੇ ਅਵਾਰਡ ਦੇ ਨਾਲ 7500 ਰੁ: ਦਾ ਇਨਾਮ ਵੀ ਜਿੱਤਿਆ




ਜੰਡਿਆਲਾ ਗੁਰੂ 25 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਪੰਜਾਬ ਸਰਕਾਰ ਦੁਆਰਾ ਕਰਵਾਏ ਗਏ ਵੇਸਟ ਟੂ ਬੈਸਟ ਇਨੋਵੇਸ਼ਨ ਚੈਲਜ ਜਿਸ ਅਧੀਨ ਧਰਤੀ,ਪਾਣੀ ਅਤੇ ਹਵਾ ਸਮੇਤ ਵਾਤਾਵਰਨ ਦੀ ਸਾਂਭ ਸੰਭਾਲ ਸਬੰਧੀ ਕਵਿਤਾ ਮੁਕਾਬਲੇ ਅਤੇ ਵੇਸਟ ਟੂ ਬੈਸਟ ,ਵਿਅਰਥ ਚੀਜ਼ਾਂ ਨੂੰ ਰੀਸਾਈਕਲ ਕਰਕੇ ਮਾਡਲ ਬਣਾਉਣ ਦਾ ਪ੍ਰੋਜੈਕਟ ਦਿੱਤਾ ਗਿਆ । ਜਿਲ੍ਹਾ ਸਿੱਖਿਆ ਅਫਸਰ ਰਾਜੇਸ਼ ਸ਼ਰਮਾ ਦੀ ਯੋਗ ਅਗਵਾਈ ਵਿੱਚ ਇਸ ਪ੍ਰੋਗਰਾਮ ਵਿੱਚ ਲਗਭਗ 45 ਸਕੂਲਾਂ ਨੇ ਭਾਗ ਲਿਆ। ਇਸ ਪ੍ਰੋਗਰਾਮ ਦਾ ਸਿਰਲੇਖ " ਹਵਾ ਪਾਣੀ ਜਮੀਨ ਪੰਜਾਬ ਰੱਖੇ ਹਸੀਨ" ਸੀ। ਇਸ ਮੁਕਾਬਲੇ ਵਿੱਚ ਸੇਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੀਆਂ ਵਿਦਿਆਰਥਣਾਂ ਨੇ ਕਵਿਤਾ ਮੁਕਾਬਲੇ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਵੇਸ ਟੂ ਬੈਸਟ ਮੁਕਾਬਲੇ ਵਿੱਚ ਸਕੂਲ ਦੀਆਂ ਵਿਦਿਆਰਥਨਾ ਇਬਾਦਤ ਕੌਰ, ਪਵਨਦੀਪ ਕੌਰ ਅਤੇ ਰਵਰੋਜ ਕੌਰ ਨੇ ਪਲਾਸਟਿਕ ਦੀਆਂ ਟਾਈਲਾਂ, ਜੋ ਕਿ ਘਰ ਵਿੱਚ ਇਸਤੇਮਾਲ ਹੋ ਜਾਂਦੀਆਂ ਹਨ ਅਤੇ ਰਬੜ ਤੋਂ ਰਬੜ ਸੜਕ ਬਣਾਈ ਜੋ ਕਿ ਖੇਡ ਮੈਦਾਨਾਂ ਚ ਇਸਤੇਮਾਲ ਕੀਤੀ ਜਾ ਸਕਦੀ ਹੈ ਅਤੇ ਗੰਨੇ ਦੇ ਛਿਲਕੇ ਤੋਂ ਡਿਸਪੋਜੀਬਲ ਪਲੇਟਸ ਤੇ ਕੱਪ ਬਣਾਏ ਗਏ। ਫੁੱਲਾਂ ਤੋਂ ਪਰਫਿਊਮ, ਕਲਰ ਪ੍ਰਿੰਟਿੰਗ ਅਤੇ ਖੂਬਸੂਰਤੀ ਵਧਾਉਣ ਵਾਸਤੇ ਫੇਸ ਮਾਸਕ ਵੀ ਬਣਾਏ ਗਏ। ਬੱਚਿਆਂ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਸਦਕਾ ਇਸ ਮੁਕਾਬਲੇ ਵਿੱਚ ਦੂਸਰਾ ਸਥਾਨ ਹਾਸਿਲ ਕੀਤਾ। ਇਨ ਸਪੋਕਸਮੈਨ ਟੀਮ ਵੱਲੋਂ ਮੌਕੇ ਤੇ ਹੀ ਟਰੋਫੀ ਅਤੇ ਨਾਲ 7500 ਰੁਪਏ ਦਾ ਚੈੱਕ ਦਿੱਤਾ ਗਿਆ। ਜਿਸ ਵਾਸਤੇ ਸਕੂਲ ਮੈਨੇਜਮੈਂਟ ਕਮੇਟੀ ਨੇ ਰਾਜੇਸ਼ ਸ਼ਰਮਾ (ਡੀ.ਈ.ਓ ਅੰਮ੍ਰਿਤਸਰ )ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਜਿਨਾਂ ਦੇ ਯਤਨਾ ਸਦਕਾ ਬੱਚਿਆਂ ਨੂੰ ਪ੍ਰੋਜੈਕਟ ਬਣਾ ਕੇ ਆਪਣੀ ਕਲਾ ਨੂੰ ਵਿਖਾਉਣ ਦਾ ਮੌਕਾ ਮਿਲਿਆ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ, ਸਮੂਹ ਸਟਾਫ ਅਤੇ ਬੱਚਿਆਂ ਨੇ ਜੇਤੂ ਬੱਚਿਆਂ ਦਾ ਸ਼ਾਨਦਾਰ ਸਵਾਗਤ ਕੀਤਾ। ਸਕੂਲ ਮੈਨੇਜਮੈਂਟ ਵੱਲੋਂ ਜੇਤੂ ਬੱਚਿਆਂ ਨੂੰ ਸ਼ਾਬਾਸ਼ੀ ਅਤੇ ਵਧਾਈ ਦਿੱਤੀ ਗਈ ਅਤੇ ਸਬੰਧਤ ਅਧਿਆਪਕਾਂ ਦੀ ਮਿਹਨਤ ਨੂੰ ਵੀ ਸਰਾਹਿਆ ਗਿਆ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਸੰਦੀਪ ਸ਼ਰਮਾ, ਸ਼ਿਲਪਾ ਸ਼ਰਮਾ ਕੁਆਰਡੀਨੇਟਰ, ਨੀਲਾਕਸ਼ੀ ਗੁਪਤਾ ਕੁਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਨਵਾਂ ਬੇਅਦਬੀ ਕਾਨੂੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਹਰ ਸ਼ਰਧਾਲੂ ਸਿੱਖ ਵਿੱਚ ਸਟੇਟ ਦੀ ਘੁਸਪੈਠ : ਸਰਨਾ



**ਨਵੀਂ ਦਿੱਲੀ, 25 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਮੰਗਲਵਾਰ ਨੂੰ ਪੰਜਾਬ ਦੇ ਨਵੇਂ ਬਣਾਏ ਗਏ ਬੇਅਦਬੀ ਕਾਨੂੰਨ ਵਿੱਚ ਉਪਬੰਧਾਂ 'ਤੇ ਇਤਰਾਜ਼ ਜਤਾਇਆ ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਹਰੇਕ ਸਰੂਪ ਦੇ ਕੇਂਦਰੀ ਡਿਜੀਟਲ ਰਜਿਸਟਰ ਨੂੰ ਲਾਜ਼ਮੀ ਬਣਾਉਂਦਾ ਹੈ ਉਹਨਾਂ ਇਸਨੂੰ "ਗੁਰੂ ਅਤੇ ਸਿੱਖ ਦੇ ਪਵਿੱਤਰ ਰਿਸ਼ਤੇ ਵਿੱਚ ਰਾਜ ਦੀ ਘੁਸਪੈਠ" ਕਿਹਾ ਜੋ ਹੁਣ ਰਾਜਪਾਲ ਦੀ ਸਹਿਮਤੀ ਤੋਂ ਬਾਅਦ ਲਾਗੂ ਹੋਇਆ ਹੈ । ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਅਧੀਨ ਪੰਜਾਬ ਵਿਧਾਨ ਸਭਾ ਦੁਆਰਾ ਪਾਸ ਕੀਤਾ ਗਿਆ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਹਰੇਕ ਸਰੂਪ ਦੇ ਸਥਾਨ ਅਤੇ ਗਤੀਵਿਧੀ ਦਾ ਵੇਰਵਾ ਦੇਣ ਵਾਲਾ ਜਨਤਕ ਤੌਰ 'ਤੇ ਪਹੁੰਚਯੋਗ ਡਿਜੀਟਲ ਰਿਕਾਰਡ ਰੱਖਣ ਦੀ ਲੋੜ ਹੈ। ਸਰਨਾ ਨੇ ਕਿਹਾ ਕਿ ਅਜਿਹੀ ਵਿਵਸਥਾ ਸ਼ਰਧਾ ਨੂੰ ਨਿਯਮ ਵਿੱਚ ਬਦਲਣ ਦਾ ਜੋਖਮ ਰੱਖਦੀ ਹੈ। ਉਨ੍ਹਾਂ ਕਿਹਾ ਗੁਰੂ ਨੂੰ ਇੱਕ ਟਰੈਕੇਬਲ ਢਾਂਚੇ ਦੇ ਅੰਦਰ ਰੱਖਣਾ ਗੰਭੀਰ ਚਿੰਤਾਵਾਂ ਪੈਦਾ ਕਰਦਾ ਹੈ, ਕੋਈ ਵੀ ਧਾਰਮਿਕ ਪਰੰਪਰਾ ਇਸਦੀ ਸਭ ਤੋਂ ਪਵਿੱਤਰ ਮੌਜੂਦਗੀ ਦੇ ਰਾਜ ਨਾਲ ਜੁੜੇ ਦਸਤਾਵੇਜ਼ਾਂ ਨੂੰ ਸਵੀਕਾਰ ਨਹੀਂ ਕਰੇਗੀ ਉਨ੍ਹਾਂ ਨੇ ਕਾਨੂੰਨ ਦੀ ਬੇਅਦਬੀ ਦੀ ਵਿਆਪਕ ਪਰਿਭਾਸ਼ਾ ਨੂੰ ਵੀ ਉਜਾਗਰ ਕੀਤਾ, ਜਿਸ ਵਿੱਚ ਨਾ ਸਿਰਫ਼ ਸਰੀਰਕ ਕਾਰਵਾਈਆਂ ਸ਼ਾਮਲ ਹਨ ਬਲਕਿ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀਆਂ ਬੋਲੀਆਂ, ਲਿਖਤਾਂ, ਪ੍ਰਤੀਕਾਤਮਕ ਜਾਂ ਇਲੈਕਟ੍ਰਾਨਿਕ ਪ੍ਰਗਟਾਵਾ ਵੀ ਸ਼ਾਮਲ ਹਨ। ਸਰਨਾ ਨੇ ਕਿਹਾ ਇਸ ਵਿਆਪਕਤਾ ਦੀ ਪਰਿਭਾਸ਼ਾ ਵਿਆਖਿਆ ਲਈ ਬਹੁਤ ਕੁਝ ਛੱਡ ਦਿੰਦੀ ਹੈ। ਇਹ ਦੁਰਵਰਤੋਂ ਦੀ ਸੰਭਾਵਨਾ ਨੂੰ ਖੋਲ੍ਹਦੀ ਹੈ ਜਿੱਥੇ ਪ੍ਰਗਟਾਵੇ ਜਾਂ ਚਰਚਾ ਨੂੰ ਅਪਰਾਧਿਕ ਕਾਰਵਾਈਆਂ ਵਿੱਚ ਖਿੱਚਿਆ ਜਾ ਸਕਦਾ ਹੈ । ਉਹਨਾਂ ਅੱਗੇ ਕਿਹਾ ਕਿ ਕਾਨੂੰਨ ਅਪਰਾਧਾਂ ਨੂੰ ਹੋਰ ਵੀ ਗੰਭੀਰ ਅਤੇ ਗੈਰ-ਜ਼ਮਾਨਤੀ ਵਜੋਂ ਸ਼੍ਰੇਣੀਬੱਧ ਕਰਦਾ ਹੈ, ਜਿਸਦੀ ਜਾਂਚ ਡਿਪਟੀ ਸੁਪਰਡੈਂਟ ਰੈਂਕ ਜਾਂ ਇਸ ਤੋਂ ਉੱਪਰ ਦੇ ਪੁਲਿਸ ਅਧਿਕਾਰੀਆਂ ਦੁਆਰਾ ਕੀਤੀ ਜਾਣੀ ਚਾਹੀਦੀ ਹੈ। ਇਸਨੂੰ ਇੱਕ ਸੰਵੇਦਨਸ਼ੀਲ ਖੇਤਰ ਵਿੱਚ ਰਾਜ ਸ਼ਕਤੀ ਦਾ ਵਿਸਥਾਰ ਦੱਸਦੇ ਹੋਏ, ਸਰਨਾ ਨੇ ਟਿੱਪਣੀ ਕੀਤੀ ਕਿ ਅਜਿਹੇ ਪ੍ਰਬੰਧਾਂ ਨੂੰ ਸੰਜਮ ਦੀ ਲੋੜ ਹੁੰਦੀ ਹੈ। ਉਹਨਾਂ ਕਿਹਾ ਕਾਨੂੰਨੀ ਤਾਕਤ ਵਿਸ਼ਵਾਸ ਦੀ ਥਾਂ ਨਹੀਂ ਲੈ ਸਕਦੀ, ਖਾਸ ਕਰਕੇ ਜਿੱਥੇ ਧਾਰਮਿਕ ਵਿਸ਼ਵਾਸ ਦਾ ਸਬੰਧ ਹੈ। ਉਹਨਾਂ ਕਾਨੂੰਨ ਦੇ ਪਿੱਛੇ ਦੀ ਪ੍ਰਕਿਰਿਆ 'ਤੇ ਵੀ ਸਵਾਲ ਉਠਾਏ, "ਕਿ ਇਸ ਵਿੱਚੋਂ ਵਿਆਪਕ ਪੰਥਕ ਸਲਾਹ-ਮਸ਼ਵਰਾ ਗਾਇਬ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਸਬੰਧਤ ਇੱਕ ਮਾਮਲਾ ਸੰਸਥਾਵਾਂ ਵਿੱਚ ਸਮੂਹਿਕ ਵਿਚਾਰ-ਵਟਾਂਦਰੇ ਦੀ ਮੰਗ ਕਰਦਾ ਹੈ। ਪਰ ਵਿਚਾਰ ਚਰਚਾ ਨੂੰ ਨਜਰ ਅੰਦਾਜ ਕੀਤਾ ਗਿਆ ਹੈ।

# ਪੰਜਾਬ ਚ ਸਭਿਆਚਾਰ ਦੇ ਨਾ ਤੇ ਕੁੱਝ ਗਾਇਕਾ ਵੱਲੋਂ ਪੰਜਾਬ ਦੀ ਨੌਜਵਾਨੀ ਨੂੰ ਕੁਰਾਹੇ ਪਾਇਆ ਜਾ ਰਿਹਾ ਸੈਂਸਰ ਬੋਰਡ ਸਾਫ ਸੁਥਰੇ ਸਭਿਆਚਾਰ ਨੂੰ ਪ੍ਰਮੋਟ ਕਰੇ

## ਸਮਾਜ ਨੂੰ ਗੰਦਲਾ ਕਰਨ ਵਾਲੇ ਗੀਤਕਾਰਾਂ ਤੇ ਸਰਕਾਰ ਕਰੇ ਕਾਰਵਾਈ ਮਨੁੱਖੀ ਅਧਿਕਾਰ ਕਮਿਸ਼ਨ ਜਿਲ੍ਹਾ ਫਿਰੋਜ਼ਪੁਰ ਕੋਰ ਕਮੇਟੀ ਮੈਂਬਰ ਬਾਬਾ ਸਤਨਾਮ ਸਿੰਘ ਜੀ ਵੱਲੀਆਂ



**ਜੰਡਿਆਲਾ ਗੁਰੂ, 25 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਸਭਿਆਚਾਰ ਨੂੰ ਪੂਰੀ ਦੁਨੀਆ ਵਿੱਚ ਵੱਖ ਵੱਖ ਐਂਗਲਾਂ ਤੋਂ ਵੇਖ ਕਿ ਪਸੰਦ ਕੀਤਾ ਜਾਂਦਾ ਹੈ ਅਤੇ ਪੰਜਾਬੀ ਜਿਹੜੇ ਵੀ ਮੁਲਕ ਵਿੱਚ ਗਏ ਉੱਥੇ ਹੀ ਆਪਣੀ ਪਹਿਚਾਣ ਆਪਣੇ ਸਭਿਆਚਾਰ ਤੋਂ ਕਰਵਾਉਣੀ ਬਿਹਤਰ ਸਮਝਦੇ ਸਨ ਕਿਉਂਕਿ ਵਿਦੇਸ਼ਾਂ ਵਿੱਚ ਪੰਜਾਬ ਤੋਂ ਗਏ ਪੰਜਾਬੀਆਂ ਦੇ ਮੂੰਹ ਤੋਂ ਜਦੋਂ ਇਹ ਗੱਲ ਸੁਣਨ ਨੂੰ ਮਿਲਦੀ ਸੀ ਕਿ ਬੇਸ਼ੱਕ ਪੰਜਾਬ ਦਾ ਇਹ ਮਸਿੰਦਾ ਵਿਦੇਸ ਵਿੱਚੋਂ ਘੁੰਮ ਆਇਆ ਪਰ ਆਪਣੀ ਮਾਂ ਬੋਲੀ ਤੇ ਸਭਿਆਚਾਰ ਨੂੰ ਨਹੀਂ ਛੱਡਿਆ ਇਸ ਗੱਲ ਤੇ ਪੰਜਾਬੀਆਂ ਨੂੰ ਮਾਣ ਹੈ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਅਤੇ ਮਨੁੱਖੀ ਅਧਿਕਾਰ ਕਮਿਸ਼ਨ ਜਿਲ੍ਹਾ ਫਿਰੋਜ਼ਪੁਰ ਕੋਰ ਕਮੇਟੀ ਮੈਂਬਰ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਨੇ ਅੱਗੇ ਕਿਹਾ ਕਿ ਇਸੇ ਮਾਂ ਬੋਲੀ ਅਤੇ ਪੰਜਾਬ ਦੇ ਸਭਿਆਚਾਰ ਨੇ ਵੱਖ ਵੱਖ ਹਿੱਸਿਆਂ ਵਿੱਚ ਉਸ ਮਸਿੰਦੇ ਨੂੰ ਵੱਖ ਵੱਖ ਕਾਰੋਬਾਰਾਂ ਵਿੱਚ ਖੜ੍ਹਾ ਕੀਤਾ ਜਿਸ ਵਿੱਚ ਗਾਇਕੀ ਵੀ ਮੰਨੀ ਗਈ ਜਿਸ ਵਿੱਚ ਧਾਰਮਿਕ ਗੀਤ ਲੋਕ ਕਲਚਰ ਗੀਤ ਤੇ ਪੰਜਾਬ ਦੇ ਸਭਿਆਚਾਰ ਨਾਲ ਜੁੜੇ ਪੁਰਾਤਨ ਪ੍ਰੀਵਾਰਕ ਗੀਤ ਜੋ ਪਰਿਵਾਰ ਵਿੱਚ ਸਮਾਜ ਵਿੱਚ ਖੜ੍ਹ ਕਿ ਸੁਣੇ ਜਾ ਸਕਦੇ ਸਨ ਪਰ ਕੁਝ ਸਮੇਂ ਤੋਂ ਗਾਇਕ ਰਫਲਾਂ ਗੋਲੀਆਂ ਬੰਦੂਕਾਂ ਕਤਲਾਂ ਤੋਂ ਲੈ ਕਿ ਪਤਾ ਨਹੀਂ ਕਿਹੜੇ ਕਿਹੜੇ ਪੰਜਾਬੀ ਚ ਕਹਿੰਦੇ ਹੁੰਦੇ ਊਟ ਪਟਾਂਗ ਬੋਲ ਕਿ ਸਿਰਫ ਪੈਸੇ ਇਕੱਠੇ ਕਰਨ ਤੱਕ ਸੀਮਿਤ ਰਹਿ ਗਏ ਅੱਗੇ ਬਾਬਾ ਸਤਨਾਮ ਸਿੰਘ ਜੀ ਨੇ ਕਿਹਾ ਕਿ ਹੁਣ ਤਾਂ ਹੱਦ ਟੱਪ ਗਈ ਕਿ ਜਦੋਂ ਪੰਜਾਬੀਆਂ ਦਾ ਆਪਸ ਵਿੱਚ ਕਿਸੇ ਗੱਲ ਤੋਂ ਲੈ ਕਿ ਟਕਰਾਅ ਹੋ ਜਾਣਾ ਤਾਂ ਉਸ ਟਕਰਾਅ ਵਿੱਚ ਬੋਲੇ ਗਏ ਭੈੜੇ ਸਬਦ ਜਿਸ ਨੂੰ ਪੰਜਾਬੀ ਗਾਲਾਂ ਵੀ ਕਹਿੰਦੇ ਹਨ ਪਰ ਨਵੇਂ ਤੇ ਪੜ੍ਹੇ ਲਿਖੇ ਗਾਇਕ ਗੰਦੀਆਂ ਗਾਲਾਂ ਨੂੰ ਹੀ ਸਾਜਾਂ ਦੀਆਂ ਸੁਰਾਂ ਵਿੱਚ ਕੱਢ ਕਿ ਉਸ ਨੂੰ ਪੰਜਾਬੀ ਗੀਤ ਦਾ ਰੂਪ ਦੇ ਰਹੇ ਹਨ ਅਤੇ ਪੰਜਾਬ ਦੇ ਪੜ੍ਹੇ ਲਿਖੇ ਸੂਝਵਾਨ ਲੋਕ ਉਸ ਗਾਇਕ ਦੇ ਬੋਲੇ ਗੰਦੇ ਗਾਣਿਆਂ ਨੂੰ ਸੁਣ ਕਿ ਉਸ ਗਾਇਕ ਨੂੰ ਪ੍ਰਮੋਟ ਕਰ ਰਹੇ ਹਨ ਅਤੇ ਸੋਸਲ ਮੀਡੀਆ ਦਾ ਜਮਾਨਾ ਹੋਣ ਕਾਰਨ ਹਰੇਕ ਵੱਡਾ ਛੋਟਾ ਸਮਾਜ ਸੇਵਕ ਰਾਜਨੀਤਿਕ ਧਾਰਮਿਕ ਸਖਸ਼ੀਅਤਾਂ ਸੋਸਲ ਮੀਡੀਆ ਚਲਾਉਦੀਆਂ ਹਨ ਪਰ ਕਈ ਵਾਰ ਤਾਂ ਐਸੇ ਗੰਦੇ ਗੀਤ ਸੋਸਲ ਮੀਡੀਆ ਤੇ ਵਾਇਰਲ ਹੁੰਦੇ ਹਨ ਜੇਕਰ ਉਹ ਗੀਤ ਕੁਝ ਸੈਕਿੰਡ ਹੀ ਫੋਨ ਤੇ ਚਲ ਜਾਵੇ ਤਾਂ ਪ੍ਰੀਵਾਰ ਵਿੱਚ ਬੈਠਿਆਂ ਦਾ ਸਿਰ ਸਰਮ ਨਾਲ ਝੁਕ ਜਾਂਦਾ ਹੈ ਕਿਉਕਿ ਇਸ ਤਰ੍ਹਾਂ ਦੇ ਗੀਤ ਨੂੰ ਸਮਾਜ ਦੇ ਵੱਡੀ ਤਾਦਾਦ ਚ ਲੋਕ ਗਲਤ ਸਮਝਦੇ ਹਨ ਅੱਗੇ ਬਾਬਾ ਸਤਨਾਮ ਸਿੰਘ ਜੀ ਨਾ ਕਿਹਾ ਕਿ ਸਰਕਾਰ ਤੇ ਗੀਤਾਂ ਨੂੰ ਮੰਨਜੂਰੀ ਦੇਣ ਵਾਲਾ ਬੋਰਡ ਨੂੰ ਇਨਾਂ ਗਾਈਕਾਂ ਵੱਲ ਵਿਸ਼ੇਸ ਤੌਰ ਤੇ ਧਿਆਨ ਦਿੱਤਾ ਜਾਵੇ ਤਾਂ ਜੋ ਗੰਦ ਘੋਲਣ ਵਾਲੇ ਗਾਇਕ ਆਪਣੇ ਗੀਤ ਰਾਹੀਂ ਸਮਾਜ ਨੂੰ ਗੰਦਲਾ ਬਣਾ ਰਹੇ ਹਨ ! ਜਿਸ ਦੀ ਘੋਰ ਸਬਦਾਂ ਵਿੱਚ ਨਿੰਦਾ ਕੀਤੀ ਜਾਂਦੀ ਹੈ !

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸ਼੍ਰੋਮਣੀ ਅਕਾਲੀ ਦਲ ਨਗਰ ਕੌਂਸਲ ਦੀਆਂ 15 ਵਾਰਡਾਂ ਚ ਆਪਣੇ ਉਮੀਦਵਾਰ ਖੜੇ ਕਰੇਗਾ

# ਰਵਿੰਦਰਪਾਲ ਸਿੰਘ ਕੁੱਕੂ ਦੀ ਅਗਵਾਈ 'ਚ ਬਹੁਮਤ ਹਾਸਲ ਕਰੇਗਾ



ਜੰਡਿਆਲਾ ਗੁਰੂ 25 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ ) ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਨੂੰ ਲੈਕੇ ਵੱਖ ਵੱਖ ਸਿਆਸੀ ਪਾਰਟੀਆਂ ਵਲੋਂ ਸਰਗਰਮੀਆ ਤੇਜ ਕਰ ਦਿੱਤੀਆਂ ਗਈਆਂ ਹਨ ਇਸੇ ਲੜੀ ਦੇ ਤਹਿਤ ਬੀਤੇ ਕਲ੍ਹ ਸ਼੍ਰੋਮਣੀ ਅਕਾਲੀ ਦਲ ਹਲਕਾ ਜੰਡਿਆਲਾ ਗੁਰੂ ਦੇ ਇੰਚਾਰਜ ਸੰਦੀਪ ਸਿੰਘ ਏ ਆਰ ਵੱਲੋ ਇਕ ਮੀਟਿੰਗ ਵਾਰਡ ਨੰਬਰ 9 ਵਿਖੇ ਪੁਰਾਣੇ ਸਰਗਰਮ ਅਕਾਲੀ ਆਗੂ ਸੋਨੂੰ ਬਰਾੜ ਦੇ ਗ੍ਰਹਿ ਵਿਖੇ ਕੀਤੀ ।ਇਸ ਮੌਕੇ ਓਹਨਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਆਮ ਆਦਮੀ ਪਾਰਟੀ ਅਤੇ ਕਾਂਗਰਸ ਦੇ ਝੂਠੇ ਲਾਰਿਆਂ ਤੋਂ ਜਨਤਾ ਪ੍ਰੇਸ਼ਾਨ ਹੋ ਚੁੱਕੀ ਹੈ ਅਤੇ ਇਥੋਂ ਤਕ ਕਿ ਖੁਦ ਆਪ ਦੇ 7 ਸੰਸਦ ਮੈਂਬਰਾਂ ਨੇ ਪਾਰਟੀ ਦੀਆਂ ਗਲਤ ਨੀਤੀਆਂ ਦੇ ਕਾਰਨ ਪਾਰਟੀ ਨੂੰ ਅਲਵਿਦਾ ਕਹਿ ਦਿੱਤਾ ਹੈ । ਜੰਡਿਆਲਾ ਗੁਰੂ ਨਗਰ ਕੌਂਸਲ ਚੋਣਾਂ ਦੌਰਾਨ ਅਕਾਲੀ ਦਲ ਅਤੇ ਕਾਂਗਰਸ ਦੇ ਗਠਜੋੜ ਨੂੰ ਨਕਾਰਦੇ ਹੋਏ ਓਹਨਾਂ ਕਿਹਾ ਕਿ ਅਕਾਲੀ ਦਲ ਨਗਰ ਕੌਂਸਲ ਦੀਆਂ 15 ਵਾਰਡਾਂ ਵਿਚ ਆਪਣੇ ਉਮੀਦਵਾਰ ਖੜੇ ਕਰੇਗੀ ਅਤੇ ਸ਼ਹਿਰ ਵਿਚ ਸ਼੍ਰੀ ਰਵਿੰਦਰਪਾਲ ਕੁੱਕੂ ਸਾਬਕਾ ਪ੍ਰਧਾਨ ਨਗਰ ਕੌਂਸਲ ਦੀ ਅਗਵਾਈ ਹੇਠ ਭਾਰੀ ਬਹੁਮਤ ਹਾਸਲ ਕਰੇਗੀ ।ਸੋਨੂੰ ਬਰਾੜ ਨੇ ਕਿਹਾ ਕਿ ਪਾਰਟੀ ਜੌ ਵੀ ਓਹਨਾ ਦੀ ਡਿਊਟੀ ਲਗਾਵੇਗੀ ਉਹ ਉਸਤੇ ਪੂਰਾ ਖਰਾ ਉਤਰਨਗੇ । ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰ ਤਰਲੋਕ ਸਿੰਘ, ਪ੍ਰੀਕਸ਼ਤ ਸਰਮਾ,ਜਰਨੈਲ ਸਿੰਘ, ਸਾਬੀ ਵਕੀਲ, ਗੋਲਡੀ,ਸਰਮਾ,ਰੌਕ, ਕਮਲ, ਹਰੀਸ, ਬਿਕਰਮ, ਗਗਨ, ਕੀਰਤ, ਹੈਪੀ,ਜਤਿਨ,ਹਰਪਰੀਤ,ਜੋਬਨ, ਕਸਮੀਰਾ,ਸੋਨੂੰ,ਇੰਦਰਜੀਤ ਆਦਿ ਹਾਜਰ ਸਨ !

**ਹਲਕਾ ਇੰਚਾਰਜ ਸੰਦੀਪ ਸਿੰਘ ਏ ਆਰ ਨੇ ਨਗਰ ਕੌਂਸਲ ਚੋਣਾਂ ਚ ਅਕਾਲੀ ਦਲ ਤੇ ਕਾਂਗਰਸ ਦੇ ਗਠਜੋੜ ਨੂੰ ਨਕਾਰਿਆ**

ਅੰਮ੍ਰਿਤਸਰ ਪ੍ਰਸਾਸਨ ਵੱਲੋਂ ਗੁਰੂ ਨਗਰੀ ਚ ਮੀਟ ਮੱਛੀ ਪਾਨ ਬੀੜੀਆਂ ਤਮਾਕੂ ਦੀਆਂ

# ਦੁਕਾਨਾਂ ਸੀਲ ਕਰਨ ਦੀ ਕਾਰਵਾਈ ਸ਼ਲਾਘਾਯੋਗ : ਰਣਜੀਤ ਸਿੰਘ ਭੋਮਾ



ਜੰਡਿਆਲਾ ਗੁਰੂ, 25 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )- ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਹੋਇਆ ਸਮਾਜ ਸੁਧਾਰ ਸੰਸਥਾ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦਾ ਐਲਾਨ ਕੀਤਾ ਗਿਆ ਸੀ ਜਿਸ ਐਲਾਨ ਤੇ ਕੁਝ ਮਹੀਨਿਆਂ ਬਾਅਦ ਕਾਰਵਾਈ ਕਰਦਿਆ ਹੋਇਆ ਅੰਮ੍ਰਿਤਸਰ ਸਾਹਿਬ ਜੀ ਦੇ ਪ੍ਰਸਾਸਨ ਵੱਲੋਂ ਮੀਟ ਮੱਛੀ ਪਾਨ ਬੀੜੀਆਂ ਤਮਾਕੂ ਦੀਆਂ ਦੁਕਾਨਾਂ ਸੀਲ ਕਰ ਦਿੱਤੀਆਂ ਗਈਆਂ ਜੋ ਸ਼ਲਾਘਾਯੋਗ ਕਦਮ ਹੈ ਅੱਗੇ ਪ੍ਰਧਾਨ ਭੋਮਾ ਨਾ ਕਿਹਾ ਕਿ ਚੌਂਕ ਮਹਾ ਸਿੰਘ ਵਿੱਚ ਸਰਾਬ ਦੇ ਠੇਕੇ ਬੰਦ ਕਰਕੇ ਸੁੰਦਰ ਸੁਨਿਹਰੀ ਗੇਟ ਬਣਾਇਆ ਜਾਵੇ ਤੇ ਠੰਡੇ ਜਲ ਦੀਆਂ ਛਬੀਲਾ ਲਗਾਈਆਂ ਜਾਣ ਅੱਗੇ ਉਨਾਂ ਕਿਹਾ ਕਿ ਇਸ ਮਸਲੇ ਨੂੰ ਲੈ ਕਿ ਸਮਾਜ ਸੁਧਾਰ ਸੰਸਥਾ ਵੱਲੋਂ 15 ਸਾਲਾਂ ਤੋਂ ਅਵਾਜ਼ ਬੁਲੰਦ ਕਰਕੇ ਮੌਕੇ ਦੀਆਂ ਸਰਕਾਰਾਂ ਨੂੰ ਬਹੁਤ ਵਾਰ ਮੰਗ ਪੱਤਰ ਦਿੱਤੇ ਗਏ ਸਨ ਅਤੇ ਮੰਗ ਕੀਤੀ ਗਈ ਸੀ ਕਿ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਸ੍ਰੀ ਅੰਮ੍ਰਿਸਰ ਸਾਹਿਬ ਤੇ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਤੇ ਸ੍ਰੀ ਦੁਰਗਿਆਣਾ ਮੰਦਰ ਦੇ ਦਰਸਨ ਕਰਨ ਲਈ ਦੇਸ ਵਿਦੇਸ ਤੋ ਸੰਗਤਾਂ ਹਵਾਈ ਜਹਾਜ਼ਾਂ ਰੇਲਾਂ ਬੱਸਾਂ ਆਦਿ ਵਹੀਕਲਾਂ ਰਾਹੀਂ ਆਉਦੀਆਂ ਹਨ ਅਤੇ ਸੰਗਤਾਂ ਦੇ ਦਰਸ਼ਨ ਕਰਨ ਜਾਣ ਆਉਣ ਵਾਲਿਆਂ ਰਸਤਿਆਂ ਚ ਵੱਖ ਵੱਖ ਬਜਾਰਾਂ ਚੋਕ ਮਹਾ ਸਿੰਘ ,ਸੇਰਾ ਵਾਲਾ ਗੇਟ , ਹਾਲ ਗੇਟ , ਕਹੀਆਂ ਵਾਲਾ ਬਜਾਰ ਤੇ ਜਲੇਬੀਆਂ ਵਾਲੇ ਚੌਂਕ ਚ ਚੱਲ ਰਹੀਆ ਪਾਨ ਬੀੜੀਆਂ ਤਮਾਕੂ ਮੀਟ ਮੱਛੀ ਸਰਾਬ ਦੇ ਠੇਕੇ ਦੀਆਂ ਦੁਕਾਨਾਂ ਮੱਥੇ ਲੱਗਣ ਨਾਲ ਸਰਧਾ ਭਾਵਨਾ ਨੂੰ ਭਾਰੀ ਠੇਸ ਪਹੁੰਚਦੀਆਂ ਸਨ ਅਤੇ ਇਨਾਂ ਦੁਕਾਨਾਂ ਨੂੰ ਪੱਕੇ ਤੌਰ ਬੰਦ ਕਰਕੇ ਗੁਰੂ ਨਗਰੀ ਸ੍ਰੀ ਅੰਮ੍ਰਿਸਰ ਸਾਹਿਬ ਜੀ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੀ ਮੰਗ ਅਰਦਾਸਾਂ ਬੇਨਤੀਆਂ ਤੇ ਮੰਗ ਪੱਤਰ ਦੇ ਕੀਤੀਆਂ ਗਈਆਂ ਸਨ ਪਰ ਪਿਛਲੀਆਂ ਸਰਕਾਰ ਵੱਲੋਂ ਗੁਰੂ ਨਗਰੀ ਨੂੰ ਪਵਿੱਤਰਤਾ ਬਹਾਲੀ ਲਾਗੂ ਕਰਨ ਲਈ ਕੋਈ ਧਿਆਨ ਨਹੀਂ ਦਿੱਤਾ ਗਿਆ ਪਰ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਵੱਲੋਂ 15 ਸਾਲਾਂ ਦੀ ਮੰਗ ਨੂੰ ਪ੍ਰਵਾਨ ਕਰਕੇ ਪਿਛਲੇ ਚਾਰ ਮਹੀਨਿਆਂ ਤੋ ਸ੍ਰੀ ਅੰਮਿਤਸਰ ਸਾਹਿਬ ਜੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦਾ ਐਲਾਨ ਕੀਤਾ ਗਿਆ ਸੀ ਪਰ ਐਲਾਨ ਹੋਣ ਤੋਂ ਬਾਅਦ ਚ ਦੇਸ ਵਿਦੇਸ ਦੀਆਂ ਸੰਗਤਾਂ ਦੇ ਮਨਾਂ ਵਿੱਚ ਬਹੁਤ ਖੁਸ਼ੀ ਪਾਈ ਗਈ ਸੀ ਪਰ ਜੋ ਦੁਕਾਨਾਂ ਮੀਟ ਮੱਛੀ ਪਾਨ ਬੀੜੀਆਂ ਤਮਾਕੂ ਸਰਾਬ ਦੇ ਠੇਕੇ ਵਾਲਿਆਂ ਦੁਕਾਨਾਂ ਚਲਾ ਰਹੇ ਸਨ ! ਉਨ੍ਹਾਂ ਦੁਕਾਨਦਾਰਾ ਵੱਲੋਂ ਸਰਕਾਰ ਦੇ ਫੈਸਲੇ ਤੇ ਦੁਕਾਨਾਂ ਬੰਦ ਕਰਨ ਦਾ ਵਿਰੋਧ ਕੀਤਾ ਗਿਆ ਤੇ ਪਵਿੱਤਰ ਸ਼ਹਿਰ ਦਾ ਦਰਜਾ ਐਲਾਨ ਨੂੰ ਵਾਪਸ ਲੈਣ ਲਈ ਕਿਹਾ ਗਿਆ ਅਤੇ ਇਸ ਐਲਾਨ ਨੂੰ ਠੰਡੇ ਬਸਤੇ ਵਿੱਚ ਪਾਉਣ ਲਈ ਅੱਡੀ ਚੋਟੀ ਦਾ ਵਿਰੋਧ ਕਰਕੇ ਜੋਰ ਲਾਇਆ ਗਿਆ ਪਰ ਅਸੀਂ ਸਮਾਜ ਸੁਧਾਰ ਸੰਸਥਾ ਪੰਜਾਬ ਤੇ ਹੋਰ ਜਥੇਬੰਦੀਆਂ ਵੱਲੋਂ ਉਨ੍ਹਾਂ ਦੁਕਾਨਦਾਰਾਂ ਵਿਰੁੱਧ ਜ਼ਿਲ੍ਹਾ ਪ੍ਰਸ਼ਾਸਨਕ ਸ੍ਰੀ ਅੰਮ੍ਰਿਸਰ ਸਾਹਿਬ ਨੂੰ ਪਹਿਲ ਦੇ ਅਧਾਰ ਤੇ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕਰਾਉਣ ਲਈ 31 ਮਾਰਚ ਨੂੰ ਅਰਦਾਸ ਕਰਕੇ ਪੱਕਾ ਮੋਰਚਾ ਲਗਾਉਣ ਦਾ ਅਲਟੀਮੇਟ ਦਿੱਤਾ ਗਿਆ ਸੀ ਪਰ ਸ੍ਰੀ ਅੰਮ੍ਰਿਸਰ ਸਾਹਿਬ ਡਿਪਟੀ ਕਮਿਸਨਰ ਸ੍ਰ ਦਲਵਿੰਦਰ ਜੀਤ ਸਿੰਘ ਤੇ ਹੋਰ ਅਧਿਕਾਰੀਆਂ ਨੇ ਉਨ੍ਹਾਂ ਦੁਕਾਨਦਾਰਾਂ ਵਿਰੁੱਧ ਕਾਰਵਾਈ ਕਰਕੇ ਮੀਟ ਮੱਛੀ ਤੇ ਪਾਨ ਬੀੜੀਆਂ ਤਮਾਕੂ ਦੀਆਂ ਦੁਕਾਨਾਂ ਸਾਰੀਆਂ ਨੂੰ ਪੱਕੇ ਤੌਰ ਸੀਲ ਕਰਕੇ ਸਖਤ ਐਕਸ਼ਨ ਕੀਤਾ ਜੋ ਸਲਾਘਾਯੋਗ ਹੈ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਡਿਪਟੀ ਕਮਿਸਨਰ ਸਾਹਬ ਨੂੰ ਅਪੀਲ ਕਰਦਿਆਂ ਕਿਹਾ ਕਿ ਚੌਂਕ ਮਹਾਂ ਸਿੰਘ ਚ ਦੋ ਸਰਾਬ ਦੇ ਠੇਕੇ ਬੰਦ ਕਰਕੇ ਸੁੰਦਰ ਸੁਨਿਹਰੀ ਗੇਟ ਬਣਾਇਆ ਜਾਵੇ ਤੇ ਨਾਲ ਠੰਡੇ ਜਲ ਦੀਆ ਛਬੀਲਾਂ ਲਗਾਈਆਂ ਜਾਣ ਤੇ ਕਹੀਆਂ ਵਾਲੇ ਬਜਾਰਾਂ ਵਿੱਚ ਚੱਲ ਰਹੀਆਂ ਦੁਕਾਨਾਂ ਮੀਟ ਦੀਆਂ ਬੰਦ ਕਰਕੇ ਪੂਰੀ ਤਰ੍ਹਾਂ ਗੁਰੂ ਨਗਰੀ ਸ੍ਰੀ ਅੰਮ੍ਰਿਸਰ ਸਾਹਿਬ ਜੀ ਦਾ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕੀਤਾ ਜਾਵੇ ਤੇ ਗਲਿਆਰਾ ਪਾਰਕਿੰਗ ਵਿੱਚ ਸੁੰਦਰ ਫੁੱਲ ਤੇ ਸ਼ਾਨਦਾਰ ਰੁੱਖ ਲਗਾਏ ਜਾਣ ਤੇ ਗੁਰ ਨਗਰੀ ਦੇ 12 ਗੇਟਾਂ ਦੇ ਅੰਦਰ ਬਾਹਰ ਸੜਕਾਂ ਨੂੰ ਵਧੀਆ ਪ੍ਰੀਮਕਸ ਪਾਕੇ ਬਣਾਈਆਂ ਜਾਣ ,ਸਟਰੀਟ ਲਾਈਟਾਂ ਲਗਾਈਆਂ ਜਾਣ ਤੇ ਵੱਖ ਵੱਖ ਰਸਤਿਆਂ ਵਿੱਚ ਹਿੰਦੀ ਅੰਗਰੇਜ਼ੀ ਪੰਜਾਬੀ ਵਿੱਚ ਸਾਈਨ ਬੋਰਡ ਵੱਖ ਵੱਖ ਗੁਰਧਾਮਾਂ ਦੇ ਦਰਸ਼ਨ ਅਸਥਾਨ ਵੱਖ ਵੱਖ ਬਜਾਰਾਂ ਵਿੱਚ ਲਗਾਏ ਜਾਣ ਤਾਂ ਜੋ ਦੇਸ ਵਿਦੇਸ ਦੀਆਂ ਸੰਗਤਾਂ ਸਾਈਨ ਬੋਰਡ ਨੂੰ ਪੜ੍ਹਕੇ ਵੱਖ ਵੱਖ ਅਸਥਾਨਾਂ ਦੇ ਦਰਸ਼ਨ ਦੀਦਾਰ ਕਰ ਸਕਣ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਪਵਿੱਤਰ ਸ਼ਹਿਰ ਦਾ ਦਰਜਾ ਪੂਰੀ ਤਰ੍ਹਾਂ ਲਾਗੂ ਹੋਣ ਤੇ ਪੰਜਾਬ ਦੇ ਮੁੱਖ ਮੰਤਰੀ ਤੇ ਡਿਪਟੀ ਕਮਿਸਨਰ ਸ੍ਰੀ ਅੰਮ੍ਰਿਸਰ ਜੀ ਨੂੰ ਸੋਨੇ ਦੇ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ ਤੇ ਹੋਰ ਵੱਖ ਵੱਖ ਅਧਿਕਾਰੀ ਜਿੰਨਾ ਨੇ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕਰਾਉਣ ਲਈ ਵੱਖ ਵੱਖ ਯੋਗਦਾਨ ਪਾਇਆ ਹੈ ! ਉਨ੍ਹਾਂ ਨੂੰ ਸਮਾਜ ਸੁਧਾਰ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ !

**ਪਵਿੱਤਰਤਾ ਬਹਾਲੀ ਪੂਰੀ ਤਰ੍ਹਾਂ ਲਾਗੂ ਹੋਣ ਤੇ ਡੀ ਸੀ ਅੰਮ੍ਰਿਸਰ ਸਾਹਿਬ ਤੇ ਮੁੱਖ ਮੰਤਰੀ ਪੰਜਾਬ ਮਾਨ ਨੂੰ ਸੋਨੇ ਦੇ ਮੈਡਲ ਨਾਲ ਕੀਤਾ ਜਾਵੇਗਾ ਸਨਮਾਨਿਤ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮਿਉਂਸਪਲ ਕਮੇਟੀ ਦੀਆਂ ਚੋਣਾਂ ਵਿੱਚ ਆਪ ਧੂਰੀ ਦੇ 21ਵਾਰਡਾਂ 'ਚ ਜਿੱਤ ਹਾਸਿਲ ਕਰੇਗੀ: ਕਾਂਝਲਾ



**ਧੂਰੀ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਆ ਰਹੀਆਂ ਮਿਉਂਸਪਲ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਦੀ ਅਗਵਾਈ ਹੇਠ ਧੂਰੀ ਦੇ 21 ਵਾਰਡਾਂ ਵਿੱਚੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੱਥ ਮਜਬੂਤ ਕਰਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਐਮ ਐਲ ਏ ਦੇ ਸਿਰ ਤੇ ਰਾਜ ਸਭਾ ਮੈਂਬਰ ਬਣੇ ਰਾਘਵ ਚੱਡਾ ਐਂਡ ਪਾਰਟੀ ਦੇ ਬੀਜੇਪੀ ਵਿੱਚ ਸ਼ਾਮਿਲ ਹੋਣ ਤੇ ਪੰਜਾਬ ਲੋਕ ਉਨ੍ਹਾਂ ਨੂੰ ਕਦੇ ਵੀ ਮਾਫ ਨਹੀਂ ਕਰਨਗੇ, ਕਿਉਂਕਿ ਉਹ ਅੱਜ ਜੇਕਰ ਰਾਜ ਸਭਾ ਮੈਂਬਰ ਹਨ ਤਾਂ ਉਹ ਪੰਜਾਬੀਆਂ ਕਰਕੇ ਹੀ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਬਾਰਾ ਮੁੱਖ ਮੰਤਰੀ ਬਣਨਗੇ ਕਿਉਂਕਿ ਪੰਜਾਬੀ ਮੁੱਖ ਮੰਤਰੀ ਮਾਨ ਦੀ ਲੋਕਪ੍ਰੀਆਤਾ ਨੂੰ ਪਿਆਰ ਕਰਦੇ ਹਨ ਨਾ ਕਿ ਕਿਸੇ ਹੋਰ ਨੂੰ ਕਿਸੇ ਦੇ ਆਉਣ ਜਾਣ ਨਾਲ ਆਪ ਨੂੰ ਕੋਈ ਫਰਕ ਨਹੀ ਪੈਣਾ।

# ਜਲਾਵਤਨੀ ਕੱਟ ਰਹੇ ਭਾਈ ਕੁਲਦੀਪ ਸਿੰਘ (ਨਿਹੰਗ) ਦੇ ਪਿਤਾ ਸ.ਤੇਜਾ ਸਿੰਘ ਬੱਲ ਦੇ ਅਕਾਲ ਚਲਾਣੇ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ: ਬੱਬਰ ਖਾਲਸਾ ਜਰਮਨੀ

## ਭਾਈ ਰਘਵੀਰ ਸਿੰਘ ਨੇ ਭਾਈ ਫੌਜਾ ਸਿੰਘ ਨਾਲ 13 ਅਪ੍ਰੈਲ 1978 ਨੂੰ ਕੀਤੀ ਸੀ ਸ਼ਹਾਦਤ ਪ੍ਰਾਪਤ



ਨਵੀਂ ਦਿੱਲੀ 25 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਪਿਛਲੇ 36 ਸਾਲਾਂ ਤੋਂ ਜਲਾਵਤਨੀ ਕੱਟ ਰਹੇ, ਇਸ ਵੇਲੇ ਇੰਗਲੈਂਡ ਦੀ ਧਰਤੀ ਤੇ ਰਹਿ ਕੇ ਅਖੰਡ ਕੀਰਤਨੀ ਜਥਾ ਅਤੇ ਸਤਿਕਾਰ ਕਮੇਟੀ ਵਿੱਚ ਸੇਵਾਵਾਂ ਨਿਭਾ ਰਹੇ ਭਾਈ ਕੁਲਦੀਪ ਸਿੰਘ ਨੂੰ ਉਸ ਵੇਲੇ ਵੱਡਾ ਸਦਮਾਂ ਲੱਗਾ ਜਦੋਂ ਉਨ੍ਹਾਂ ਦੇ ਪਿਤਾ ਸ.ਤੇਜਾ ਸਿੰਘ ਪੰਜਾਬ ਦੀ ਧਰਤੀ ਤੇ ਆਪਣੇ ਸਵਾਸਾਂ ਦੀ ਪੂੰਜੀ ਸਮੇਟ ਕੇ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਆਪਣਿਆਂ ਦੇ ਤੁਰ ਜਾਣ ਤੇ, ਉਹਨਾਂ ਦੀਆਂ ਅੰਤਿਮ ਰਸਮਾਂ ਵਿੱਚ ਸ਼ਾਮਲ ਨਾ ਹੋ ਸਕਣ ਦਾ ਅਹਿਸਾਸ ਸ਼ਬਦਾਂ ਵਿਚ ਬਿਆਨ ਕਰਨ ਤੋਂ ਬਾਹਰ ਦੀ ਗੱਲ ਹੈ। ਇਸ ਰਾਹ ਦੇ ਪਾਂਧੀ ਹੀ ਇਹ ਮਹਿਸੂਸ ਕਰ ਸਕਦੇ ਹਨ। ਵਤਨ ਦੀ ਅਜ਼ਾਦੀ ਦੀ ਕੀਮਤ ਦਾ ਇਹ ਵੀ ਇੱਕ ਸਰਮਾਇਆ ਹੈ ਜੋ ਅਜ਼ਾਦੀ ਘੁਲਾਟੀਆਂ ਨੂੰ ਉਤਾਰਨਾ ਪੈਂਦਾ ਹੈ। ਭਾਈ ਸਾਹਿਬ ਦੇ ਤਾਇਆ ਜੀ ਸ. ਰਘਵੀਰ ਸਿੰਘ 13 ਅਪ੍ਰੈਲ 1978 ਨੂੰ ਵਿਸਾਖੀ ਵੇਲੇ ਵਾਪਰੇ ਸਾਕੇ ਸਮੇਂ ਅਖੰਡ ਕੀਰਤਨੀ ਜਥੇ ਵਿੱਚ ਸੇਵਾ ਨਿਭਾਉਂਦਿਆਂ ਸ਼ਹੀਦ ਭਾਈ ਫੌਜਾ ਸਿੰਘ ਦੇ ਜਥੇ ਵਿੱਚ ਸ਼ਹਾਦਤ ਪ੍ਰਾਪਤ ਕਰ ਗਏ ਸਨ । ਭਾਈ ਕੁਲਦੀਪ ਸਿੰਘ ਨਿਹੰਗ ਨੇ ਲੱਗ ਭੱਗ ਪੰਦਰਾਂ ਸਾਲ ਸਾਡੇ ਨਾਲ ਜਰਮਨੀ ਵਿਖੇ ਵਿਚਰਦਿਆਂ ਹਰ ਪੰਥਕ ਖੇਤਰ ਵਿੱਚ ਆਪਣਾ ਯੋਗਦਾਨ ਪਾਇਆ ਜੋ ਕੇ ਹੁਣ ਇੰਗਲੈਂਡ ਵਿਖੇ ਨਿਰੰਤਰ ਜਾਰੀ ਹੈ। ਅਸੀਂ ਬੱਬਰ ਖਾਲਸਾ ਵਲੋਂ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਬਿਧੀ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਹਰਜੋਤ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ ਅਤੇ ਭਾਈ ਬਲਜਿੰਦਰ ਸਿੰਘ ਆਦਿ ਇਸ ਦੁੱਖ ਦੀ ਘੜੀ ਵਿੱਚ ਭਾਈ ਕੁਲਦੀਪ ਸਿੰਘ ਨਿਹੰਗ ਨਾਲ ਦੁੱਖ ਸਾਂਝਾ ਕਰਦਿਆਂ ਵਾਹਿਗੁਰੂ ਅੱਗੇ ਅਰਦਾਸ ਕਰਦੇ ਹਾਂ ਸ.ਤੇਜਾ ਸਿੰਘ ਹੋਰਾਂ ਦੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪ੍ਰੀਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਹ ਵੀ ਅਰਦਾਸ ਹੈ ਕਿ ਵਾਹਿਗੁਰੂ ਕੌਮ ਨੂੰ ਆਪਣਾ ਅਜ਼ਾਦ ਘਰ ਖਾਲਿਸਤਾਨ ਬਖਸ਼ਣ ਤਾਂ ਕਿ ਕੋਈ ਵੀ ਆਪਣਿਆਂ ਦੀਆਂ ਖੁਸ਼ੀਆਂ ਗਮੀਆਂ ਵਿੱਚ ਸ਼ਾਮਿਲ ਹੋਣ ਤੋਂ ਬਾਂਝਾ ਨਾ ਰਹਿ ਸਕੇ।

## ਦੋ ਘੜੀਆਂ



ਦਾਤਾ ਕਰਮਾਂ ਵਿਚੋਂ ਕੱਟ ਦਿਉ
ਘੜੀਆਂ ਮੇਰੇ ਦੁੱਖ ਦੀਆਂ,
ਹਰ ਪਲ ਸੁੱਖ ਭਾਰੀਆਂ ਹੋਣ,
ਰਾਹਾਂ ਹੋ ਜਾਣ ਸੁੱਖ ਦੀਆਂ।

ਰਾਤਾਂ ਚੁੱਪ ਚਾਪ ਰੋ ਲੈਂਦੀਆਂ,
ਅੱਖਾਂ ਨੀਂਦ ਤੋਂ ਹੋ ਗਈਆਂ ਖਾਲ਼ੀਆਂ
ਦਿਲ ਦੇ ਅੰਦਰ ਚੁਭਦੇ ਪਏ ਕਾਂਟੇ ਨੇ
ਦੁੱਖਾਂ ਭਰੀਆਂ ਰਾਤਾ ਹੋ ਗਈਆਂ ਕਾਲੀਆਂ

ਇਹ ਕਰਦੀਆਂ ਨੇ ਬੜੇ ਤੰਗ,
ਚੈਨ ਨਾ ਆਉਣ ਇਹ ਦਿੰਦੀਆਂ
ਹੱਸਣ ਵਾਲੇ ਚਿਹਰੇ ਪਿੱਛੇ,
ਦਰਦ ਵਿਚ ਪਈਆਂ ਇਹ ਜਿਉਂਦੀਆਂ

ਦਾਤਾ ਮੇਹਰ ਦੀ ਛਾਂ ਕਰ ਦਿਉ,
ਮੁੱਕ ਜਾਣਵਣ ਘੜੀਆਂ ਦੁੱਖ ਦੀਆਂ
ਸਫਰੀ ਤੂੰ ਸਿਮਰਨ ਕਰ ਲੈ
ਦੋ ਘੜੀਆਂ,ਮਿਲਣ ਜਾਣ ਸੁੱਖ ਦੀਆਂ

-ਮਾਸਟਰ ਜਗੀਰ ਸਿੰਘ ਸਫਰੀ

ਸਠਿਆਲਾ ਮੋਬਾ: 8146004540

ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਤੇ ਕੀਤੇ ਜਾ ਰਹੇ

# ਜ਼ਬਰ ਦੇ ਖ਼ਿਲਾਫ਼ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਤਿੱਖਾ ਰੋਸ





## ਅੰਮ੍ਰਿਤਸਰ ਵਿੱਚ ਵਿਸ਼ਾਲ ਮੋਟਰਸਾਈਕਲ ਮਾਰਚ, ਵੱਡੀ ਗਿਣਤੀ ’ਚ ਆਗੂ ਤੇ ਵਰਕਰ ਹੋਏ ਸ਼ਾਮਿਲ

**ਅੰਮ੍ਰਿਤਸਰ 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਉੱਤੇ ਕੀਤੇ ਜਾ ਰਹੇ ਜ਼ਬਰ ਦੇ ਵਿਰੋਧ ਵਿੱਚ ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਜਿਲਾ ਅੰਮ੍ਰਿਤਸਰ ਦਿਹਾਤੀ ਵੱਲੋਂ ਇੱਕ ਵਿਸ਼ਾਲ ਮੋਟਰਸਾਈਕਲ ਰੋਸ ਮਾਰਚ ਕੱਢਿਆ ਗਿਆ। ਇਹ ਮਾਰਚ ਅੰਮ੍ਰਿਤਸਰ ਦੇ ਗੋਲਡਨ ਗੇਟ ਤੋਂ ਸ਼ੁਰੂ ਹੋਕੇ ਵਾਇਆ ਬਾਈਪਾਸ ਅਟਾਰੀ ਰੋਡ ਇੰਡੀਆ ਗੇਟ ਤੱਕ ਪਹੁੰਚ ਕੇ ਸਮਾਪਤ ਹੋਇਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਸ਼ਿਰਕਤ ਕੀਤੀ। ਇਸ ਮੋਟਰਸਾਈਕਲ ਮਾਰਚ ਦੀ ਅਗਵਾਈ ਜਿਲਾ ਅੰਮ੍ਰਿਤਸਰ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਕੀਤੀ ਗਈ। ਮਾਰਚ ਦੀ ਸ਼ੁਰੂਆਤ ਸਮੇਂ ਸੀਨੀਅਰ ਲੀਡਰਸ਼ਿਪ ਵਿੱਚੋਂ ਵਿਸ਼ੇਸ਼ ਤੌਰ ‘ਤੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਚਾਚਾ ਸੁਖਚੈਨ ਸਿੰਘ, ਚਾਚਾ ਪ੍ਰਗਟ ਸਿੰਘ, ਚਾਚਾ ਕੁਲਵੰਤ ਸਿੰਘ, ਭਾਈ ਹਰਭਜਨ ਸਿੰਘ ਤੁੜ, ਭਾਈ ਪ੍ਰਗਟ ਸਿੰਘ ਮੀਆਂਵਿੰਡ (ਮੁੱਖ ਦਫ਼ਤਰ ਸਕੱਤਰ), ਭਾਈ ਜਤਿੰਦਰ ਸਿੰਘ ਮਹਿਤਾ (ਦਫ਼ਤਰ ਸਕੱਤਰ) ਅਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ ( ਮੀਡੀਆ ਇੰਚਾਰਜ ) ਮੌਜੂਦ ਰਹੇ। ਜਿਲਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਭਾਈ ਜਸਕਰਨ ਸਿੰਘ ਰਿਆੜ, ਜਿਲਾ ਅੰਮ੍ਰਿਤਸਰ ਸ਼ਹਿਰੀ ਦੇ ਪ੍ਰਧਾਨ ਭਾਈ ਅਮਨਦੀਪ ਸਿੰਘ ਡੱਡੂਆਣਾਂ ਨੇ ਇਸ ਰੋਸ ਮਾਰਚ ਦੀ ਅਗਵਾਈ ਕੀਤੀ ਅਤੇ ਹੋਰ ਪਹੁੰਚੇ ਮੁੱਖ ਆਗੂਆਂ ਵਿੱਚ ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਚਮਕੌਰ ਸਿੰਘ ਧੁੰਨ, ਭਾਈ ਸਰਬਜੀਤ ਸਿੰਘ ਖਾਨਪੁਰ, ਭਾਈ ਜੁਗਰਾਜ ਸਿੰਘ ਲਾਲਾ ਨੰਗਲ, ਭਾਈ ਸੁਖਦੇਵ ਸਿੰਘ ਕਾਦੀਆ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਰਸ਼ਪਾਲ ਸਿੰਘ ਸੋਸਣ, ਭਾਈ ਗੁਰਮਿੰਦਰ ਸਿੰਘ ਚਾਵਲਾ, ਭਾਈ ਨਾਥਵਿੰਦਰ ਸਿੰਘ, ਭਾਈ ਸਰਬਜੀਤ ਸਿੰਘ ਬੈਂਕਾ, ਭਾਈ ਮਨਜਿੰਦਰ ਸਿੰਘ ਕਲੇਰ, ਰਾਣਾ ਜੱਲੂਪੁਰ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਪ੍ਰਿਥੀਪਾਲ ਸਿੰਘ, ਭਾਈ ਮਨਜਿੰਦਰ ਸਿੰਘ ਪ੍ਰਿੰਸ, ਭਾਈ ਗੁਰਲਾਲ ਸਿੰਘ ਸਖੀਰਾ, ਭਾਈ ਜਗਨੰਦਨ ਸਿੰਘ, ਭਾਈ ਸਵਰਨ ਸਿੰਘ ਗੋਲਡਨ, ਭਾਈ ਬਲਜੀਤ ਸਿੰਘ ਚਾਟੀਵਿੰਡ, ਭਾਈ ਕੁਲਦਮਨਰੂਪ ਸਿੰਘ, ਭਾਈ ਜੁਗਰਾਜ ਸਿੰਘ ਭੰਗਵਾ, ਭਾਈ ਦਯਾ ਸਿੰਘ, ਭਾਈ ਗੁਰਪ੍ਰੀਤ ਸਿੰਘ ਕੰਮੋਕੇ, ਬਾਬਾ ਜਰਮਨਜੀਤ ਸਿੰਘ, ਭਾਈ ਜੁਗਰਾਜ ਸਿੰਘ ਨਰਾਇਣਗੜ੍ਹ, ਡਾਕਟਰ ਅਤੁੱਲ ਕੁਮਾਰ, ਭਾਈ ਅਮਰੀਕ ਸਿੰਘ ਬਿੱਟਾ, ਡਾਕਟਰ ਬਰਿੰਦਰਜੀਤ ਸਿੰਘ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਜਰਨੈਲ ਸਿੰਘ, ਭਾਈ ਕਮਲਜੀਤ ਸੋਹੀ, ਭਾਈ ਬਲਜਿੰਦਰ ਸਿੰਘ ਬਾਜਵਾ, ਭਾਈ ਜਸਪਾਲ ਸਿੰਘ ਬੋਹਲੀਆਂ, ਭਾਈ ਗੁਰਮਿੰਦਰ ਸਿੰਘ ਝੰਡੇਰ, ਭਾਈ ਪ੍ਰਿਤਪਾਲ ਸਿੰਘ ਬੱਲ, ਭਾਈ ਕੁਲਵਿੰਦਰ ਸਿੰਘ ਵਡਾਲੀ, ਜਥੇਦਾਰ ਰਜਿੰਦਰ ਸਿੰਘ ਅਜਨਾਲਾ, ਭਾਈ ਹਰਪ੍ਰੀਤ ਸਿੰਘ, ਬਾਬਾ ਲਖਵਿੰਦਰ ਸਿੰਘ, ਬਾਬਾ ਹਰਪ੍ਰੀਤ ਸਿੰਘ, ਜਗਜੀਤ ਸਿੰਘ ਰਾਮੂਵਾਲ, ਪ੍ਰਿੰਸੀਪਲ ਮੇਜਰ ਸਿੰਘ ਜੀ ਅਤੇ ਹੋਰ ਬਹੁਤ ਸਾਰੇ ਆਗੂ ਅਤੇ ਵਰਕਰ ਹਾਜ਼ਰ ਰਹੇ। ਇਸ ਮੌਕੇ ਆਗੂਆਂ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਨਾਲ ਹੋ ਰਹੀ ਧੱਕੇਸ਼ਾਹੀ ਬਿਲਕੁਲ ਸਵੀਕਾਰਯੋਗ ਨਹੀਂ ਹੈ ਅਤੇ ਪੰਜਾਬ ਦੀ ਜਨਤਾ ਇਸਨੂੰ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਉਹਨਾਂ ਕਿਹਾ ਕਿ ਇਹ ਰੋਸ ਮਾਰਚ ਸਿਰਫ਼ ਇਕ ਸ਼ੁਰੂਆਤ ਹੈ ਅਤੇ ਜੇਕਰ ਸਰਕਾਰ ਨੇ ਆਪਣਾਂ ਰਵੱਈਆ ਨਾ ਬਦਲਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਪਾਰਟੀ ਆਗੂਆਂ ਨੇ ਸਪੱਸ਼ਟ ਕੀਤਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੇ ਹੱਕਾਂ ਅਤੇ ਲੋਕਤੰਤਰਕ ਅਧਿਕਾਰਾਂ ਦੀ ਰੱਖਿਆ ਲਈ ਹਰ ਮੰਚ ‘ਤੇ ਲੜਾਈ ਜਾਰੀ ਰੱਖੇਗਾ ਅਤੇ ਕਿਸੇ ਵੀ ਤਰ੍ਹਾਂ ਦੀ ਧੱਕੇਸ਼ਾਹੀ ਅੱਗੇ ਨਹੀਂ।

# ਪੀ.ਆਰ.ਟੀ.ਸੀ. ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਸੰਗਰੂਰ ਡਿਪੂ ਅਤੇ ਬੱਸ ਅੱਡੇ ਦੀ ਅਚਨਚੇਤ ਚੈਕਿੰਗ





**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਅੱਜ ਸੰਗਰੂਰ ਡਿਪੂ ਅਤੇ ਸਥਾਨਕ ਬੱਸ ਅੱਡੇ ਦੀ ਅਚਾਨਕ ਚੈਕਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਡਿਪੂ ਦੇ ਕਰਮਚਾਰੀਆਂ ਨਾਲ ਸਮੁੱਚੀ ਕਾਰਗੁਜ਼ਾਰੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਾਪਤ ਕੀਤੀ, ਜਿਸ ਵਿੱਚ ਨਵੇਂ ਰੂਟਾਂ ਦੀ ਸ਼ੁਰੂਆਤ, ਰੋਜ਼ਾਨਾ ਆਮਦਨ ਅਤੇ ਕੇ.ਐੱਮ.ਪੀ.ਐੱਲ. ਕਿਲੋਮੀਟਰ ਪ੍ਰਤੀ ਲੀਟਰ ਦੀ ਸਥਿਤੀ ਸ਼ਾਮਲ ਰਹੀ। ਇਸ ਮੌਕੇ ਉਨ੍ਹਾਂ ਨੇ ਪ੍ਰਸ਼ਾਨਿਕ ਅਧਿਕਾਰੀਆਂ ਅਤੇ ਹੋਰ ਸਟਾਫ ਨੂੰ ਹੋਰ ਸੁਧਾਰ ਲਿਆਉਣ ਲਈ ਵੀ ਆਦੇਸ਼ ਦਿੱਤੇ। ਚੇਅਰਮੈਨ ਨੇ ਸਵਾਰੀਆਂ, ਕੰਡਕਟਰਾਂ ਤੇ ਡਰਾਈਵਰਾਂ ਨਾਲ ਸਿੱਧੀ ਗੱਲਬਾਤ ਵੀ ਕੀਤੀ। ਉਨ੍ਹਾਂ ਨੇ ਚੈਕਿੰਗ ਦੌਰਾਨ ਸੰਗਰੂਰ ਬੱਸ ਅੱਡੇ ਵਿੱਚ ਸਾਫ-ਸਫਾਈ ਦੇ ਪ੍ਰਬੰਧਾਂ, ਵਾਸ਼ਰੂਮਾਂ ਦੀ ਸਥਿਤੀ ਅਤੇ ਬੱਸਾਂ ਦੀ ਹਾਲਤ ਦਾ ਜਾਇਜ਼ਾ ਲਿਆ। ਚੇਅਰਮੈਨ ਹਰਪਾਲ ਜੁਨੇਜਾ ਨੇ ਦੱਸਿਆ ਕਿ ਯਾਤਰੀਆਂ ਨੂੰ ਸੁਵਿਧਾਜਨਕ, ਸੁਰੱਖਿਅਤ ਅਤੇ ਸਮੇਂ ਸਿਰ ਸੇਵਾਵਾਂ ਪ੍ਰਦਾਨ ਕਰਨਾ ਪੀ.ਆਰ.ਟੀ.ਸੀ. ਦੀ ਮੁੱਖ ਪਹਿਲ ਹੈ। ਉਨ੍ਹਾਂ ਕਿਹਾ ਕਿ ਸਟਾਫ ਦੇ ਸਬੰਧਤ ਕਰਮਚਾਰੀਆਂ ਨੂੰ ਬੱਸਾਂ ਦੀ ਮੁਰੰਮਤ, ਸਮੇਂ ਦੀ ਪਾਬੰਦੀ ਅਤੇ ਸਫਾਈ ਪ੍ਰਬੰਧਾਂ ’ਤੇ ਖਾਸ ਧਿਆਨ ਦੇਣ ਤੇ ਜ਼ੋਰ ਨਾਲ ਕਿਹਾ ਗਿਆ ਹੈ। ਇਸ ਤੋਂ ਇਲਾਵਾ ਸਟਾਫ ਨੂੰ ਇਹ ਵੀ ਹਦਾਇਤ ਕੀਤੀ ਗਈ ਹੈ ਕਿ ਜਨਤਾ ਵੱਲੋ ਪ੍ਰਾਪਤ ਲਿਖਤੀ ਜਾਂ ਜੁਬਾਨੀ ਸ਼ਿਕਾਇਤਾਂ ਦਾ ਵੀ ਤੁਰੰਤ ਤੋਰ ਤੇ ਹੱਲ ਕੀਤਾ ਜਾਵੇ। ਚੇਅਰਮੈਨ ਨੇ ਇਸੇ ਦੌਰਾਨ ਵੱਖ-ਵੱਖ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਮੰਗਾਂ ਅਤੇ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ। ਉਨ੍ਹਾਂ ਨੇ ਯਕੀਨ ਦਵਾਇਆ ਕਿ ਪੀ.ਆਰ.ਟੀ.ਸੀ. ਦੀ ਕਾਰਗੁਜ਼ਾਰੀ ਵਿੱਚ ਨਿਰੰਤਰ ਸੁਧਾਰ ਲਈ ਇਸ ਤਰ੍ਹਾਂ ਦੀਆਂ ਅਚਾਨਕ ਚੈਕਿੰਗਾਂ ਭਵਿੱਖ ਵਿੱਚ ਵੀ ਜਾਰੀ ਰਹਿਣਗੀਆਂ। ਇਸ ਦੌਰਾਨ ਜਨਰਲ ਮੈਨੇਜਰ ਪਟਿਆਲਾ ਜਤਿੰਦਰਪਾਲ ਗਰੇਵਾਲ ਅਤੇ ਜਨਰਲ ਮੈਨੇਜਰ ਸੰਗਰੂਰ ਮਨਿੰਦਰਪਾਲ ਸਿੱਧੂ ਅਤੇ ਹੋਰ ਸਟਾਫ ਮੈਂਬਰਜ਼ ਵੀ ਮੌਜੂਦ ਰਹੇ।

## ਸ਼੍ਰੋਮਣੀ ਅਕਾਲੀ ਦਲ ਨਗਰ ਕੌਂਸਲ ਚੋਣਾਂ ’ਚ ਅਹਿਮ ਭੂਮਿਕਾ ਨਿਭਾਏਗਾ: ਰਣਜੀਤ ਸਿੰਘ ਰੰਧਾਵਾ ਕਾਤਰੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**- ਆਉਂਦੀਆਂ ਨਗਰ ਕੌਂਸਲ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਧੂਰੀ ਹਲਕੇ ਵਿੱਚ ਚੰਗੀ ਭੂਮਿਕਾ ਨਿਭਾਏਗਾ ਧੂਰੀ ਦੇ 21 ਵਾਰਡਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਆਪਣੀ ਸਰਗਰਮੀ ਪੂਰੀ ਤਰਹਾਂ ਸ਼ੁਰੂ ਕਰ ਚੁੱਕਾ ਅਤੇ ਸੰਭਾਵਿਤ ਉਮੀਦਵਾਰਾਂ ਵੱਲੋਂ ਉਕਤ ਚੋਣਾਂ ਲੜਨ ਲਈ ਪੂਰੀ ਤਰ੍ਹਾਂ ਨਾਲ ਰਾਬਤਾ ਵਧਾ ਦਿੱਤਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਬਾਦਲ ਧੂਰੀ ਤੋਂ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਲੋਕ ਪੱਖੀ ਕਾਰਜਸ਼ੈਲੀ ਤੋਂ ਹਰ ਤਰ੍ਹਾਂ ਦੇ ਲੋਕ ਪੂਰੀ ਤਰ੍ਹਾਂ ਨਾਲ ਵਾਕਫ ਹਨ ਅਤੇ ਉਹ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਮੁੜ ਤੋਂ ਪੰਜਾਬ ਦੀ ਸੰਭਾਲਨਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਆਉਂਦੀਆਂ ਨਗਰ ਕੌਂਸਲ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਧੂਰੀ ਦੇ ਵੱਖ-ਵੱਖ ਵਾਰਡਾਂ ਵਿੱਚ ਵੱਡੀ ਜਿੱਤ ਪ੍ਰਾਪਤ ਕਰਨਗੇ ਅਤੇ ਨਗਰ ਕੌਂਸਲ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ ਪ੍ਰਧਾਨ ਬਣਾਉਣਗੇ। ਉਹਨਾਂ ਕਿਹਾ ਕਿ ਧੂਰੀ ਸ਼ਹਿਰ ਦੇ ਲੋਕ ਹੁਣ ਸ਼੍ਰੋਮਣੀ ਅਕਾਲੀ ਦਲ ਨੂੰ ਫਿਰ ਤੋਂ ਕਾਮਯਾਬ ਕਰਨ ਲਈ ਪੱਬਾਂ ਭਾਰ ਹੋ ਕੇ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਉਹਨਾਂ ਕਿਹਾ ਕਿ ਇਹ ਸੈਮੀਫਾਈਨਲ ਮੈਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੱਡੀ ਗਿਣਤੀ ਨਾਲ ਜਿੱਤਣਗੇ ਅਤੇ ਇਸ ਚੋਣਾਂ ਦੇ ਨਾਲ ਆਉਂਦੀਆਂ ਵਿਧਾਨ ਸਭਾ ਚੋਣਾਂ ਦਾ ਮੁੱਢ ਬੰਨਣਗੇ।

# ਮਲੇਰੀਏ ਦੀ ਰੋਕਥਾਮ ਸਾਡੀ ਸਭ ਦੀ ਜਿੰਮੇਵਾਰੀ - ਐਸ ਆਈ ਅਸ਼ੋਕ ਕੁਮਾਰ



**ਧੂਰੀ ( ਰਣਜੀਤ ਸਿੰਘ ਪੇਧਨੀ )**–ਸਿਵਲ ਸਰਜਨ ਸੰਗਰੂਰ ਡਾ: ਅਮਰਜੀਤ ਕੌਰ ਅਤੇ ਜ਼ਿਲ੍ਹਾ ਐਪੀਡਿਮਾਲੋਜਿਸਟ ਡਾ.ਰਮਨਦੀਪ ਕੌਰ ਅਤੇ ਉਪਾਸਨਾ ਬਿੰਦਰਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਐਮ.ਓ ਸੇਰਪੁਰ ਡਾ.ਜਸਦੀਪ ਸਿੰਘ ਯੋਗ ਅਗਵਾਈ ਅਤੇ ਐਸ ਆਈ ਅਸੋ.ਕ ਕੁਮਾਰ ਸੁਪਰਵੀਜਨ ਵਿੱਚ ਪੀ ਐਚ ਸੀ ਕਾਂਝਲਾ ਵਿਸਵ ਮਲੇਰੀਆ ਦਿਵਸ ਮਨਾਇਆ ਗਿਆ ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸ ਆਈ ਅਸੋਕ ਕੁਮਾਰ ਦੱਸਿਆ ਕਿ ਮਲੇਰੀਆ ਬੁਖਾਰ ਮਾਦਾ ਐਨਾਫਲੀਜ਼ ਮੱਛਰ ਦੇ ਕੱਟਣ ਨਾਲ ਫੈਲਦਾ ਹੈ ਇਹ ਮੱਛਰ ਖੜੇ ਸਾਫ਼ ਪਾਣੀ ਵਿਚ ਪੈਦਾ ਹੁੰਦੇ ਹਨ ਇਹ ਮੱਛਰ ਰਾਤ ਅਤੇ ਸਵੇਰੇ ਵੇਲੇ ਕੱਟਦੇ ਹਨ ਮਲੇਰੀਆ ਬੁਖਾਰ ਦੇ ਲੱਛਣ : ਠੰਡ ਅਤੇ ਕਾਂਬੇ ਨਾਲ ਬੁਖਾਰ, ਤੇਜ਼ ਬੁਖਾਰ ਅਤੇ ਸਿਰ ਦਰਦ ਹੋਣਾ, ਬੁਖਾਰ ਉਤਰਨ ਤੋਂ ਬਾਅਦ ਥਕਾਵਟ ਤੇ ਕਮਜੋ.ਰੀ ਹੋਣਾ ਅਤੇ ਸਰੀਰ ਨੂੰ ਪਸੀਨਾ ਆਉਣਾ ਆਦਿ ਮਲੇਰੀਆ ਬੁਖਾਰ ਤੋਂ ਬਚਾਓ = ਘਰਾਂ ਦੇ ਆਲੇ-ਦੁਆਲੇ ਛੋਟੇ ਟੋਇਆਂ ਵਿੱਚ ਪਾਣੀ ਇਕੱਠਾ ਨਾ ਹੋਣ ਦਿਓ ਅਤੇ ਟੋਇਆਂ ਨੂੰ ਮਿੱਟੀ ਨਾਲ ਭਰ ਦਿਓ, ਛੱਪੜਾਂ ਵਿੱਚ ਖੜੇ ਪਾਣੀ ਤੇ ਕਾਲੇ ਤੇਲ ਦਾ ਛਿੜਕਾਓ ਕਰੋ, ਕੱਪੜੇ ਅਜਿਹੇ ਪਹਿਨੋ ਕੇ ਸਰੀਰ ਪੂਰੀ ਤਰਾਂ ਢੱਕਿਆ ਰਹੇ ਤਾਂ ਕੇ ਤੁਹਾਨੂੰ ਮੱਛਰ ਨਾ ਕੱਟ ਸਕਣ, ਸੋਣ ਵੇਲੇ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂਆਦਿ ਦਾ ਇਸਤੇਮਾਲ ਕਰੋ ਕੋਈ ਵੀ ਬੁਖਾਰ ਮਲੇਰੀਆ ਹੋ ਸਕਦਾ ਹੈ ਬੁਖਾਰ ਹੋਣ ਤੇ ਤੁਰੰਤ ਨੇੜੇ ਦੀ ਸਿਹਤ ਸੰਸਥਾ ਜਾ ਸਰਕਾਰੀ ਹਸਪਤਾਲ ਨਾਲ ਸੰਪਰਕ ਕਰੋ, ਮਲੇਰੀਆ ਬੁਖਾਰ ਦਾ ਟੈਟਸ ਤੇ ਇਲਾਜ ਰਾਜ ਦੇ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਕੀਤਾ ਜਾਂਦਾ ਹੈ ਇਸ ਸਮੇਂ ਮੁਹੱਲਾ ਕਲੀਨਿਕ ਕਾਂਝਲਾ ਮੈਡੀਕਲ ਆਫ਼ਸਰ ਡਾਕਟਰ ਦੀਪਨੂਰ ਸਿੰਗਲਾ, ਯੋਗੇਸ਼ ਕੁਮਾਰ ਫਾਰਮੇਸੀ ਆਫ਼ਸਰ, ਕਿਰਨਦੀਪ ਕੌਰ, ਗੁਰਪ੍ਰੀਤ ਸਿੰਘ ਮ, ਪ, ਹ, ਵ (ਮ), ਸਹੋਣਪ੍ਰੀਤ ਮ, ਪ, ਹ, ਵ, (ਫ) ਅਤੇ ਬੇਅੰਤ ਕੌਰ ਸੀ ਐਚ ਓ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੀ ਵਿਸ਼ੇਸ਼ ਮੀਟਿੰਗ ਵਿਚ ਪਰਮਜੀਤ ਸਿੰਘ ਸਰਨਾ, ਹਰਵਿੰਦਰ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਦੀ

# ਮੈਂਬਰੀ ਖ਼ਤਮ ਕਰਨ ਦੇ ਪਿਛਲੀ ਮੀਟਿੰਗ ਦੇ ਫੈਸਲੇ 'ਤੇ ਲਗਾਈ ਪੱਕੀ ਮੋਹਰ



ਨਵੀਂ ਦਿੱਲੀ, 25 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੱਜ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਦੀ ਅਗਵਾਈ ਹੇਠ ਹੋਈ ਵਿਸ਼ੇਸ਼ ਮੀਟਿੰਗ ਵਿਚ ਇਕ ਵਾਰ ਫਿਰ ਤੋਂ 25 ਅਕਤੂਬਰ 2025 ਦੇ ਉਸ ਫੈਸਲੇ ਨੂੰ ਕਨਫਰਮ ਕਰਦੇ ਹਏ, ਜਿਸ ਵਿਚ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ, ਹਰਵਿੰਦਰ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਦੀ ਮੈਂਬਰੀ ਖਾਰਜ ਕੀਤੀ ਗਈ ਸੀ 'ਤੇ ਪੱਕੀ ਮੋਹਰ ਲਗਾ ਦਿੱਤੀ ਗਈ। ਕੀਤੀ ਗਈ ਵਿਸ਼ੇਸ਼ ਮੀਟਿੰਗ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਅੱਜ ਦੀ ਵਿਸ਼ੇਸ਼ ਮੀਟਿੰਗ ਸਬੰਧੀ ਏਜੰਡਾ 15 ਦਿਨ ਪਹਿਲਾਂ ਸਾਰੇ ਮੈਂਬਰਾਂ ਨੂੰ ਭੇਜਿਆ ਗਿਆ ਸੀ। ਉਹਨਾਂ ਦੱਸਿਆ ਕਿ ਅੱਜ ਦੀ ਵਿਸ਼ੇਸ਼ ਮੀਟਿੰਗ ਵਿਚ 38 ਮੈਂਬਰਾਂ ਨੇ ਸ਼ਮੂਲੀਅਤ ਕੀਤੀ ਜਿਹਨਾਂ ਨੇ 25 ਅਕਤੂਬਰ 2025 ਦੀ ਉਸ ਮੀਟਿੰਗ ਫੇ ਫੈਸਲੇ ਨੂੰ ਕਨਫਰਮ ਕਰਕੇ ਆਪਣੀ ਮਨਜ਼ੂਰੀ ਦਿੱਤੀ ਤੇ ਪੱਕੀ ਮੋਹਰ ਲਗਾਈ ਜਿਸ ਰਾਹੀਂ ਪਰਮਜੀਤ ਸਿੰਘ ਸਰਨਾ, ਹਰਵਿੰਦਰ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਦੀ ਮੈਂਬਰਸ਼ਿਪ ਖ਼ਤਮ ਕੀਤੀ ਗਈ ਸੀ। ਉਹਨਾਂ ਦੱਸਿਆ ਕਿ 25 ਅਕਤੂਬਰ 2025 ਨੂੰ ਹੋਈ ਮੀਟਿੰਗ ਵਿਚ ਵੀ ਮੈਂਬਰਾਂ ਨੇ ਸਰਬਸੰਮਤੀ ਨਾਲ ਮਤਾ ਪਾਸ ਕਰ ਕੇ ਇਹਨਾਂ ਤਿੰਨ ਆਗੂਆਂ ਦੀ ਮੈਂਬਰਸ਼ਿਪ ਖ਼ਤਮ ਕੀਤੀ ਸੀ ਤੇ ਅੱਜ ਵੀ ਉਸ ਫੈਸਲੇ ਨੂੰ ਮੁੜ ਦੁਹਰਾਇਆ ਗਿਆ ਹੈ। ਉਹਨਾਂ ਕਿਹਾ ਕਿ ਸਰਨਾ ਭਰਾਵਾਂ ਤੇ ਮਨਜੀਤ ਸਿੰਘ ਜੀ.ਕੇ. ਨੇ ਦਿੱਲੀ ਗੁਰਦੁਆਰਾ ਕਮੇਟੀ ਦੇ ਐਕਟ ਦੀ ਉਲੰਘਣਾ ਕਰਦਿਆਂ ਆਪਣੇ ਪਰਿਵਾਰਕ ਮੈਂਬਰਾਂ ਦੀਆਂ ਕੰਪਨੀਆਂ ਦੇ ਨਾਮ 'ਤੇ ਕਮੇਟੀ ਨਾਲ ਵਿੱਤੀ ਲੈਣ ਦੇਣ ਕੀਤਾ ਹੋਇਆ ਹੈ ਜੋ ਕਿ ਨਿਯਮਾਂ ਦੀ ਉਲੰਘਣਾ ਹੈ। ਉਹਨਾਂ ਕਿਹਾ ਕਿ ਪੰਜਾਬ ਸਟੀਲ ਜੋ ਕਿ ਸਰਨਾ ਭਰਾਵਾਂ ਦੀ ਕੰਪਨੀ ਹੈ ਤੇ ਮਨਜੀਤ ਸਿੰਘ ਜੀ. ਕੇ ਦੀ ਬੇਟੀ ਦੇ ਨਾਮ ਦੀ ਕੰਪਨੀ ਰੈਂਬੀ ਕਲੋਥਿੰਗ ਨਾਲ ਲੈਣ ਦੇਣ ਕੀਤਾ ਹੋਇਆ ਹੈ ਜੋ ਕਿ ਦਿੱਲੀ ਗੁਰਦੁਆਰਾ ਕਮੇਟੀ ਦੇ ਐਕਟ ਦੀ ਉਲੰਘਣਾ ਹੈ। ਉਹਨਾਂ ਕਿਹਾ ਕਿ ਐਕਟ ਵਿਚ ਸਪਸ਼ਟ ਲਿਖਿਆ ਹੈ ਕਿ ਪਰਿਵਾਰਕ ਮੈਂਬਰਾਂ ਦੀਆਂ ਕੰਪਨੀਆਂ ਨਾਲ ਕਿਸੇ ਵੀ ਤਰੀਕੇ ਲੈਣ ਦੇਣ ਨਹੀਂ ਹੋ ਸਕਦਾ ਪਰ ਇਸਦੇ ਬਾਵਜੂਦ ਇਹਨਾਂ ਨੇ ਅਜਿਹਾ ਕੀਤਾ ਹੈ।

ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਮਨਜੀਤ ਸਿੰਘ ਜੀ.ਕੇ. ਨੇ ਤਾਂ ਕਿਤਾਬਾਂ ਦੇ ਨਾਮ 'ਤੇ ਵੀ ਬਿੱਲ ਪਾਏ ਹਨ ਤੇ 1 ਲੱਖ ਡਾਲਰ ਵੀ ਗਾਇਬ ਕੀਤਾ ਹੈ। ਉਹਨਾਂ ਕਿਹਾ ਕਿ ਉਹਨਾਂ ਨੂੰ ਉਹਨਾਂ ਖਿਲਾਫ ਲੱਗੇ ਦੋਸ਼ਾਂ ਬਾਰੇ ਸੰਗਤ ਨੂੰ ਜਵਾਬ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਆਪਣੇ 'ਤੇ ਲੱਗੇ ਦੋਸ਼ਾਂ ਦਾ ਜਵਾਬ ਦੇਣ ਦੀ ਥਾਂ 'ਤੇ ਮਨਜੀਤ ਸਿੰਘ ਜੀ.ਕੇ. ਤੇ ਸਰਨਾ ਭਰਾ ਇਧਰ ਉਧਰ ਦੀਆਂ ਦਲੀਲਾਂ ਦੇ ਰਹੇ ਹਨ ਜੋ ਕਿ ਗਲਤ ਹੈ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ ਸਰਨਾ ਭਰਾਵਾਂ ਤੇ ਜੀ.ਕੇ. ਨੂੰ ਉਹਨਾਂ ਖਿਲਾਫ ਲੱਗੇ ਦੋਸ਼ਾਂ ਬਾਰੇ ਆਪਣਾ ਪੱਖ ਰੱਖਣ ਦਾ ਦੋ ਵਾਰ ਮੌਕਾ ਦਿੱਤਾ ਸੀ। ਅੱਜ ਦੀ ਮੀਟਿੰਗ ਵਿੱਚ ਵੀ ਇਨ੍ਹਾਂ ਨੂੰ ਸੱਦਾ ਦਿੱਤਾ ਗਿਆ ਸੀ, ਪਰ ਇਹਨਾਂ ਨੇ ਕੋਈ ਜਵਾਬ ਨਹੀਂ ਦਿੱਤਾ ਜਿਸ ਤੋਂ ਸਾਬਤ ਹੁੰਦਾ ਹੈ ਕਿ ਇਹ ਲੱਗੇ ਦੋਸ਼ ਸਹੀ ਹਨ। ਇਕ ਹੋਰ ਸਵਾਲ ਦੇ ਜਵਾਬ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਦਾ ਹਰ ਮੈਂਬਰ ਛੇਵੇਂ ਪਾਤਸ਼ਾਹ ਸ੍ਰੀ ਹਰਿਗੋਬਿੰਦ ਸਾਹਿਬ ਜੀ ਦੇ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਹੈ ਤੇ ਤਖ਼ਤ 'ਤੇ ਬਿਰਾਜਮਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਜਵਾਬਦੇਹ ਹੈ। ਉਹਨਾਂ ਕਿਹਾ ਕਿ ਅਸੀਂ ਜਥੇਦਾਰ ਸਾਹਿਬ ਦਾ ਪੂਰਾ ਦਿਲੋਂ ਸਤਿਕਾਰ ਕਰਦੇ ਹਾਂ ਤੇ ਉਹਨਾਂ ਵੱਲੋਂ ਦਿੱਤੇ ਹਰ ਦਿਸ਼ਾ ਨਿਰਦੇਸ਼ ਦੀ ਪਾਲਣਾ ਕਰਦੇ ਹਾਂ। ਉਹਨਾਂ ਕਿਹਾ ਕਿ ਸਮੇਂ ਸਮੇਂ 'ਤੇ ਸਾਡੀ ਗੱਲਬਾਤ ਜਥੇਦਾਰ ਸਾਹਿਬ ਨਾਲ ਹੁੰਦੀ ਰਹਿੰਦੀ ਹੈ ਤੇ ਅਸੀਂ ਹਮੇਸ਼ਾ ਹੀ ਜਥੇਦਾਰ ਦਾ ਹੁਕਮ ਸਿਰ ਮੱਥੇ ਮੰਨਦੇ ਹਾਂ। ਉਹਨਾਂ ਕਿਹਾ ਕਿ ਅੱਜ ਜੋ ਵੀ ਫੈਸਲਾ ਵਿਸ਼ੇਸ਼ ਮੀਟਿੰਗ ਵਿਚ ਹੋਇਆ, ਉਸ ਬਾਰੇ 11 ਮੈਂਬਰੀ ਕਮੇਟੀ ਬਣਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਭੇਜੀ ਜਾਵੇਗੀ ਜੋ ਕਿ ਜਥੇਦਾਰ ਸਾਹਿਬ ਨੂੰ ਹੋਏ ਫੈਸਲਿਆਂ ਤੋਂ ਅਤੇ ਸੰਗਤ ਦੀ ਭਾਵਨਾ ਤੋਂ ਜਾਣੂ ਕਰਵਾਏਗੀ। ਉਹਨਾਂ ਇਹ ਵੀ ਦੱਸਿਆ ਕਿ ਮਨਜੀਤ ਸਿੰਘ ਜੀ.ਕੇ. ਦੇ ਖਿਲਾਫ ਜਿਹੜੀਆਂ ਤਿੰਨ ਐਫ ਆਈ ਆਰ ਦਰਜ਼ ਹਨ ਅਤੇ ਉਂਸ ਵਿਚ ਚਾਰਜਸ਼ੀਟ ਵੀ ਦਾਖਲ ਹੈ, ਜਿਸ ਕਰਕੇ ਮਾਣਯੋਗ ਕੋਰਟ ਵੱਲੋਂ ਉਸ ਨੂੰ ਦੇਸ਼ ਛੱਡਣ 'ਤੇ ਮਨਾਹੀ ਦੇ ਹੁਕਮ ਦਿੱਤੇ ਹੋਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਰਜਿ 140

# ਪੰਜਾਬ ਭਾਰਤ ਦਾ ਢਾਂਚਾ ਬਹਾਲ



ਫਿਰੋਜ਼ਪੁਰ 25 ਅਪ੍ਰੈਲ (ਮਨੋਹਰ ਲਾਲ):ਆਪਣੀ ਨਵੇਕਲੀ ਪਹਿਚਾਣ ਬਣਾ ਚੁੱਕੀ ਜਥੇਬੰਦੀ ਸ੍ਰ ਜੱਸਾ ਸਿੰਘ ਰਾਮਗੜੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਦੀ ਮੀਟਿੰਗ ਗੁਰਦੁਆਰਾ ਗੁਰੂ ਅਰਜਨ ਦੇਵ ਜੀ ਧਵਨ ਕਲੋਨੀ ਫਿਰੋਜ਼ਪੁਰ ਸ਼ਹਿਰ ਵਿੱਚ ਹੋਈ ਜਿਸ ਦੀ ਅਗਵਾਈ ਹਰਭਜਨ ਸਿੰਘ ਦੜਿਆਲਾ ਪੰਜਾਬ ਪ੍ਰਧਾਨ ਨੇ ਕੀਤੀ ਉਨਾ ਦੱਸਿਆ ਕਿ ਨਵੰਬਰ ਮਹੀਨੇ ਵਿੱਚ ਸੁਸਾਇਟੀ ਦਾ ਢਾਂਚਾ ਭੰਗ ਕੀਤਾ ਗਿਆ ਸੀ ਜਿਸ ਦੇ ਮੱਦੇ ਨਜ਼ਰ ਸੋਸਾਇਟੀ ਦਾ ਢਾਂਚਾ ਅੱਜ ਬਹਾਲ ਕੀਤਾ ਜਾ ਰਿਹਾ ਹੈ ਮੀਟਿੰਗ ਵਿੱਚ ਪਹੁੰਚੇ ਸਾਰੇ ਰਾਮਗੜੀਆ ਭਾਈਚਾਰੇ ਨੇ ਆਪੋ ਆਪਣੇ ਵਿਚਾਰ ਰੱਖੇ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ ਨੇ ਵਿਸਥਾਰ ਨਾਲ ਦੱਸਦੇ ਹੋਏ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਸੋਸਾਇਟੀ ਦੇ ਮੈਂਬਰਾਂ ਵੱਲੋਂ ਮਹਾਰਾਜਾ ਸ੍ਰ ਜੱਸਾ ਸਿੰਘ ਰਾਮਗੜੀਆ ਜੀ ਦਾ ਜਨਮ ਦਿਹਾੜਾ 5 ਮਈ ਦਿਨ ਮੰਗਲਵਾਰ ਨੂੰ ਮਨਾਇਆ ਜਾਵੇਗਾਂ ਪਰਮਜੀਤ ਸਿੰਘ ਕਲਸੀ ਨੇ ਸਮਾਗਮ ਦਾ ਕਾਰਡ ਰਿਲੀਜ ਕੀਤਾ ਅਤੇ ਮੀਟਿੰਗ ਵਿੱਚ ਪਹੁੰਚੇ ਸਾਰੇ ਰਾਮਗੜੀਆਂ ਭਰਾਵਾਂ ਨੂੰ ਸਮਾਗਮ ਵਿੱਚ ਵੱਧ ਚੜ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਨਿਰਵੈਰ ਸਿੰਘ ਸਿੰਧੀ ਵਾਈਸ ਪ੍ਰਧਾਨ ਪੰਜਾਬ ਨੇ ਮੀਟਿੰਗ ਵਿੱਚ ਪਹੁੰਚੇ ਸਾਰੇ ਰਾਮਗੜੀਆਂ ਭਰਾਵਾਂ ਦਾ ਦਿਲੋਂ ਧੰਨਵਾਦ ਕੀਤਾ ਢਾਂਚੇ ਵਿੱਚ ਅਹੁਦੇਦਾਰਾਂ ਦੇ ਨਾਮ ਇਸ ਪ੍ਰਕਾਰ ਹਨ ਹਰਨੇਕ ਸਿੰਘ ਮਠਾੜੂ ਸਰਪਰਸ ਪੰਜਾਬ ਮੇਹਰ ਸਿੰਘ ਕਲਸੀ ਸੀਨੀਅਰ ਮੀਤ ਪ੍ਰਧਾਨ ਪੰਜਾਬ ਦਵਿੰਦਰ ਸਿੰਘ ਕਲਸੀ ਬੂਟਾ ਸਿੰਘ ਹਰਿਆਣਾ ਮੀਤ ਪ੍ਰਧਾਨ ਪੰਜਾਬ ਸਤਨਾਮ ਸਿੰਘ ਹਰਿਆਣ ਮੀਤ ਪ੍ਰਧਾਨ ਪੰਜਾਬ ਅੰਗਰੇਜ਼ ਸਿੰਘ ਕਲਸੀ ਜਿਲ ਪ੍ਰਧਾਨ ਸੁਖਮਿੰਦਰ ਸਿੰਘ ਜੱਬਲ ਸਕੱਤਰ ਜਨਰਲ ਪੰਜਾਬ ਪਿੱਪਲ ਸਿੰਘ ਨਾਗੀ ਸਟੇਜ ਸੈਕਟਰੀ ਪ੍ਰਦੀਪ ਸਿੰਘ ਭੁੱਲਰ ਮੀਤ ਪ੍ਰਧਾਨ ਪੰਜਾਬ ਰਜਿੰਦਰ ਸਿੰਘ ਸੱਗੂ ਮੀਤ ਪ੍ਰਧਾਨ ਪੰਜਾਬ ਇੰਦਰਜੀਤ ਸਿੰਘ ਤ ਮੀਤ ਪ੍ਰਧਾਨ ਪੰਜਾਬ ਜਸਵਿੰਦਰ ਸਿੰਘ ਸੰਧੂ ਮੀਤ ਪ੍ਰਧਾਨ ਪੰਜਾਬ ਪ੍ਰੀਤਮ ਸਿੰਘ ਭੁੱਲਰ ਜਿਲਾ ਮੀਤ ਪ੍ਰਧਾਨ ਕਸ਼ਮੀਰ ਸਿੰਘ ਭੁੱਲਰ ਸੀਨੀਅਰ ਮੀਤ ਪ੍ਰਧਾਨ ਪੰਜਾਬ ਸੁਰਜੀਤ ਸਿੰਘ ਦੜਿਆਲਾ ਜਥੇਬੰਦਕ ਸਕੱਤਰ ਪੰਜਾਬ ਗੁਰਵਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ ਪੰਜਾਬ ਸੰਤੋਖ ਸਿੰਘ ਸੀਨੀਅਰ ਮੀਤ ਪ੍ਰਧਾਨ ਪੰਜਾਬ ਤਜਿੰਦਰ ਸਿੰਘ ਪਨੇਸਰ ਵਾਈਸ ਪ੍ਰਧਾਨ ਪੰਜਾਬ ਦਲਬੀਰ ਸਿੰਘ ਦੜਿਆਲਾ ਸਕੱਤਰ ਪੰਜਾਬ ਬਲਵਿੰਦਰ ਸਿੰਘ ਕਲਸੀ ਜਿਲਾ ਮੀਤ ਪ੍ਰਧਾਨ ਸੁਰਿੰਦਰ ਸਿੰਘ ਲੋਟੇ ਜਿਲਾ ਮੀਤ ਪ੍ਰਧਾਨ ਪਰਵਿੰਦਰ ਸਿੰਘ ਪਿੰਟੂ ਐਮਸੀ ਜਿਲਾ ਚੇਅਰਮੈਨ ਰਾਜਬੀਰ ਸਿੰਘ ਗਾਬੜੀਆ ਜ਼ਿਲਾ ਮੀਤ ਪ੍ਰਧਾਨ ਸੁਰਿੰਦਰ ਸਿੰਘ ਸੋਹਲ ਜ਼ਿਲਾ ਜਰਨਲ ਸਕੱਤਰ ਭੁਪਿੰਦਰ ਸਿੰਘ ਮਾਈਕੋ ਪੰਪ ਅਮਰ ਸਿੰਘ ਗਾਬੜੀਆ ਜਰਨੈਲ ਸਿੰਘ ਗਾਬੜੀਆ ਸਵਰਨ ਸਿੰਘ ਭੁਪਿੰਦਰ ਸਿੰਘ ਵਰਿੰਦਰ ਸਿੰਘ ਲਾਡੀ ਜਥੇਬੰਧਕ ਸਕੱਤਰ ਜਸਬੀਰ ਸਿੰਘ ਕਲਸੀ ਜਨਰਲ ਸਕੱਤਰ ਪੰਜਾਬ ਜਗਤਾਰ ਸਿੰਘ ਕਲਸੀ ਕੈਸ਼ੀਅਰ ਗੁਰਪ੍ਰੀਤ ਸਿੰਘ ਕਲਸੀ ਮੀਡੀਆ ਇੰਚਾਰਜ ਸੁਖਚੈਨ ਸਿੰਘ ਖਾਲਸਾ ਮੀਤ ਪ੍ਰਧਾਨ ਪੰਜਾਬ ਜਗਜੀਤ ਸਿੰਘ ਭੁੱਲਰ ਸੀਨੀਅਰ ਮੀਤ ਪ੍ਰਧਾਨ ਪੰਜਾਬ ਹਰਚਰਨ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ ਤਜਿੰਦਰ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ ਗੁਰਚਰਨ ਸਿੰਘ ਭੋਗਲ ਜਿਲਾ ਸੈਕਟਰੀ ਗੁਰਚਰਨ ਸਿੰਘ ਨਾਗੀ ਜ਼ਿਲ੍ਹਾ ਜੁਆਇੰਟ ਸੈਕਟਰੀ ਕੁਲਵੰਤ ਸਿੰਘ ਨਾਗੀ ਜ਼ਿਲਾ ਸਹਾਇਕ ਸਕੱਤਰ ਮੁਖਤਿਆਰ ਸਿੰਘ ਰਿਆਣ ਜ਼ਿਲਾ ਮੀਤ ਪ੍ਰਧਾਨ ਇੰਦਰਜੀਤ ਸਿੰਘ ਸੱਗੂ ਜਿਲਾ ਮੀਤ ਪ੍ਰਧਾਨ ਪਰਮਿੰਦਰ ਸਿੰਘ ਡੀਸੀ ਜ਼ਿਲਾ ਸਕੱਤਰ ਬਲਜੀਤ ਸਿੰਘ ਜੁਆਇੰਟ ਸਕੱਤਰ ਪੰਜਾਬ ਅਨੋਖ ਸਿੰਘ ਜ਼ਿਲ੍ਹਾ ਸਕੱਤਰ ਸੁਖਚੈਨ ਸਿੰਘ ਜ਼ਿਲ੍ਹਾ ਸਕੱਤਰ ਜਸਬੀਰ ਸਿੰਘ ਜ਼ਿਲ੍ਹਾ ਸਕੱਤਰ ਹਰਭਜਨ ਸਿੰਘ ਦੜਿਆਲਾ ਪੰਜਾਬ ਪ੍ਰਧਾਨ ਨੇ ਦੱਸਿਆ ਕਿ ਸੋਸਾਇਟੀ ਦੇ ਹਰੇਕ ਮੈਂਬਰ ਨੂੰ ਬੰਨਦਾ ਮਾਨ ਸਨਮਾਨ ਦਿੱਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਚਾਇਤ ਦਿਵਸ ਤੇ ਪੁੰਨਾਵਾਲ ਪੰਚਾਇਤ ਨੇ ਲਗਾਏ ਪਿੰਡ 'ਚ ਬੂਟੇ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਪੁੰਨਾਵਾਲ ਵਿੱਚ ਉੱਘੇ ਸਮਾਜ ਸੇਵੀ ਸਰਪੰਚ ਗੋਬਿੰਦਰ ਖੰਗੂੜਾ ਨੇ ਆਪਣੇ ਮੈਬਰਾਂ ਨਾਲ ਪੰਚਾਇਤ ਦਿਵਸ ਤੇ ਪਿੰਡ ਵਿੱਚ ਬੂਟੇ ਲਗਾਏ ਗਏ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਰਪੰਚ ਗੋਬਿੰਦਰ ਖੰਗੂੜਾ ਨੇ ਪਿੰਡ ਵਾਸੀਆ ਨੂੰ ਵਾਤਾਵਰਣ ਨੂੰ ਸੰਭਾਲਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪਿਛਲੇ ਸਾਲਾਂ ਵਿੱਚ ਕਰੋਨਾ ਕਾਲ ਦੌਰਾਨ ਬਿਮਾਰ ਵਿਅਕਤੀਆ ਨੂੰ ਆਕਸੀਜਨ ਦੀ ਬਹੁਤ ਘਾਟ ਮਹਿਸੂਸ ਹੋਈ, ਅਸੀ ਹਰ ਵਿਅਕਤੀ ਨੂੰ ਅਪੀਲ ਕਰਦੇ ਹਾ ਕਿ ਆਕਸੀਜਨ ਦੀ ਘਾਟ ਨੂੰ ਪੂਰਾ ਕਰਨ ਲਈ ਹਰ ਘਰ ਇੱਕ ਇਕ ਛਾਂਦਾਰ ਬੂਟੇ ਲਾ ਕੇ ਉਹਨਾਂ ਦੀ ਸਾਂਭ ਸੰਭਾਲ ਕਰਨੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਸਰਕਾਰ ਵਲੋਂ 20 ਦਿਨਾਂ 'ਚ 28 ਸੋ ਕਰੋੜ ਦਾ ਕਰਜਾ ਚੁੱਕਣਾ ਪੰਜਾਬ ਲਈ ਚਿੰਤਾ ਦਾ ਵਿਸ਼ਾ: ਗੋਲਡੀ ਖੰਗੂੜਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਲਗਾਤਾਰ ਕਰਜ਼ੇ ਦੇ ਬੋਝ ਹੇਠ ਦੱਬਦੀ ਨਜ਼ਰ ਆ ਰਹੀ ਹੈ। ਪਿਛਲੇ ਕੁਝ ਸਮੇਂ ਤੋਂ ਸਰਕਾਰ ਵੱਲੋਂ ਨਿਯਮਿਤ ਤੌਰ 'ਤੇ ਨਵਾਂ ਕਰਜ਼ਾ ਲਿਆ ਜਾ ਰਿਹਾ ਹੈ। ਇਸੇ ਤਹਿਤ 21 ਅਪ੍ਰੈਲ ਨੂੰ ਪੰਜਾਬ ਸਰਕਾਰ ਨੇ ਮਾਰਕੀਟ ਤੋਂ 1300 ਕਰੋੜ ਰੁਪਏ ਦਾ ਨਵਾਂ ਕਰਜ਼ਾ ਲੈਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਹੈ। ਇਸ ਤੋਂ ਪਹਿਲਾਂ 2 ਅਪ੍ਰੈਲ ਨੂੰ ਸਰਕਾਰ 1500 ਕਰੋੜ ਰੁਪਏ ਦਾ ਕਰਜ਼ਾ ਲੈ ਚੁੱਕੀ ਹੈ। ਇਸ ਤਰ੍ਹਾਂ ਕੇਵਲ 20 ਦਿਨਾਂ ਵਿੱਚ ਹੀ ਸਰਕਾਰ ਵੱਲੋਂ ਕੁੱਲ 2800 ਕਰੋੜ ਰੁਪਏ ਦਾ ਕਰਜ਼ਾ ਲਿਆ ਜਾ ਚੁੱਕਾ ਹੈ, ਜੋ ਪੰਜਾਬ ਲਈ ਚਿੰਤਾ ਦਾ ਵਿਸ਼ਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਲੰਮੇ ਸਮੇਂ ਤੋਂ ਕਰਜ਼ਾ ਲੈਣ ਦਾ ਸਿਲਸਿਲਾ ਜਾਰੀ ਹੈ। ਸ਼ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਤੋਂ ਬਾਅਦ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਵੀ ਚਾਰ ਸਾਲ ਹੋ ਚੁੱਕੇ ਹਨ, ਪਰ ਕਰਜ਼ਾ ਲੈਣ ਦੀ ਪ੍ਰਵਿਰਤੀ ਵਿੱਚ ਕੋਈ ਘਾਟ ਨਹੀਂ ਆਈ। ਬਲਕਿ ਹਰ ਸਾਲ ਕਰਜ਼ੇ ਦੀ ਮਾਤਰਾ ਵਧਦੀ ਹੀ ਜਾ ਰਹੀ ਹੈ। ਮੌਜੂਦਾ ਸਮੇਂ ਵਿੱਚ ਪੰਜਾਬ ਉੱਤੇ ਕੁੱਲ ਕਰਜ਼ਾ ਲਗਭਗ 4 ਲੱਖ ਕਰੋੜ ਰੁਪਏ ਤੱਕ ਪਹੁੰਚ ਚੁੱਕਾ ਹੈ, ਜੋ ਰਾਜ ਦੀ ਆਰਥਿਕ ਸਥਿਤੀ ਲਈ ਗੰਭੀਰ ਚਿੰਤਾ ਦਾ ਵਿਸ਼ਾ ਬਣ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਕਰਤਾਰ ਸਿੰਘ ਜੀ ਖ਼ਾਲਸਾ ਅਕੈਡਮੀ ਵਿਖੇ ਮੰਨਾਇਆ ਗਿਆ 'ਮਲੇਰੀਆ ਦਿਵਸ'



ਫਿਰੋਜ਼ਪੁਰ 25 ਅਪ੍ਰੈਲ (ਮਨੋਹਰ ਲਾਲ): ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਜੀ ਦੀ ਸਰਪ੍ਰਸਤੀ ਹੇਠ ਚਲ ਰਹੇ ਬਹੁਤ ਸਾਰੇ ਅਦਾਰਿਆਂ ਵਿਚੋਂ ਇਕ ਅਦਾਰਾ ਸੰਤ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸਕੈਂਡਰੀ ਸਕੂਲ ਬੁਰਜ ਮੱਖਣ, ਫਿਰੋਜਪੁਰ ਵਿਚ 'ਮਲੇਰੀਆ ਦਿਵਸ' ਨਾਲ ਸੰਬੰਧਿਤ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਜਿਸ ਵਿਚ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਨੇ ਸਮੂਲੀਅਤ ਕੀਤੀ। ਵਿਦਿਆਰਥੀਆਂ ਵਿਚ ਦਸਵੀਂ ਕਲਾਸ ਦੀ ਸਿਮਰਨਪ੍ਰੀਤ ਕੌਰ ਅਤੇ ਛੇਵੀਂ ਕਲਾਸ ਦੇ ਪੰਥਪ੍ਰੀਤ ਸਿੰਘ ਨੇ ਮਲੇਰੀਆਂ ਨਾਲ ਸੰਬੰਧਿਤ ਵਿਚਾਰ ਪੇਸ਼ ਕੀਤੇ। ਅਧਿਆਪਕਾਂ ਵਿਚੋਂ ਮੈਡਮ ਅਮਨਦੀਪ ਕੌਰ ਅਤੇ ਮੈਡਮ ਲਤਾ ਨੇ ਤੰਬਾਕੂ ਦਿਵਸ ਦੇ ਪਿਛੋਕੜ ਨੂੰ ਦਸਦਿਆਂ ਤੰਬਾਕੂ ਨਾਲ ਹੋਣ ਵਾਲੀਆਂ ਬਿਮਾਰੀਆਂ ਸੰਬੰਧੀ ਚਾਣਨਾ ਪਾਇਆ। ਵਿਦਿਆਰਥੀ ਨੇ ਤੰਬਾਕੂ ਕਿਵੇਂ ਹਾਨੀਕਾਰਕ ਹੈ ਅਤੇ ਇਸ ਨਾਲ ਕੇਹੜੀਆਂ ਕੇਹੜੀਆਂ ਬਿਮਾਰੀਆਂ ਲਗਦੀਆਂ ਹਨ ਅਤੇ ਇਨ੍ਹਾਂ ਤੋਂ ਬਚਿਆ ਕਿਵੇਂ ਜਾਏ ਆਦਿ ਸੰਬੰਧੀ ਵਿਸਥਾਰ ਸਹਿਤ ਸਮਝਾਇਆ ਅੰਤ ਸਕੂਲ ਦੇ ਪ੍ਰਿੰਸੀਪਲ ਪ੍ਰਭਜੀਤ ਕੌਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਸੈਮੀਨਾਰ ਵਿਚ ਹਾਜ਼ਰ ਸਨ-ਪ੍ਰਿੰਸੀਪਲ ਹਰਸ਼ਦੀਪ ਸਿੰਘ (ਦਸਮੇਸ਼ ਅਦਾਰੇ), ਪ੍ਰਿੰਸੀਪਲ ਗੁਰਦੀਪ ਸਿੰਘ (ਖਾਲਸਾ ਕਾਲਜ ਮਹਿਤਾ), ਡਾ. ਅਰਜੁਨ ਸਿੰਘ, ਪ੍ਰਭਜੀਤ ਕੌਰ, ਮਨਪ੍ਰੀਤ ਕੌਰ (ਕੋਆਡੀਨੇਟਰ), ਸੁਖਦੇਵ ਸਿੰਘ, ਚਰਨਜੀਤ ਸਿੰਘ, ਮੈਡਮ ਲਤਾ, ਅਮਨਦੀਪ ਕੌਰ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਮਨਪ੍ਰੀਤ ਸਿੰਘ, ਮਨਪ੍ਰੀਤ ਕੌਰ ਆਦਿ।

ਆਵਾਜ਼ਿ ਕੌਮ AWAZE QAUM International Newspaper & WEB TV

### ਸਾਰੀਆਂ ਪੰਥਕ ਧਿਰਾਂ ਨਾਲ ਏਕਤਾ ਕਰਕੇ ਬਣਾਵਾਂਗੇ

# ਸਾਂਝਾ ਪੰਥਕ ਮੁਹਾਜ-ਗਿਆਨੀ ਹਰਪ੍ਰੀਤ ਸਿੰਘ





**ਜਲੰਧਰ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਾਰੀਆਂ ਪੰਥਕ ਧਿਰਾਂ ਨੂੰ ਨਾਲ ਲੈ ਕੇ ਇਕ ਸਾਂਝਾ ਮੁਹਾਜ ਬਣਾਇਆ ਜਾਵੇਗਾ ਤਾਂ ਜੋ ਪੰਜਾਬ ਦੀ ਖੇਤਰੀ ਸ਼ਕਤੀ ਨੂੰ ਮਜ਼ਬੂਤ ਕੀਤਾ ਜਾ ਸਕੇ। ਇਹਨਾਂ ਗੱਲਾਂ ਦਾ ਪ੍ਰਗਟਾਵਾ ਗਿਆਨੀ ਹਰਪ੍ਰੀਤ ਸਿੰਘ ਨੇ ਸਾਰੀਆਂ ਪੰਥਕ ਧਿਰਾਂ ਦੀ ਇਕ ਸਾਂਝੀ ਮੀਟਿੰਗ ਤੋਂ ਬਾਦ ਪ੍ਰੈਸ ਕਾਨਫਰੰਸ ਵਿੱਚ ਕੀਤਾ। ਉਹਨਾਂ ਦੱਸਿਆ ਗੁਰੂ ਤੇਗ ਬਹਾਦਰ ਸਾਹਿਬ ਗੁਰਦੁਆਰਾ ਜਲੰਧਰ ਵਿੱਚ ਹੋਈ ਅੱਜ ਦੀ ਇਸ ਮੀਟਿੰਗ ਵਿੱਚ ਯੁਨਾਈਟਡ ਅਕਾਲੀ ਦਲ ਵੱਲੋਂ ਸ ਗੁਰਦੀਪ ਸਿੰਘ ਬਠਿੰਡਾ, ਸ ਬੂਟਾ ਸਿੰਘ ਰਣਸੀਂਹ, ਅਕਾਲੀ ਦਲ ਸੁਤੰਤਰ ਵੱਲੋਂ ਸ ਪਰਮਜੀਤ ਸਿੰਘ ਸਹੌਲੀ, ਬੇਗਮਪੁਰਾ ਖਾਲਸਾ ਰਾਜ ਪਾਰਟੀ ਵੱਲੋਂ ਸ ਗੁਰਿੰਦਰ ਸਿੰਘ ਬਾਜਵਾ, ਭਾਈ ਜਗਤਾਰ ਸਿੰਘ ਹਵਾਰਾ ਕਮੇਟੀ ਵੱਲੋਂ ਸ ਇੰਦਰਜੀਤ ਸਿੰਘ, ਕੌਮੀ ਇਨਸਾਫ ਮੋਰਚੇ ਤੋਂ ਸ ਪਾਲ ਸਿੰਘ ਫਰਾਂਸ ਸ਼ਾਮਲ ਹੋਏ। ਮੀਟਿੰਗ ਵਿੱਚ ਸਾਰੀਆਂ ਧਿਰਾਂ ਨੇ ਸਾਂਝੇ ਪ੍ਰੋਗਰਾਮ ਤਹਿਤ ਮਿਲ ਕੇ ਚੱਲਣ ਦਾ ਅਹਿਦ ਕੀਤਾ। ਇਸ ਮੀਟਿੰਗ ਵਿੱਚ ਇਕ ਸਾਂਝੀ ਕਮੇਟੀ ਬਣਾਉਣ ਦਾ ਵੀ ਫੈਸਲਾ ਹੋਇਆ ਜੋ ਰਹਿੰਦੇ ਪੰਥਕ ਗਰੁੱਪਾਂ ਅਤੇ ਹਮਖਿਆਲੀ ਕਿਸਾਨ ਯੂਨੀਅਨ ਨਾਲ ਏਕਤਾ ਬਾਰੇ ਗੱਲਬਾਤ ਕਰੇਗੀ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਹ ਇਕ ਬਹੁਤ ਵੱਡੀ ਉਪਲੱਬਧੀ ਹੋਵੇਗੀ ਜੇ ਸਾਰੀਆਂ ਧਿਰਾਂ ਸਾਂਝੇ ਪਲੇਟਫਾਰਮ 'ਤੇ ਇਕੱਤਰ ਹੋ ਜਾਂਦੀਆਂ ਹਨ। ਅੱਜ ਦੀ ਇਸ ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸਰਪ੍ਰਸਤ ਸ ਰਵੀਇੰਦਰ ਸਿੰਘ, ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ, ਸ ਸਰਵਣ ਸਿੰਘ ਫਿਲੌਰ, ਬੀਬੀ ਹਰਜੀਤ ਕੌਰ ਤਲਵੰਡੀ, ਬੀਬੀ ਸਿਮਰਜੀਤ ਕੌਰ ਸਿੱਧੂ, ਸ ਮਹਿੰਦਰਪਾਲ ਸਿੰਘ ਬਿਨਾਕਾ, ਸ ਅਮਰਜੀਤ ਸਿੰਘ ਕਿਸ਼ਨਪੁਰਾ, ਹਰਵਿੰਦਰ ਸਿੰਘ ਚਿਤਕਾਰਾ, ਸ ਅਮਰਜੀਤ ਸਿੰਘ ਗੁਰੂ ਗੋਬਿੰਦ ਸਿੰਘ ਨਗਰ, ਸ ਸੁਖਮੋਹਨ ਸਿੰਘ ਸਹਿਗਲ, ਸ ਬਲਜੀਤ ਸਿੰਘ ਅਕਾਲੀਆਂ ਵਾਲਾ, ਸ ਗੁਰਲਾਭ ਸਿੰਘ ਧਰਮਕੋਟ, ਸ ਸੁਖਦੇਵ ਸਿੰਘ ਫਗਵਾੜਾ, ਸ ਪਰਮਪਾਲ ਸਿੰਘ ਸਭਰਾਅ, ਸ ਅਵਤਾਰ ਸਿੰਘ ਕਲੇਰ ਸ ਜਗਜੀਤ ਸਿੰਘ ਗਾਬਾ ਆਦਿ ਆਗੂ ਹਾਜਿਰ ਸਨ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

**ਸਾਂਝੀ ਤਾਲਮੇਲ ਕਮੇਟੀ ਬਣਾ ਕੇ ਸਾਰੀਆਂ ਕਿਸਾਨ ਯੂਨੀਅਨਾਂ ਅਤੇ ਹੋਰ ਸਾਰਿਆਂ ਨੂੰ ਮਿਲਣ ਦਾ ਪ੍ਰੋਗਰਾਮ**

### ਅਕਾਲੀਆਂ ਵੱਲੋਂ ਦਿੱਲੀ ਕਮੇਟੀ ਦੀਆਂ ਮੀਟਿੰਗਾਂ ਦਾ ਬਾਇਕਾਟ, ਕਾਰਵਾਈਆਂ ਨੂੰ "ਗੈਰ-ਕਾਨੂੰਨੀ" ਅਤੇ

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਉਲੰਘਣਾ ਦਿੱਤਾ ਕਰਾਰ



**ਨਵੀਂ ਦਿੱਲੀ, 25 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ (ਦਿੱਲੀ ਯੂਨਿਟ) ਦੇ ਸਾਰੇ ਮੈਂਬਰਾਂ ਨੇ ਸ਼ਨਿੱਚਰਵਾਰ ਨੂੰ ਦਿੱਲੀ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਵੱਲੋਂ ਬੁਲਾਈਆਂ ਮੀਟਿੰਗਾਂ ਦਾ ਪੂਰਾ ਬਾਇਕਾਟ ਕਰਨ ਦਾ ਐਲਾਨ ਕੀਤਾ। ਉਨ੍ਹਾਂ ਨੇ 25 ਅਪ੍ਰੈਲ ਦੀ ਬੈਠਕ ਅਤੇ ਇਸ ਤੋਂ ਪਹਿਲਾਂ 25 ਅਕਤੂਬਰ 2025 ਦੀ ਕਾਰਵਾਈ ਨੂੰ "ਕਾਨੂੰਨੀ ਤੌਰ 'ਤੇ ਅਵੈਧ ਅਤੇ ਧਾਰਮਿਕ ਤੌਰ 'ਤੇ ਅਪ੍ਰਵਾਨ" ਕਰਾਰ ਦਿੱਤਾ। ਇਹ ਫ਼ੈਸਲਾ ਦਿੱਲੀ ਵਿੱਚ ਪਾਰਟੀ ਨਾਲ ਸੰਬੰਧਤ ਦਿੱਲੀ ਗੁਰਦੁਆਰਾ ਕਮੇਟੀ ਦੇ ਮੈਂਬਰਾਂ ਅਤੇ ਹੋਰ ਆਗੂਆਂ ਦੀ ਆਪਸੀ ਰਾਏ ਨਾਲ ਲਿਆ ਗਿਆ। ਦਿੱਲੀ ਅਕਾਲੀ ਦਲ ਮੁਖੀ ਸ. ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਜਦੋਂ ਤੱਕ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਨਹੀਂ ਹੁੰਦੀ, ਉਨ੍ਹਾਂ ਦੇ ਸਾਥੀ ਨਾ ਤਾਂ ਸ. ਕਾਲਕਾ ਨਾਲ ਕਿਸੇ ਤਰ੍ਹਾਂ ਦੀ ਭਾਗੀਦਾਰੀ ਕਰਨਗੇ ਅਤੇ ਨਾ ਹੀ ਉਨ੍ਹਾਂ ਦੇ ਅਧਿਕਾਰ ਹੇਠ ਬੁਲਾਈਆਂ ਮੀਟਿੰਗਾਂ ਵਿੱਚ ਸ਼ਾਮਲ ਹੋਣਗੇ। "25 ਅਕਤੂਬਰ ਦੀ ਕਾਰਵਾਈ ਦੀ ਨੀਂਹ ਹੀ ਗੈਰ-ਕਾਨੂੰਨੀ ਹੈ ਅਤੇ ਇਸ ਕਾਰਵਾਈ 'ਤੇ ਅਧਾਰਿਤ ਹਰ ਚੀਜ਼ ਵਿੱਚ ਉਹੀ ਖਾਮੀ ਹੈ," ਸਰਨਾ ਨੇ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਅਤੇ ਇਸ ਮਾਮਲੇ ਨੂੰ ਦਿੱਲੀ ਗੁਰਦੁਆਰਾ ਕਮੇਟੀ ਦੀ ਸੰਸਥਾਗਤ ਕਾਰਗੁਜ਼ਾਰੀ ਦੀ ਭਰੋਸੇਯੋਗਤਾ ਨਾਲ ਜੋੜਿਆ। ਸ. ਸਰਨਾ ਅਨੁਸਾਰ, 25 ਅਕਤੂਬਰ ਦੀ ਮੀਟਿੰਗ ਦਿੱਲੀ ਸਿੱਖ ਗੁਰਦੁਆਰਾ ਐਕਟ, 1971 ਦੇ ਤਹਿਤ ਲਾਜ਼ਮੀ ਨੋਟਿਸ ਦੀਆਂ ਸ਼ਰਤਾਂ ਨੂੰ ਪੂਰਾ ਨਹੀਂ ਕਰਦੀ ਸੀ। ਇਸ ਅਧਾਰ 'ਤੇ, ਉਨ੍ਹਾਂ ਕਿਹਾ ਕਿ 25 ਅਪ੍ਰੈਲ ਦੀ ਮੀਟਿੰਗ ਵਿੱਚ ਉਸ ਕਾਰਵਾਈ ਨੂੰ ਮਨਜ਼ੂਰੀ ਦੇਣ ਜਾਂ ਮੰਜ਼ੂਰ ਕਰਾਰ ਦੇਣ ਦੀ ਕੋਈ ਕਾਨੂੰਨੀ ਹੈਸੀਅਤ ਨਹੀਂ। ਕਾਨੂੰਨੀ ਚੁਣੌਤੀ ਦੇ ਨਾਲ-ਨਾਲ, ਸਰਨਾ ਨੇ ਇਸਨੂੰ ਧਾਰਮਿਕ ਅਧਿਕਾਰ ਦੀ ਗੰਭੀਰ ਉਲੰਘਣਾ ਵੀ ਕਰਾਰ ਦਿੱਤਾ। ਉਨ੍ਹਾਂ ਮੁਤਾਬਕ, ਸ. ਕਾਲਕਾ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਤਲਬ ਕੀਤਾ ਗਿਆ ਸੀ, ਜਿੱਥੇ ਉਨ੍ਹਾਂ ਨੂੰ 25 ਅਕਤੂਬਰ ਦੀ ਕਾਰਵਾਈ ਨੂੰ ਰੱਦ ਘੋਸ਼ਿਤ ਕਰਨ ਅਤੇ ਸਥਿਤੀ ਰਿਪੋਰਟ ਪੇਸ਼ ਕਰਨ ਦੇ ਹੁਕਮ ਦਿੱਤੇ ਗਏ ਸਨ। ਸਰਨਾ ਨੇ ਕਿਹਾ ਕਿ ਸ. ਕਾਲਕਾ ਅਤੇ ਉਨ੍ਹਾਂ ਦੇ ਸਾਥੀਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਮੁਤਾਬਕ ਕੁਝ ਵੀ ਨਹੀਂ ਕੀਤਾ ਜੋ ਕਿ ਵੱਡੀ ਉਲੰਘਣਾ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਜਦ ਤੱਕ ਸ. ਕਾਲਕਾ ਅਤੇ ਉਨ੍ਹਾਂ ਦੇ ਸਾਥੀ ਆਦੇਸ਼ਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਖਿਮਾ ਜਾਚਨਾ ਨਹੀਂ ਮੰਗਦੇ, ਤਦ ਤੱਕ ਕਿਸੇ ਵੀ ਤਰ੍ਹਾਂ ਦੀ ਸੰਸਥਾਗਤ ਭਾਗੀਦਾਰੀ ਨਹੀਂ ਹੋ ਸਕਦੀ। ਸ. ਸਰਨਾ ਨੇ ਸ. ਕਾਲਕਾ 'ਤੇ "ਖ਼ਾਮੀ ਵਾਲੀ ਪ੍ਰਕਿਰਿਆ ਨੂੰ ਬਾਅਦ ਵਿੱਚ ਜਾਇਜ਼ ਬਣਾਉਣ ਦੀ ਕੋਸ਼ਿਸ਼" ਕਰਨ ਦਾ ਦੋਸ਼ ਲਗਾਇਆ, ਖ਼ਾਸਕਰ ਦਿੱਲੀ ਸਰਕਾਰ ਦੇ ਗੁਰਦੁਆਰਾ ਚੋਣ ਡਾਇਰੈਕਟਰੇਟ ਵੱਲੋਂ ਆਈ ਹਾਲੀਆ ਚਿੱਠੀ ਦੇ ਸੰਦਰਭ ਵਿੱਚ। ਉਨ੍ਹਾਂ ਕਿਹਾ ਕਿ ਇਸ ਸਰਕਾਰੀ ਚਿੱਠੀ ਵਿੱਚ ਉਨ੍ਹਾਂ ਦੇ ਇਤਰਾਜ਼ਾਂ ਦਾ ਨੋਟਿਸ ਲਿਆ ਗਿਆ ਹੈ ਅਤੇ ਕਾਨੂੰਨ ਅਧੀਨ ਕਾਰਵਾਈ ਦੀ ਗੱਲ ਕੀਤੀ ਗਈ ਹੈ। ਉਨ੍ਹਾਂ ਨੇ ਕਿਹਾ ਇਸ ਨਾਲ ਸਾਫ਼ ਹੈ ਕਿ ਨਿਯਮਾਂ ਨੂੰ ਅਣਡਿੱਠਾ ਨਹੀਂ ਕੀਤਾ ਜਾ ਸਕਦਾ। ਇਸਦੇ ਬਾਵਜੂਦ ਕਾਰਵਾਈ ਨੂੰ ਅੱਗੇ ਵਧਾਉਣਾ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਨੇ 25 ਅਕਤੂਬਰ ਦੀ ਮੀਟਿੰਗ ਦੌਰਾਨ ਪਾਸ ਕੀਤੇ ਗਏ ਉਹ ਪ੍ਰਸਤਾਵ ਵੀ ਦੁਹਰਾਏ, ਜਿਨ੍ਹਾਂ ਰਾਹੀਂ ਕੁਝ ਚੁਣੇ ਹੋਏ ਮੈਂਬਰਾਂ, ਸਮੇਤ ਉਨ੍ਹਾਂ ਨੂੰ ਵੀ ਹਟਾਉਣ ਦੀ ਕੋਸ਼ਿਸ਼ ਕੀਤੀ ਗਈ ਸੀ, ਅਤੇ ਕਿਹਾ ਕਿ ਐਸੀ ਕੋਈ ਸ਼ਕਤੀ ਸੰਬੰਧਤ ਐਕਟ ਵਿੱਚ ਮੌਜੂਦ ਨਹੀਂ। 25 ਅਕਤੂਬਰ ਦੀ ਕਾਰਵਾਈ ਅਤੇ 25 ਅਪ੍ਰੈਲ ਦੀ ਮੀਟਿੰਗ ਦੋਵਾਂ ਨੂੰ ਸਿੱਧੀ ਚੁਣੌਤੀ ਨਾਲ ਇਸ ਵਿਵਾਦ ਦੇ ਹੋਰ ਗੰਭੀਰ ਹੋਣ ਦੇ ਸੰਕੇਤ ਹਨ। ਅਕਾਲੀ ਆਗੂਆਂ ਨੇ ਕਿਹਾ ਕਿ ਉਹ ਕਾਰਵਾਈਆਂ ਨੂੰ ਰੱਦ ਘੋਸ਼ਿਤ ਕਰਵਾਉਣ ਅਤੇ ਜ਼ਿੰਮੇਵਾਰੀ ਨਿਰਧਾਰਤ ਕਰਵਾਉਣ ਲਈ ਆਪਣਾ ਸੰਘਰਸ਼ ਜਾਰੀ ਰੱਖਣਗੇ। ਸ. ਸਰਨਾ ਨੇ ਕਿਹਾ ਕਿ ਇਸ ਮਾਮਲੇ ਦੀ ਪਰਖ ਕਾਨੂੰਨ ਅਤੇ ਸਿੱਖ ਸੰਸਥਾਵਾਂ ਨੂੰ ਸੰਚਾਲਿਤ ਕਰਨ ਵਾਲੀ ਅਥਾਰਟੀ ਦੇ ਅਧਾਰ 'ਤੇ ਹੋਵੇਗੀ।

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ 'ਚ ਇੱਕ ਪੇਰੈਂਟ ਕਨੈਕਟ ਪ੍ਰੋਗਰਾਮ ਦਾ ਆਯੋਜਨ



**ਫਿਰੋਜ਼ਪੁਰ 25 ਅਪ੍ਰੈਲ (ਮਨੋਹਰ ਲਾਲ)**: ਫਿਰੋਜ਼ਪੁਰ ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਨੇ ਵਿਦਿਆਰਥੀਆਂ ਦੇ ਅਕਾਦਮਿਕ ਵਿਕਾਸ ਲਈ ਮਾਪਿਆਂ ਅਤੇ ਅਧਿਆਪਕਾਂ ਵਿਚਕਾਰ ਆਪਸੀ ਤਾਲਮੇਲ ਨੂੰ ਉਤਸ਼ਾਹਿਤ ਕਰਨ ਲਈ ਚੇਅਰਮੈਨ ਡਾ. ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੇ ਨਿਰਦੇਸ਼ਾਂ ਅਨੁਸਾਰ ਇੱਕ ਪੇਰੈਂਟ ਕਨੈਕਟ ਪ੍ਰੋਗਰਾਮ ਦਾ ਆਯੋਜਨ ਕੀਤਾ। ਪ੍ਰੋਗਰਾਮ ਦੌਰਾਨ, ਮਾਪਿਆਂ ਨੇ ਅਧਿਆਪਕਾਂ ਨਾਲ ਆਪਣੇ ਬੱਚੇ ਦੀ ਅਕਾਦਮਿਕ ਤਰੱਕੀ ਅਤੇ ਸੁਧਾਰ ਦੇ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ। ਇਸ ਨਾਲ ਮਾਪਿਆਂ ਨੂੰ ਆਪਣੇ ਬੱਚੇ ਦੀਆਂ ਯੋਗਤਾਵਾਂ ਅਤੇ ਉਨ੍ਹਾਂ ਮੁਸ਼ਕਲਾਂ ਨੂੰ ਸਮਝਣ ਵਿੱਚ ਮਦਦ ਮਿਲੀ ਜਿਨ੍ਹਾਂ 'ਤੇ ਵਧੇਰੇ ਧਿਆਨ ਦੇਣ ਦੀ ਲੋੜ ਹੈ। ਨਿਯਮਤ ਸਕੂਲ ਹਾਜ਼ਰੀ ਦੀ ਮਹੱਤਤਾ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਅਧਿਆਪਕਾਂ ਨੇ ਦੱਸਿਆ ਕਿ ਸਕੂਲ ਵਿੱਚ ਰੋਜ਼ ਦੀ ਹਾਜ਼ਰੀ ਅਤੇ ਸਿੱਖਣ ਦੇ ਨਤੀਜਿਆਂ ਨੂੰ ਬਿਹਤਰ ਬਣਾਉਂਦੀ ਹੈ, ਕਲਾਸਰੂਮ ਵਿੱਚ ਵਿਸ਼ਵਾਸ ਪੈਦਾ ਕਰਦੀ ਹੈ ਅਤੇ ਵਿਦਿਆਰਥੀ ਵਿਕਾਸ ਨੂੰ ਉਤਸ਼ਾਹਿਤ ਕਰਦੀ ਹੈ। ਪੀਟੀ-1 ਪਾਠਕ੍ਰਮ ਅਤੇ ਪ੍ਰੀਖਿਆ ਦੀ ਤਿਆਰੀ ਬਾਰੇ ਵੀ ਵਿਆਪਕ ਚਰਚਾ ਕੀਤੀ ਗਈ। ਪ੍ਰੀਖਿਆ ਦੌਰਾਨ ਬੱਚਿਆਂ ਨੂੰ ਤਣਾਅ-ਮੁਕਤ ਰੱਖਣ ਲਈ ਘਰ ਵਿੱਚ ਸਮਾਂ-ਸਾਰਣੀ ਬਣਾ ਕੇ ਪੜ੍ਹਾਈ ਅਤੇ ਖੇਡਣ ਦੇ ਸਮੇਂ ਨੂੰ ਨਿਰਧਾਰਤ ਕਰਨ ਦੀਆਂ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਗਈ। ਪ੍ਰਿੰਸੀਪਲ ਰੇਖਾ ਪਾਸੀ ਨੇ ਮਾਪਿਆਂ ਦੀ ਸਰਗਰਮ ਭਾਗੀਦਾਰੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ, "ਜਦੋਂ ਮਾਪੇ ਅਤੇ ਅਧਿਆਪਕ ਇੱਕ ਟੀਮ ਵਜੋਂ ਕੰਮ ਕਰਦੇ ਹਨ, ਤਾਂ ਹਰ ਬੱਚੇ ਕੋਲ ਸਫਲ ਹੋਣ ਦਾ ਸਭ ਤੋਂ ਵਧੀਆ ਮੌਕਾ ਹੁੰਦਾ ਹੈ। ਨਿਯਮਤ ਹਾਜ਼ਰੀ, ਸਮੇਂ ਸਿਰ 'ਤੇ ਦੁਹਰਾਈ ਅਤੇ ਖੁੱਲ੍ਹੀ ਗੱਲਬਾਤ ਇਹ ਬੱਚੇ ਦੀ ਵਿਦਿਅਕ ਸਫ਼ਰ ਦੇ ਤਿੰਨ ਮੁੱਖ ਥੰਮ ਹਨ। ਮਾਪਿਆਂ ਨੇ ਆਪਣੇ ਬੱਚੇ ਦੀ ਤਰੱਕੀ ਲਈ ਸਕੂਲ ਦੇ ਪਾਰਦਰਸ਼ੀ ਅਤੇ ਸਹਾਇਕ ਪਹੁੰਚ ਲਈ ਧੰਨਵਾਦ ਕੀਤਾ।

# ਸਰਦਾਰ ਸਰਬਜੀਤ ਸਿੰਘ ਛਾਬੜਾ ਨਮਿੱਤ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ ਅੱਜ ਖਾਲਸਾ ਗੁਰਦੁਆਰਾ ਫਿਰੋਜ਼ਪੁਰ ਛਾਉਣੀ ਵਿਖੇ ਹੋਇਆ



**ਫਿਰੋਜ਼ਪੁਰ, 25 ਅਪ੍ਰੈਲ (ਮਨੋਹਰ ਲਾਲ)**-ਸਥਾਨਕ ਸ਼ਹਿਰ ਦੀ ਉੱਘੀ ਸ਼ਖਸੀਅਤ ਅਤੇ ਸਮਾਜ ਸੇਵੀ ਸਰਦਾਰ ਸਰਬਜੀਤ ਸਿੰਘ ਛਾਬੜਾ ਜੀ, ਜੋ ਬੀਤੇ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ, ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸਹਿਜ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਅੱਜ ਖਾਲਸਾ ਗੁਰਦੁਆਰਾ, ਫਿਰੋਜ਼ਪੁਰ ਛਾਉਣੀ ਵਿਖੇ ਬੜੀ ਸ਼ਰਧਾ ਅਤੇ ਭਾਵਨਾ ਨਾਲ ਕਰਵਾਈ ਗਈ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਰਾਗੀ ਜਥਿਆਂ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ ਅਤੇ ਗੁਰਬਾਣੀ ਦੇ ਜਾਪ ਰਾਹੀਂ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਅਰਦਾਸ ਉਪਰੰਤ ਵੱਖ-ਵੱਖ ਧਾਰਮਿਕ, ਰਾਜਨੀਤਿਕ ਅਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਸਰਦਾਰ ਸਰਬਜੀਤ ਸਿੰਘ ਛਾਬੜਾ ਜੀ ਦੇ ਜੀਵਨ 'ਤੇ ਚਾਨਣਾ ਪਾਇਆ। ਬੁਲਾਰਿਆਂ ਨੇ ਕਿਹਾ ਕਿ ਛਾਬੜਾ ਜੀ ਇੱਕ ਮਿਲਣਸਾਰ ਅਤੇ ਨੇਕ ਦਿਲ ਇਨਸਾਨ ਸਨ, ਜਿਨ੍ਹਾਂ ਨੇ ਹਮੇਸ਼ਾ ਸਮਾਜ ਭਲਾਈ ਦੇ ਕਾਰਜਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ। ਉਹਨਾਂ ਦੇ ਅਕਾਲ ਚਲਾਣੇ ਨਾਲ ਪਰਿਵਾਰ ਅਤੇ ਇਲਾਕੇ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਦੁੱਖ ਦੀ ਘੜੀ ਵਿੱਚ ਇਲਾਕੇ ਦੀਆਂ ਨਾਮਵਰ ਸ਼ਖਸੀਅਤਾਂ ਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਉਹ ਇਸ ਔਖੇ ਸਮੇਂ ਵਿੱਚ ਛਾਬੜਾ ਪਰਿਵਾਰ ਦੇ ਨਾਲ ਖੜ੍ਹੇ ਹਨ। ਇਸ ਮੌਕੇ ਸਰਬਜੀਤ ਸਿੰਘ ਛਾਬੜਾ ਨੂੰ ਭਾਰੀ ਗਿਣਤੀ ਵਿਚ ਧਾਰਮਿਕ,ਸਮਾਜਿਕ ਅਤੇ ਰਾਜਨੀਤਿਕ ਦੇ ਆਗੂਆਂ ਨੇ ਜਿਸ ਵਿਚ ਜਨਮੇਜਾ ਸਿੰਘ ਸੇਖੋਂ ਸਾਬਕਾ ਕੈਬਨਿਟ ਮੰਤਰੀ ਪੰਜਾਬ, ਜੋਗਿੰਦਰ ਸਿੰਘ ਜਿੰਦੂ ਜ਼ਿਲ੍ਹਾ ਪ੍ਰਧਾਨ ਸ੍ਰੋਮਣੀ ਅਕਾਲੀ ਦੀ ਬਾਦਲ ਅਤੇ ਹਲਕਾ ਦਿਹਾਤੀ ਦੇ ਵਿਧਾਇਕ ਰਜ਼ਨੀਸ਼ ਦਹੀਆ, ਰਣਬੀਰ ਸਿੰਘ ਭੁੱਲਰ ਵਿਧਾਇਕ ਫਿਰੋਜ਼ਪੁਰ, ਨੋਨੀ ਮਾਨ ਹਲਕਾ ਗੁਰੂਹਰਸਹਾਏ, ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ। ਕਮਲ ਬਾਗੀ, ਸਮਾਜ ਸੇਵੀ ਚੰਦਨ ਚੰਦੂ ਤੋਂ ਇਲਾਵਾ ਵਿਸ਼ਵ ਭਾਈ ਮਰਦਾਲਾ ਯਾਦਗਾਰੀ ਸੋਸਾਇਟੀ ਦੇ ਜਗਜੀਤ ਸਿੰਘ, ਰਣਬੀਰ ਸਿੰਘ ਰਾਣਾ, ਸਰਬਜੀਤ ਸਿੰਘ ਧਾਲੀਵਾਲ, ਮਨੋਹਰ ਲਾਲ ਆਦਿ ਨੇ ਸ਼ਰਧਾਂਜ਼ਲੀ ਭੇਟ ਕੀਤੀ ਅਤੇ ਵਾਹਿਗੁਰੂ ਜੀ ਦੇ ਚਰਨਾ ਵਿਚ ਅਰਦਾਸ ਬੇਨਤੀ ਕੀਤੀ ਕਿ ਵਾਹਿਗੁਰੂ ਜੀ ਸਰਬਜੀਤ ਸਿੰਘ ਛਾਬੜਾ ਜੀ ਦੀ ਵਿਛੜੀ ਰੂਹ ਨੂੰ ਆਪਣੇ ਚਰਨਾ ਵਿਚ ਨਿਵਾਸ ਬਖਸ਼ੇ ਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਸ ਮੌਕੇ ਤੇ ਪੱਗ ਦੀ ਰਸਮ ਵੀ ਕੀਤੀ ਗਈ। ਜਿਸ ਵਿਚ ਇਕਬਾਲ ਸਿੰਘ ਇਪੀ ਨੂੰ ਵਿਸ਼ਵ ਭਾਈ ਮਰਦਾਨਾ ਸੋਸਾਇਟੀ ਵੱਲੋਂ ਦਸਤਾਰ ਭੇਟ ਕੀਤੀ।

ਬਾਬਾ ਪ੍ਰੀਤਮ ਸਿੰਘ ਚਾਹਵਾਲਿਆਂ ਦੀਆਂ ਸੇਵਾਵਾਂ ਲਈ ਪਾਏ

# ਯੋਗਦਾਨ ਨੂੰ ਭੁਲਾਇਆ ਨਹੀਂ ਜਾ ਸਕਦਾ : ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ

## ਧਾਰਮਿਕ ਹਸਤੀਆਂ ਵੱਲੋਂ ਪਾਏ ਯੋਗਦਾਨ ਤੇ ਪੰਥਕ ਸੇਵਾਵਾਂ ਦਾ ਜ਼ਿਕਰ ਉੱਘੇ ਪੰਥਕ ਬੁਲਾਰੇ ਤੇ ਸਿੱਖ ਚਿੰਤਕ ਭਗਵਾਨ ਸਿੰਘ ਜੌਹਲ ਨੇ ਭਾਵਪੂਰਤ ਸ਼ਬਦਾਂ ਵਿੱਚ ਕੀਤਾ

















**ਵਿਸ਼ੇਸ਼ ਰਿਪੋਰਟ ✶ ਆਵਾਜ਼ਿ ਕੌਮ, ਯੂ. ਕੇ.**

ਦੁਆਬੇ ਦੇ ਉੱਘੇ ਧਾਰਮਿਕ ਅਸਥਾਨ ਗੁਰਦੁਆਰਾ ਸੰਤ ਸਾਗਰ 'ਚਾਹਵਾਲਾ' ਜੌਹਲ ਵਿਖੇ ਆਪਣੇ ਸਮੇਂ ਦੇ ਪ੍ਰਸਿੱਧ ਧਾਰਮਿਕ ਹਸਤੀ ਸੰਤ ਬਾਜਬਾ ਪ੍ਰੀਤਮ ਸਿੰਘ ਜੀ ਚਾਹਵਾਲਿਆਂ ਅਤੇ ਬਾਬਾ ਕਰਮ ਸਿੰਘ ਚਾਹਵਾਲਿਆਂ ਦੀ ਕ੍ਰਮਵਾਰ 74ਵੀਂ ਅਤੇ 9ਵੀਂ ਸਲਾਨਾ ਯਾਦ ਵਿੱਚ ਮਹਾਨ ਗੁਰਮਤਿ ਸਮਾਗਮ ਸੰਤ ਬਾਬਾ ਹਰਜਿੰਦਰ ਸਿੰਘ ਮੁੱਖ ਸੇਵਾਦਾਰ ਦੀ ਅਗਵਾਈ ਵਿੱਚ ਕਰਵਾਇਆ ਗਿਆ। ਅੰਮ੍ਰਿਤ ਵੇਲੇ ਚੱਲ ਰਹੇ ਸ੍ਰੀ ਅਖੰਡ ਪਾਠਾਂ ਦੀ ਲੜੀ ਦੇ ਭੋਗ ਪਾਏ ਗਏ। ਉਪਰੰਤ ਇਲਾਕੇ ਦੀਆਂ ਸੰਗਤਾਂ ਵੱਲੋਂ ਆਪਣੇ ਪਰਿਵਾਰਾਂ ਵਿੱਚ ਸਰਬੱਤ ਦੇ ਭਲੇ ਲਈ ਕੀਤੇ ਸ੍ਰੀ ਸਹਿਜ ਪਾਠਾਂ ਦੇ ਭੋਗ ਪਾਏ ਗਏ। ਇਸ ਮੌਕੇ ਇਨ੍ਹਾਂ ਧਾਰਮਿਕ ਹਸਤੀਆਂ ਵੱਲੋਂ ਪਾਏ ਯੋਗਦਾਨ ਤੇ ਪੰਥਕ ਸੇਵਾਵਾਂ ਦਾ ਜ਼ਿਕਰ ਉੱਘੇ ਪੰਥਕ ਬੁਲਾਰੇ ਤੇ ਸਿੱਖ ਚਿੰਤਕ ਭਗਵਾਨ ਸਿੰਘ ਜੌਹਲ ਨੇ ਭਾਵਪੂਰਤ ਸ਼ਬਦਾਂ ਵਿੱਚ ਕੀਤਾ। ਇਸ ਮੌਕੇ ਹਜ਼ੂਰੀ ਰਾਗੀ ਭਾਈ ਰਵਿੰਦਰ ਸਿੰਘ, ਭਾਈ ਹਰਜੋਤ ਸਿੰਘ ਜ਼ਖ਼ਮੀਂ, ਭਾਈ ਜਤਿੰਦਰਪਾਲ ਸਿੰਘ ਜਗਾਧਰੀ ਵਾਲੇ, ਭਾਈ ਬਲਦੇਵ ਸਿੰਘ ਵਡਾਲਾ ਨੇ ਗੁਰਬਾਣੀ ਕੀਰਤਨ ਦੁਆਰਾ ਸੰਗਤ ਨੂੰ ਨਿਹਾਲ ਕੀਤਾ। ਅੰਮ੍ਰਿਤ ਵੇਲੇ ਭਾਈ ਜਗਜੀਵਨ ਸਿੰਘ ਜਲੰਧਰ ਵਾਲਿਆਂ ਨੇ ਆਸਾ ਦੀ ਵਾਰ ਦਾ ਕੀਰਤਨ ਕੀਤਾ। ਇਸ ਮੌਕੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਬੋਲਦਿਆਂ ਕਿਹਾ ਕਿ ਇਹ ਅਸਥਾਨ ਕੇਵਲ ਦੁਆਰੇ ਦਾ ਨਹੀਂ ਸਗੋਂ ਸਮੁੱਚੇ ਪੰਥ ਦਾ ਅਸਥਾਨ ਹੈ। ਉਨ੍ਹਾਂ ਕਿਹਾ ਕਿ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੀਆਂ ਸੇਵਾਵਾਂ ਨੂੰ ਭੁਲਾਇਆ ਨਹੀਂ ਜਾ ਸਕਦਾ। ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਨੇ ਗੁਰਦੁਆਰਾ ਸੁਧਾਰ ਲਹਿਰ ਤੇ ਬੱਬਰ ਅਕਾਲੀ ਲਹਿਰ ਲਈ ਜਿਹੜੇ ਕਾਰਜ ਉਸ ਸਮੇਂ ਬਾਬਾ ਜੀ ਦੀ ਅਗਵਾਈ ਵਿੱਚ ਉਸ ਸਮੇਂ ਕੀਤੇ, ਉਸ ਨਾਲ ਕੌਮ ਦਾ ਸਿਰ ਉੱਚਾ ਹੋਇਆ। ਇਸ ਮੌਕੇ 'ਤੇ ਜਥੇਦਾਰ ਕੁਲਦੀਪ ਸਿੰਘ ਵਡਾਲਾ, ਬਾਬਾ ਹਰਮੀਤ ਸਿੰਘ ਬਾਹੋਵਾਲ, ਬਾਬਾ ਬਲਰਾਜ ਸਿੰਘ ਜਿਆਣ, ਬਾਬਾ ਕਸ਼ਮੀਰ ਸਿੰਘ ਕੋਟ ਫਤੂਹੀ, ਬਾਬਾ ਅਜੀਤ ਸਿੰਘ ਖੋਸਾ ਕੋਟਲਾ (ਮੋਗਾ), ਦਵਿੰਦਰ ਸਿੰਘ ਬਹਾਦਰਪੁਰ ਯਮਨਾ ਨਗਰ, ਸ਼ਮਸ਼ੇਰ ਸਿੰਘ ਮੁਜ਼ੱਫਰਨਗਰ (ਯੂ.ਪੀ.), ਅਵਤਾਰ ਸਿੰਘ ਬਾਜਪੁਰ (ਉਤਰਾਖੰਡ), ਜਸਵਿੰਦਰ ਸਿੰਘ ਮਾਣਕ ਮਾਜਰਾ, ਫ਼ਤਹਿਗੜ੍ਹ ਸਾਹਿਬ, ਜਰਨੈਲ ਸਿੰਘ ਗੜ੍ਹਦੀਵਾਲਾ, ਸੁਖਵੰਤ ਸਿੰਘ ਰੌਲੀ, ਪਰਮਜੀਤ ਸਿੰਘ ਕਿਸ਼ਨਪੁਰਾ, ਰਜਿੰਦਰ ਬੇਰੀ, ਸ਼ਮਸ਼ੇਰ ਸਿੰਘ ਖਹਿਰਾ, ਮੇਜਰ ਸਿੰਘ ਹਰੀਪੁਰ, ਐਡਵੋਕੇਟ ਅਵਤਾਰ ਸਿੰਘ ਕਲੇਰ, ਪਰਮਪਾਲ ਸਿੰਘ ਸਭਰਾਅ, ਸੁਖਦੇਵ ਸਿੰਘ ਫਗਵਾੜਾ, ਮਲਕੀਤ ਸਿੰਘ ਦੌਲਤਪੁਰ, ਚਰਨਜੀਤ ਸਿੰਘ ਪਧਿਆਣਾ, ਸਤਵਿੰਦਰ ਸਿੰਘ ਖਾਲਸਾ, ਸੁਖਦੇਵ ਸਿੰਘ ਇੰਸਪੈਕਟਰ, ਜਤਿੰਦਰ ਸਿੰਘ ਮਝੈਲ ਸਮੇਤ ਇਲਾਕੇ ਦੇ ਪਿੰਡਾਂ ਦੇ ਸਰਪੰਚ, ਪੰਚ, ਕੌਂਸਲਰਾਂ ਨੇ ਵੀ ਹਾਜ਼ਰੀ ਭਰੀ। ਆਈਆਂ ਸਤਿਕਾਰਤ ਹਸਤੀਆਂ ਨੂੰ ਬਾਬਾ ਹਰਜਿੰਦਰ ਸਿੰਘ ਸਿਰੋਪੇ ਤੇ ਮਾਣ ਸਨਮਾਨ ਦੇ ਕੇ ਨਿਵਾਜਿਆ। ਅਮਰਜੀਤ ਸਿੰਘ ਅਰੋੜਾ ਨੇ ਸਟੇਜ ਸਕੱਤਰ ਦੀ ਡਿਊਟੀ ਨੂੰ ਬਾਖ਼ੂਬੀ ਨਿਭਾਇਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੱਕ ਕਿਤਾਬ ਸੰਪਾਦਕ



ਰਸ਼ਿਪੰਦਰ ਕੌਰ ਗਿੱਲ
ਲੇਖਕ, ਐਂਕਰ, ਪ੍ਰਧਾਨ
ਪੀਂਘਾਂ ਸੋਚ ਦੀਆਂ
ਸਾਹਿਤ ਮੰਚ, ਪਬਲਿਕੇਸ਼ਨ
ਵੈੱਬ ਚੈਨਲ, ਮੈਗਜ਼ੀਨ
+91-9888697078

ਇੱਕ ਕਿਤਾਬ ਸੰਪਾਦਕ ਹੱਥ-ਲਿਖਤਾਂ ਨੂੰ ਸੋਧਣ ਅਤੇ ਇਹ ਯਕੀਨੀ ਬਣਾਉਣ ਲਈ ਜ਼ਿੰਮੇਵਾਰ ਹੁੰਦਾ ਹੈ ਕਿ ਅੰਤਮ ਕਿਤਾਬ ਪਾਲਿਸ਼, ਇਕਸਾਰ, ਅਤੇ ਪ੍ਰਕਾਸ਼ਨ ਲਈ ਤਿਆਰ ਹੈ।

ਮੁੱਖ ਜ਼ਿੰਮੇਵਾਰੀਆਂ-

ਖਰੜੇ ਦੀ ਸਮੀਖਿਆ ਅਤੇ ਸੰਪਾਦਨ-ਪੁਸਤਕ ਸੰਪਾਦਕ ਵਿਆਕਰਣ, ਵਿਰਾਮ ਚਿੰਨ੍ਹ, ਸਪੈਲਿੰਗ ਅਤੇ ਸ਼ੈਲੀ ਦੇ ਮੁੱਦਿਆਂ ਨੂੰ ਠੀਕ ਕਰਨ ਲਈ, ਸਪੱਸ਼ਟਤਾ, ਤਾਲਮੇਲ ਅਤੇ ਪੜ੍ਹਨ ਯੋਗਤਾ ਨੂੰ ਯਕੀਨੀ ਬਣਾਉਣ ਲਈ ਹੱਥ-ਲਿਖਤਾਂ ਨੂੰ ਪੜ੍ਹਦੇ ਅਤੇ ਮੁਲਾਂਕਣ ਕਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਢਾਂਚਾਗਤ ਅਤੇ ਕਾਪੀ ਸੰਪਾਦਨ-ਸੰਪਾਦਕ ਸਮੱਗਰੀ ਦੇ ਸੰਗਠਨ, ਤਰਕਸ਼ੀਲ ਪ੍ਰਵਾਹ ਅਤੇ ਇਕਸਾਰਤਾ 'ਤੇ ਧਿਆਨ ਕੇਂਦਰਤ ਕਰਦੇ ਹਨ। ਨਕਲ ਸੰਪਾਦਨ ਵਿੱਚ ਗਦ ਨੂੰ ਸੋਧਣਾ, ਵਿਆਕਰਣ ਦੀਆਂ ਗਲਤੀਆਂ ਨੂੰ ਠੀਕ ਕਰਨਾ ਅਤੇ ਪੂਰੀ ਖਰੜੇ ਵਿੱਚ ਇਕਸਾਰ ਸ਼ੈਲੀ ਅਤੇ ਟੋਨ ਨੂੰ ਯਕੀਨੀ ਬਣਾਉਣਾ ਸ਼ਾਮਲ ਹੈ।

ਸਹਿਯੋਗ ਅਤੇ ਤਾਲਮੇਲ-ਪੁਸਤਕ ਸੰਪਾਦਕ ਪ੍ਰਕਾਸ਼ਨ ਪ੍ਰਕਿਰਿਆ ਦੁਆਰਾ ਖਰੜੇ ਦੀ ਅਗਵਾਈ ਕਰਨ ਲਈ ਲੇਖਕਾਂ, ਪਰੂਫ ਰੀਡਰਾਂ, ਡਿਜ਼ਾਈਨਰਾਂ ਅਤੇ ਉਤਪਾਦਨ ਟੀਮਾਂ ਨਾਲ ਮਿਲ ਕੇ ਕੰਮ ਕਰਦੇ ਹਨ। ਉਹ ਇਹ ਯਕੀਨੀ ਬਣਾਉਣ ਲਈ ਮਾਰਕੀਟਿੰਗ ਅਤੇ ਡਿਸਟ੍ਰੀਬਿਊਸ਼ਨ ਟੀਮਾਂ ਨਾਲ ਤਾਲਮੇਲ ਵੀ ਕਰ ਸਕਦੇ ਹਨ ਕਿ ਕਿਤਾਬ ਪ੍ਰਭਾਵਸ਼ਾਲੀ ਢੰਗ ਨਾਲ ਦਰਸ਼ਕਾਂ ਤੱਕ ਪਹੁੰਚ ਸਕੇ।

ਪ੍ਰੋਜੈਕਟ ਪ੍ਰਬੰਧਨ-ਸੰਪਾਦਕ ਸਮਾਂ-ਸੀਮਾਵਾਂ ਦਾ ਪ੍ਰਬੰਧਨ ਕਰਦੇ ਹਨ, ਕਾਰਜਾਂ ਨੂੰ ਤਰਜੀਹ ਦਿੰਦੇ ਹਨ ਅਤੇ ਇਹ ਯਕੀਨੀ ਬਣਾਉਂਦੇ ਹਨ ਕਿ ਡਰਾਫਟ ਅਤੇ ਸੰਸ਼ੋਧਨ ਸਮਾਂ-ਸਾਰਣੀ 'ਤੇ ਪ੍ਰਦਾਨ ਕੀਤੇ ਗਏ ਹਨ। ਉਹਨਾਂ ਨੂੰ ਉੱਚ-ਗੁਣਵੱਤਾ ਵਾਲੇ ਮਾਪਦੰਡਾਂ ਨੂੰ ਕਾਇਮ ਰੱਖਦੇ ਹੋਏ ਵੱਖ-ਵੱਖ ਸ਼ੈਲੀਆਂ, ਲੇਖਕ ਸ਼ੈਲੀਆਂ ਅਤੇ ਪ੍ਰੋਜੈਕਟ ਲੋੜਾਂ ਦੇ ਅਨੁਕੂਲ ਹੋਣਾ ਚਾਹੀਦਾ ਹੈ।

ਉਦਯੋਗ ਜਾਗਰੂਕਤਾ-ਲੇਖਕਾਂ ਨੂੰ ਕੀਮਤੀ ਸੂਝ ਅਤੇ ਮਾਰਗਦਰਸ਼ਨ ਪ੍ਰਦਾਨ ਕਰਨ ਲਈ ਸੰਪਾਦਕ ਪ੍ਰਕਾਸ਼ਨ ਦੇ ਰੁਝਾਨਾਂ, ਸਾਹਿਤਕ ਸ਼ੈਲੀਆਂ ਅਤੇ ਮਾਰਕੀਟ ਦੀਆਂ ਮੰਗਾਂ ਬਾਰੇ ਸੂਚਿਤ ਰਹਿੰਦੇ ਹਨ। ਇਹ ਗਿਆਨ ਵਪਾਰਕ ਅਤੇ ਸਾਹਿਤਕ ਸੰਭਾਵਨਾਵਾਂ ਲਈ ਹੱਥ-ਲਿਖਤਾਂ ਦਾ ਮੁਲਾਂਕਣ ਕਰਨ ਵਿੱਚ ਮਦਦ ਕਰਦਾ ਹੈ।

ਪੁਸਤਕ ਸੰਪਾਦਕਾਂ ਦੀਆਂ ਕਿਸਮਾਂ-

ਵਿਕਾਸ ਸੰਬੰਧੀ ਸੰਪਾਦਕ-ਸ਼ੁਰੂਆਤੀ-ਪੜਾਅ ਦੇ ਹੱਥ-ਲਿਖਤ ਵਿਕਾਸ, ਬਣਤਰ ਅਤੇ ਸਮੱਗਰੀ ਦੇ ਸੁਧਾਰ 'ਤੇ ਧਿਆਨ ਕੇਂਦਰਤ ਕਰੋ।

ਕਾਪੀ ਸੰਪਾਦਕ-ਵਿਆਕਰਣ, ਵਿਰਾਮ ਚਿੰਨ੍ਹ, ਸ਼ੈਲੀ ਅਤੇ ਇਕਸਾਰਤਾ 'ਤੇ ਧਿਆਨ ਕੇਂਦਰਤ ਕਰੋ।

ਪਰੂਫਰੀਡਰ-ਪ੍ਰਕਾਸ਼ਨ ਤੋਂ ਪਹਿਲਾਂ ਗਲਤੀਆਂ ਲਈ ਅੰਤਿਮ ਜਾਂਚ ਕਰੋ।

ਸੀਨੀਅਰ ਜਾਂ ਪ੍ਰਬੰਧਕ ਸੰਪਾਦਕ-ਸੰਪਾਦਕੀ ਟੀਮਾਂ, ਸਲਾਹਕਾਰ ਜੂਨੀਅਰ ਸੰਪਾਦਕਾਂ ਦੀ ਨਿਗਰਾਨੀ ਕਰੋ ਅਤੇ ਰਣਨੀਤਕ ਪ੍ਰਕਾਸ਼ਨ ਫੈਂਸਲੇ ਲਓ।

ਹੁਨਰ ਦੀ ਲੋੜ ਹੈ-ਪੁਸਤਕ ਸੰਪਾਦਕਾਂ ਨੂੰ ਮਜ਼ਬੂਤ ਲਿਖਣ ਅਤੇ ਸੰਚਾਰ ਹੁਨਰ, ਆਲੋਚਨਾਤਮਕ ਸੋਚ, ਸਮਾਂ ਪ੍ਰਬੰਧਨ ਅਤੇ ਅਨੁਕੂਲਤਾ ਦੀ ਲੋੜ ਹੁੰਦੀ ਹੈ। ਪ੍ਰਕਾਸ਼ਨ ਉਦਯੋਗ, ਸਾਹਿਤਕ ਸ਼ੈਲੀਆਂ ਅਤੇ ਸ਼ੈਲੀ-ਵਿਸ਼ੇਸ਼ ਸੰਮੇਲਨਾਂ ਦੀ ਡੂੰਘੀ ਸਮਝ ਵੀ ਜ਼ਰੂਰੀ ਹੈ।

ਲੇਖਕ ਨੇ ਜੋ ਲਿਖਿਆ ਉਸ ਲਈ ਕਿਤਾਬ ਸੰਪਾਦਕ ਜ਼ਿੰਮੇਵਾਰ ਹੈ ?-ਪੁਸਤਕ ਸੰਪਾਦਕ ਲੇਖਕ ਦੇ ਕੰਮ ਦੀ ਸਮੱਗਰੀ ਲਈ ਜ਼ਿੰਮੇਵਾਰ ਨਹੀਂ ਹੈ। ਸੰਪਾਦਕ ਦੀ ਭੂਮਿਕਾ ਖਰੜੇ ਦੀ ਸਮੀਖਿਆ ਅਤੇ ਸੁਧਾਰ ਕਰਨਾ ਹੈ, ਇਹ ਯਕੀਨੀ ਬਣਾਉਣਾ ਕਿ ਇਹ ਪ੍ਰਕਾਸ਼ਕ ਦੇ ਮਾਪਦੰਡਾਂ ਨੂੰ ਪੂਰਾ ਕਰਦਾ ਹੈ ਅਤੇ ਪ੍ਰਕਾਸ਼ਨ ਲਈ ਤਿਆਰ ਹੈ।

ਸੰਪਾਦਕ ਦੀਆਂ ਜ਼ਿੰਮੇਵਾਰੀਆਂ ਵਿੱਚ ਸ਼ਾਮਲ ਹਨ-

ਖਰੜੇ ਦੇ ਸੁਧਾਰ ਵਿੱਚ ਸਹਾਇਤਾ ਕਰਨਾ।

ਇਹ ਯਕੀਨੀ ਬਣਾਉਣਾ ਕਿ ਖਰੜਾ ਪ੍ਰਕਾਸ਼ਨ ਲਈ ਤਿਆਰ ਹੈ।

ਪ੍ਰਕਾਸ਼ਨ ਕੰਪਨੀ ਦੇ ਅੰਦਰ ਲੇਖਕਾਂ ਅਤੇ ਹੋਰ ਵਿਭਾਗਾਂ ਨਾਲ ਸਹਿਯੋਗ ਕਰਨਾ।

ਪ੍ਰਕਾਸ਼ਨ ਪ੍ਰਕਿਰਿਆ ਵਿੱਚ ਪੁਸਤਕ ਸੰਪਾਦਕ ਦਾ ਕੰਮ ਜ਼ਰੂਰੀ ਹੈ, ਪਰ ਇਹ ਲੇਖਕ ਦੀ ਸਿਰਜਣਾਤਮਕ ਦ੍ਰਿਸ਼ਟੀ ਅਤੇ ਮੌਲਿਕਤਾ ਹੈ ਜੋ ਪੁਸਤਕ ਦੀ ਸਮੱਗਰੀ ਨੂੰ ਪਰਿਭਾਸ਼ਿਤ ਕਰਦੀ ਹੈ।

ਜੇ ਲੇਖਕ ਨੇ ਕਿਸੇ ਵਿਅਕਤੀ ਦੇ ਵਿਰੁੱਧ ਲਿਖਿਆ ਹੈ ਤਾਂ ਕੀ ਕਿਤਾਬ ਸੰਪਾਦਕ ਜ਼ਿੰਮੇਵਾਰ ਹੈ ?-ਇੱਕ ਕਿਤਾਬ ਸੰਪਾਦਕ ਦੀ ਜ਼ਿੰਮੇਵਾਰੀ ਪ੍ਰਕਾਸ਼ਿਤ ਸਮੱਗਰੀ ਦੀ ਅਖੰਡਤਾ ਅਤੇ ਸ਼ੁੱਧਤਾ ਨੂੰ ਯਕੀਨੀ ਬਣਾਉਣ ਵਿੱਚ ਹੈ। ਹਾਲਾਂਕਿ ਸੰਪਾਦਕ ਲੇਖਕ ਦੀਆਂ ਕਾਰਵਾਈਆਂ ਜਾਂ ਵਿਸ਼ਵਾਸਾਂ ਲਈ ਜ਼ਿੰਮੇਵਾਰ ਨਹੀਂ ਹੈ।

ਲੇਖਕ-ਕਿਸੇ ਪੁਸਤਕ ਦੇ ਸੰਦਰਭ ਵਿੱਚ, ਲੇਖਕ ਪੁਸਤਕ ਦੀ ਰਚਨਾ ਅਤੇ ਰਚਨਾ ਲਈ ਜ਼ਿੰਮੇਵਾਰ ਵਿਅਕਤੀ ਹੁੰਦਾ ਹੈ। ਲੇਖਕ ਨੂੰ ਆਮ ਤੌਰ 'ਤੇ ਮੂਲ ਰਚਨਾ ਦੇ ਸਿਰਜਣਹਾਰ ਵਜੋਂ ਮਾਨਤਾ ਦਿੱਤੀ ਜਾਂਦੀ ਹੈ। ਜਿਸ ਵਿੱਚ ਲਿਖਤ, ਸੰਪਾਦਨ ਅਤੇ ਸਮਗਰੀ ਦਾ ਸਮੁੱਚਾ ਰੂਪ ਸ਼ਾਮਲ ਹੁੰਦਾ ਹੈ। ਹਾਲਾਂਕਿ ਸੰਪਾਦਕ ਸਮੱਗਰੀ ਨੂੰ ਸੁਧਾਰ ਸਕਦੇ ਹਨ, ਲੇਖਕ ਨੂੰ ਆਮ ਤੌਰ 'ਤੇ ਕਿਤਾਬ ਦੀ ਸਮੱਗਰੀ ਲਈ ਮੁੱਖ ਜ਼ਿੰਮੇਵਾਰ ਧਿਰ ਮੰਨਿਆ ਜਾਂਦਾ ਹੈ।

ਸੰਖੇਪ ਵਿੱਚ ਇੱਕ ਕਿਤਾਬ ਸੰਪਾਦਕ ਇਹ ਯਕੀਨੀ ਬਣਾਉਂਦਾ ਹੈ ਕਿ ਲੇਖਕਾਂ ਅਤੇ ਪ੍ਰਕਾਸ਼ਨ ਟੀਮਾਂ ਦੇ ਨਾਲ ਨੇੜਿਓਂ ਸਹਿਯੋਗ ਕਰਦੇ ਹੋਏ, ਤਕਨੀਕੀ ਸੰਪਾਦਨ, ਰਚਨਾਤਮਕ ਮਾਰਗਦਰਸ਼ਨ ਅਤੇ ਪ੍ਰੋਜੈਕਟ ਪ੍ਰਬੰਧਨ ਨੂੰ ਜੋੜ ਕੇ ਇੱਕ ਖਰੜੇ ਨੂੰ ਇੱਕ ਖਰੜੇ ਤੋਂ ਇੱਕ ਸ਼ਾਨਦਾਰ, ਪ੍ਰਕਾਸ਼ਿਤ ਕਰਨ ਯੋਗ ਕੰਮ ਵਿੱਚ ਵਿਕਸਿਤ ਕੀਤਾ ਜਾਂਦਾ ਹੈ।

### ਅਕਾਲੀ ਦਲ ਵਾਰਿਸ ਪੰਜਾਬ ਦੇ ਅੰਮ੍ਰਿਤਸਰ ਦੇ ਸ਼ਹਿਰੀ ਸਕੱਤਰ ਹਰਕਮਲਪ੍ਰੀਤ ਸਿੰਘ ਨੇ ਬਾਬਾ ਬਿਬੇਕ ਸਿੰਘ ਨਾਲ ਕੀਤੀ ਮੁਲਾਕਾਤ

# ਬਾਬਾ ਬਿਬੇਕ ਸਿੰਘ ਨੇ ਸਿਰਪਾਓ ਪਾ ਕੇ ਸਨਮਾਨਿਤ ਕੀਤਾ




**ਜੰਡਿਆਲਾ ਗੁਰੂ, 25 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸ਼ਹਿਰੀ ਸਕੱਤਰ ਹਰਕਮਲਪ੍ਰੀਤ ਸਿੰਘ ਜੰਡ ਵੱਲੋਂ ਹਲਕਾ ਜੰਡਿਆਲਾ ਗੁਰੂ ਦੇ ਇਲਾਕੇ ਦਾ ਦੌਰਾ ਕੀਤਾ ਗਿਆ ਜਿਸ ਵਿੱਚ ਹਰਕਮਲ ਪ੍ਰੀਤ ਸਿੰਘ ਜੰਡ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਵਿਖੇ ਬਣੇ ਅਕਾਲੀ ਦਲ ਵਾਰਿਸ ਪੰਜਾਬ ਦੇ ਦਫ਼ਤਰ ਵਿਖੇ ਸਿੰਘਾਂ ਸਮੇਤ ਪਹੁੰਚੇ ਇਸ ਮੌਕੇ ਤੇ ਗੁਰਦੁਆਰਾ ਨਾਨਕਸਰ ਸਾਹਿਬ ਦੇ ਮੁੱਖ ਸੇਵਾਦਾਰ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਪਾ ਕਿ ਸਨਮਾਨਿਤ ਕੀਤਾ ਗਿਆ ਅਤੇ ਹਮੇਸ਼ਾ ਚੜ੍ਹਦੀ ਕਲ੍ਹਾ ਲਈ ਗੁਰੂ ਸਾਹਿਬ ਜੀ ਦੇ ਚਰਨਾਂ ਚ ਅਰਦਾਸ ਕੀਤੀ ਇਸ ਮੌਕੇ ਹਰਕਮਲਪਰੀਤ ਸਿੰਘ ਜੰਡ ਨੇ ਬੋਲਦਿਆਂ ਕਿਹਾ ਕਿ ਮੈਂ ਅਕਾਲੀ ਦਲ ਵਾਰਿਸ ਪੰਜਾਬ ਦੇ ਸਮੂਹ ਅਹੁਦੇਦਾਰਾਂ ਅਤੇ ਹਾਈਕਮਾਂਡ ਦਾ ਧੰਨਵਾਦ ਕਰਦਾ ਹਾਂ ਜਿੰਨਾਂ ਨੇ ਮੇਰੇ ਤੇ ਵਿਸਵਾਸ਼ ਕਰਕੇ ਅੰਮ੍ਰਿਤਸਰ ਸਹਿਰੀ ਸਕੱਤਰ ਦੀ ਸੇਵਾ ਮੈਨੂੰ ਬਖਸੀ ਹੈ ਅਤੇ ਮੈਂ ਵਿਸ਼ਵਾਸ ਦਿਵਾਉਂਦਾ ਹਾਂ ਕਿ ਪਾਰਟੀ ਦੀ ਚੜ੍ਹਦੀ ਕਲ੍ਹਾ ਲਈ ਦਿਨ ਰਾਤ ਮਿਹਨਤ ਕਰਕੇ ਆਪਣਾ ਯੋਗਦਾਨ ਪਾਉਣ ਦਾ ਯਤਨ ਕਰਾਂਗਾ ਅਤੇ ਸਿੱਖ ਪੰਥ ਦੀ ਭਲਾਈ ਲਈ ਕੀਤੇ ਜਾਣ ਵਾਲੇ ਕਾਰਜਾਂ ਵਿੱਚ ਵਧ ਚੜ੍ਹ ਕਿ ਜਿੰਮੇਵਾਰੀ ਨੂੰ ਨਿਭਾਵਾਂਗਾ ! ਅਤੇ ਕੁਰਾਹੇ ਪੈ ਚੁੱਕੀ ਨੌਜਵਾਨੀ ਨੂੰ ਮੋੜਨ ਦਾ ਯਤਨ ਕੀਤਾ ਜਾਵੇਗਾ ! ਇਸ ਸਬੰਧੀ ਸਮੂਹ ਜਾਣਕਾਰੀ ਸਾਂਝੀ ਕਰਦਿਆ ਹੋਇਆ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਸਹੀਦ ਭਾਈ ਸੰਦੀਪ ਸਿੰਘ ਦੀਪ ਸਿੱਧੂ ਦੀਆਂ ਗੱਲਾਂ ਅੱਜ ਵੀ ਪੰਜਾਬ ਦੇ ਲੋਕ ਯਾਦ ਕਰਦੇ ਹਨ ! ਕਿ ਜੇਕਰ ਪੰਜਾਬ ਦੇ ਲੋਕਾਂ ਆਪਣੇ ਗਲੋਂ ਗੁਲਾਮੀ ਲਾਉਣੀ ਹੈ ਤਾਂ ਆਪਣਾ ਰਾਜ ਸਥਾਪਿਤ ਕਰਨਾ ਪਵੇਗਾ ਅਤੇ 2027 ਵਿੱਚ ਭਾਈ ਅੰਮ੍ਰਿਤਪਾਲ ਸਿੰਘ ਨੂੰ ਮੁੱਖ ਮੰਤਰੀ ਬਣਾਉਣਾ ਪਵੇਗਾ ! ਜਿਸ ਤੇ ਵੇਖਿਆ ਜਾਵੇ ਤਾਂ ਪੰਜਾਬ ਦੇ ਲੋਕ 2027 ਦੀ ਉਡੀਕ ਕਰ ਰਹੇ ਹਨ ਅਤੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਮੁੱਖ ਮੰਤਰੀ ਬਣਦਾ ਵੇਖਣਾ ਚਾਹੁੰਦੇ ਹਨ !

ਆਵਾਜ਼ਿ ਕੌਮ AWAZE QAUM International Newspaper & WEB TV

# ਮਾਤਾ ਅਵਿਨਾਸ਼ ਸ਼ਰਮਾ ਜੀ ਨਮਿਤ ਭੋਗ ਅਤੇ ਰਸਮ ਪਗੜੀ 27 ਅਪ੍ਰੈਲ ਨੂੰ



ਫਿਰੋਜ਼ਪੁਰ 25 ਅਪ੍ਰੈਲ (ਮਨੋਹਰ ਲਾਲ): ਫਿਰੋਜ਼ਪੁਰ ਦੇ ਸ਼ਰਮਾ ਪਰਿਵਾਰ ਨੂੰ ਉਸ ਸਮੇਂ ਡੂੰਘਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਮਾਤਾ ਸ਼੍ਰੀਮਤੀ ਅਵਿਨਾਸ਼ ਸ਼ਰਮਾ (ਧਰਮਪਤਨੀ ਪੀ. ਡੀ. ਸ਼ਰਮਾ) ਬੀਤੇ ਦਿਨੀਂ ਬੁੱਧਵਾਰ, 15 ਅਪ੍ਰੈਲ 2026 ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ। ਉਹ ਇੱਕ ਨੇਕ ਦਿਲ, ਮਿਲਾਪੜੇ ਅਤੇ ਧਾਰਮਿਕ ਵਿਚਾਰਾਂ ਵਾਲੇ ਸ਼ਖਸੀਅਤ ਸਨ, ਜਿਨ੍ਹਾਂ ਦੇ ਚਲੇ ਜਾਣ ਨਾਲ ਪਰਿਵਾਰ ਅਤੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ ਮਾਤਾ ਅਵਿਨਾਸ਼ ਸ਼ਰਮਾ ਜੀ ਨੇ ਆਪਣਾ ਪੂਰਾ ਜੀਵਨ ਪਰਿਵਾਰ ਦੀ ਪਰਵਰਿਸ਼ ਅਤੇ ਸਮਾਜਿਕ ਕਦਰਾਂ-ਕੀਮਤਾਂ ਨੂੰ ਸਮਰਪਿਤ ਕੀਤਾ। ਉਨ੍ਹਾਂ ਦੀ ਮਿੱਠੀ ਬੋਲਬਾਣੀ ਅਤੇ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਦੀ ਆਦਤ ਕਾਰਨ ਉਹ ਹਰ ਵਰਗ ਵਿੱਚ ਹਰਮਨ ਪਿਆਰੇ ਸਨ। ਉਨ੍ਹਾਂ ਦੇ ਅਕਾਲ ਚਲਾਣੇ ਨਾਲ ਪਰਿਵਾਰ ਵਿੱਚ ਅਜਿਹਾ ਪਾੜਾ ਪੈ ਗਿਆ ਹੈ, ਜਿਸ ਨੂੰ ਕਦੇ ਵੀ ਪੂਰਿਆ ਨਹੀਂ ਜਾ ਸਕਦਾ। ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਪਰਿਵਾਰ ਵੱਲੋਂ ਰੱਖੇ ਗਏ ਸ਼੍ਰੀ ਗਰੁੜ ਪੁਰਾਣ ਜੀ ਦੇ ਪਾਠ ਦਾ ਭੋਗ ਅਤੇ ਰਸਮ ਪਗੜੀ ਮਿਤੀ 27 ਅਪ੍ਰੈਲ 2026 (ਦਿਨ ਸੋਮਵਾਰ) ਦੁਪਹਿਰ 1 ਵਜੇ ਤੋਂ 2 ਵਜੇ ਤੱਕ ਪਰਮਾਰਥ ਭਵਨ (ਨਜ਼ਦੀਕ ਸ਼ਿਵਾਲਾ ਮੰਦਿਰ, ਜ਼ੀਰਾ ਗੇਟ, ਫਿਰੋਜ਼ਪੁਰ ਸ਼ਹਿਰ) ਹੋਵੇਗਾ। ਸਮੂਹ ਪਰਿਵਾਰਿਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਨਗਰ ਨਿਵਾਸੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਸ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਵਿਛੜੀ ਨੇਕ ਰੂਹ ਨੂੰ ਸ਼ਰਧਾਂਜਲੀ ਭੇਂਟ ਕਰਨ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਲਈ ਪ੍ਰਮਾਤਮਾ ਅੱਗੇ ਅਰਦਾਸ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰੈਸ ਕਲੱਬ ਅੰਮ੍ਰਿਤਸਰ ਦੇ ਜਨਰਲ ਸਕੱਤਰ ਰਜਿੰਦਰ ਸਿੰਘ ਰੂਬੀ ਨੂੰ ਕੀਤਾ ਸਨਮਾਨਿਤ



**ਚੌਂਕ ਮਹਿਤਾ, 25 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਬੀਤੇ ਦਿਨੀਂ ਪ੍ਰੈਸ ਕਲੱਬ ਅੰਮ੍ਰਿਤਸਰ ਦੀਆਂ ਚੋਣਾਂ ਦੌਰਾਨ ਅਦਾਰਾ ਅਜੀਤ ਦੇ ਪੱਤਰਕਾਰ ਰਜਿੰਦਰ ਸਿੰਘ ਰੂਬੀ ਨੇ ਪ੍ਰੈਸ ਕਲੱਬ ਦੇ ਜਨਰਲ ਸਕੱਤਰ ਵਜੋਂ ਚੋਣ ਲੜੀ ਅਤੇ ਭਾਰੀ ਬਹੁਮਤ ਨਾਲ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਜਿਸ ਦੇ ਚਲਦਿਆਂ ਅੱਜ ਉਹ ਇੱਕ ਧਾਰਮਿਕ ਸਮਾਗਮ ਵਿੱਚ ਪਹੁੰਚੇ। ਜਿੱਥੇ ਸ਼ਿਵਰਾਜ ਸਿੰਘ ਬਾਠ ਭੀਲੋਵਾਲ, ਨੌਜਵਾਨ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ, ਪ੍ਰੇਮ ਸਿੰਘ ਸੋਨੀ, ਸਰਪੰਚ ਰਵਿੰਦਰ ਸਿੰਘ ਗਿੱਲ ਹਦਾਇਤਪੁਰ, ਐਡਵੋਕੇਟ ਸੁਖਮਨ ਸਿੰਘ ਰੰਧਾਵਾ, ਅੰਮ੍ਰਿਤਪਾਲ ਸਿੰਘ ਵਡਾਲੀ, ਰਾਣਾ ਖਿਆਲਾ, ਗੁਰਬੀਰ ਸਿੰਘ ਬਾਸਰਕੇ ਨੇ ਉਨ੍ਹਾਂ ਨੂੰ ਜੀ ਆਇਆਂ ਕਿਹਾ ਅਤੇ ਨਿੱਘਾ ਸਵਾਗਤ ਕੀਤਾ। ਇਸ ਦੌਰਾਨ ਉਕਤ ਆਗੂਆਂ ਦੇ ਵੱਲੋਂ ਸਾਂਝੇ ਤੌਰ ਤੇ ਰਜਿੰਦਰ ਸਿੰਘ ਰੂਬੀ ਨੂੰ ਸ਼੍ਰੀ ਸਾਹਿਬ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਰਾਜ ਦੀ ਪ੍ਰਾਪਤੀ ਲਈ ਖਾਲਿਸਤਾਨ ਦੇ ਐਲਾਨ ਦੀ 40ਵੀਂ ਵਰ੍ਹੇਗੰਢ ਮਨਾਈ ਗਈ



**ਅੰਮ੍ਰਿਤਸਰ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜ ਮੈਂਬਰੀ ਪੰਥਕ ਕਮੇਟੀ ਵਲੋਂ 29 ਅਪ੍ਰੈਲ 1986 ਨੂੰ ਖਾਲਸਾ ਰਾਜ ਦੀ ਪ੍ਰਾਪਤੀ ਲਈ ਖਾਲਿਸਤਾਨ ਦਾ ਐਲਾਨ ਕੀਤਾ ਗਿਆ ਸੀ।ਜਿਸ ਦੀ 40ਵੀਂ ਵਰੇਗੰਢ 29 ਅਪ੍ਰੈਲ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੇ ਅਰਦਾਸ ਕਰ ਕੇ ਮਨਾਈ ਜਾਵੇਗੀ।ਇਸ ਸਬੰਧ ਵਿਚ ਜਾਣਕਾਰੀ ਦਿੰਦਿਆ ਭਾਈ ਵੱਸਣ ਸਿੰਘ ਜ਼ਫਰਵਾਲ ਨੇ ਕਿਹਾ ਕਿ ਖਾਲਸਾ ਰਾਜ ਦੀ ਪ੍ਰਾਪਤੀ ਲਈ ਸਮੇਂ ਅਨੁਸਾਰ ਸੰਘਰਸ਼ ਜਾਰੀ ਰੱਖਾਂਗੇ ਅਤੇ ਇਸ ਸੰਘਰਸ਼ ਵਿਚ ਸ਼ਹੀਦ ਹੋਏ ਸਿੰਘਾਂ ਦੇ ਪਰਵਾਰਾਂ ਦੀ ਸੇਵਾ ਸੰਭਾਲ ਵੀ ਸੰਗਤਾਂ ਦੇ ਸਹਿਯੋਗ ਨਾਲ ਯਤਨ ਕਰ ਰਹੇ ਹਾਂ।ਇਸ ਸਮੇ ਭਾਈ ਜਫਰਵਾਲ ਨੇ ਸੰਮੂਹ ਪੰਥਕ ਜਥੇਬੰਦੀਆਂ ਨੂੰ ਆਪਸੀ ਮੱਤਭੇਦ ਭੁਲਾ ਕੇ ਇਕ ਪਲੇਟਫਾਰਮ ਤੇ ਇਕੱਤਰ ਹੋਣ ਦੀ ਅਪੀਲ ਵੀ ਕੀਤੀ।ਇਸ ਮੀਟਿੰਗ ਵਿੱਚ ਭਾਈ ਜਫਰਵਾਲ ਤੋਂ ਇਲਾਵਾ ਭਾਈ ਮੋਹਕਮ ਸਿੰਘ, ਭਾਈ ਸਤਨਾਮ ਸਿੰਘ ਮਨਾਵਾਂ,ਭਾਈ ਜਸਕਰਨ ਸਿੰਘ ਕਾਹਨਸਿੰਘਵਾਲਾ, ਭਾਈ ਜਰਨੈਲ ਸਿੰਘ ਸਖੀਰਾ,ਜਥੇਦਾਰ ਬਹਾਦਰ ਸਿੰਘ ਰਾਹੋਂ,ਭਾਈ ਬਲਵਿੰਦਰ ਸਿੰਘ ਡਾਲਾ,ਭਾਈ ਹਰਜੀਤ ਸਿੰਘ, ਭਾਈ ਸੁਖਵਿੰਦਰ ਸਿੰਘ ਧਰਮੀ ਫੌਜੀ, ਭਾਈ ਕੁਲਵੰਤ ਸਿੰਘ ਦਿਆਲਗੜ੍ਹ ਤੋਂ ਇਲਾਵਾ ਬਹੁਤ ਸਾਰੀਆਂ ਪੰਥਕ ਸ਼ਖਸ਼ੀਅਤਾਂ ਮੌਜੂਦ ਸਨ।ਅਖੀਰ ਵਿਚ ਸੰਮੂਹ ਸੰਗਤਾਂ 29 ਅਪਰੈਲ ਨੂੰ 12 ਵਜੇ ਸ੍ਰੀ ਅਕਾਲ ਤਖਤ ਸਾਹਿਬ ਤੇ ਪਹੁੰਚਣ ਦੀ ਬੇਨਤੀ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅੱਜ 25 ਅਪ੍ਰੈਲ 2026 ਨੂੰ ਦਿੱਲੀ ਜਾਂਦਿਆਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਰਸਤੇ ਵਿੱਚ ਪਾਣੀਪੱਤ ਲੰਗਰ ਪ੍ਰਸ਼ਾਦਾ ਛਕਣ ਲਈ ਰੁਕੇ ਇਸ ਸਮੇਂ ਮੇਅਰ ਭੁਪਿੰਦਰ ਸਿੰਘ ਪਾਣੀਪੱਤ ਮੈਂਬਰ ਹਰਿਆਣਾ ਕਮੇਟੀ,ਸਰਦਾਰ ਹਰਚਰਨ ਸਿੰਘ ਧੰਮੂ ਪ੍ਰਧਾਨ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਪਾਣੀਪੱਤ ,ਸਰਦਾਰ ਜੋਗਿੰਦਰ ਸਿੰਘ ਚਾਵਲਾ ਗੁਰੂ ਨਾਨਕ ਹੈਂਡਲੂਮ ਪਾਣੀਪੱਤ ,ਮਾਸਟਰ ਜਸਪਾਲ ਸਿੰਘ ਸਤਿ ਕਰਤਾਰ ਫਰਨੀਚਰ ਕਰਤਾਰਪੁਰ ਵੀ ਹਾਜ਼ਰ ਸਨ














ਅੱਜ 25 ਅਪ੍ਰੈਲ 2026 ਨੂੰ ਦਿੱਲੀ ਜਾਂਦਿਆਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਰਸਤੇ ਵਿੱਚ ਪਾਣੀਪੱਤ ਲੰਗਰ ਪ੍ਰਸ਼ਾਦਾ ਛਕਣ ਲਈ ਰੁਕੇ ਇਸ ਸਮੇਂ ਮੇਅਰ ਭੁਪਿੰਦਰ ਸਿੰਘ ਪਾਣੀਪੱਤ ਮੈਂਬਰ ਹਰਿਆਣਾ ਕਮੇਟੀ,ਸਰਦਾਰ ਹਰਚਰਨ ਸਿੰਘ ਧੰਮੂ ਪ੍ਰਧਾਨ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਪਾਣੀਪੱਤ ,ਸਰਦਾਰ ਜੋਗਿੰਦਰ ਸਿੰਘ ਚਾਵਲਾ ਗੁਰੂ ਨਾਨਕ ਹੈਂਡਲੂਮ ਪਾਣੀਪੱਤ ,ਮਾਸਟਰ ਜਸਪਾਲ ਸਿੰਘ ਸਤਿ ਕਰਤਾਰ ਫਰਨੀਚਰ ਕਰਤਾਰਪੁਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਅਮਰੀਕਾ ਦੀ ਧਰਤੀ ਤੇ ਟਰੱਕ ਨੂੰ ਅੱਗ ਲੱਗਣ ਕਾਰਨ ਲਪੇਟ ਵਿੱਚ ਆ ਕੇ ਅਕਾਲ ਚਲਾਣਾ ਗਏ ਭਾਈ ਸਿਮਰਨ ਸਿੰਘ ਜੋ ਜਥੇਦਾਰ ਬਲਦੇਵ ਸਿੰਘ ਹਾਬੜੀ ਮੈਂਬਰ ਹਰਿਆਣਾ ਕਮੇਟੀ ਦਾ ਰਿਸ਼ਤੇਦਾਰ ਸੀ ਦੇ ਪਰਿਵਾਰ ਨਾਲ

# ਅਫਸੋਸ ਕਰਨ ਲਈ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ











ਅਮਰੀਕਾ ਦੀ ਧਰਤੀ ਤੇ ਟਰੱਕ ਨੂੰ ਅੱਗ ਲੱਗਣ ਕਾਰਨ ਲਪੇਟ ਵਿੱਚ ਆ ਕੇ ਅਕਾਲ ਚਲਾਣਾ ਗਏ ਮਾਂ ਬਾਪ ਦੇ ਇਕਲੌਤੇ ਪੁੱਤਰ ਭਾਈ ਸਿਮਰਨ ਸਿੰਘ ਜੋ ਸਾਡੇ ਜਥੇਦਾਰ ਬਲਦੇਵ ਸਿੰਘ ਹਾਬੜੀ ਮੈਂਬਰ ਹਰਿਆਣਾ ਕਮੇਟੀ ਦਾ ਰਿਸ਼ਤੇਦਾਰ ਸੀ ਦੇ ਪਰਿਵਾਰ ਨਾਲ ਅੱਜ 25 ਅਪ੍ਰੈਲ 2026 ਨੂੰ ਉਨਾਂ ਦੇ ਪਿੰਡ ਬੱਕਲ ਨੇੜੇ ਅਸੰਧ ਵਿਖੇ ਅਫਸੋਸ ਕਰਨ ਲਈ ਪੁੱਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ,ਜਥੇਦਾਰ ਬਲਦੇਵ ਸਿੰਘ ਹਾਬੜੀ ਮੈਂਬਰ ਹਰਿਆਣਾ ਕਮੇਟੀ,ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕਰਨਾਲ ਦੇ ਰੱਤਕ ਝੀਂਡਾ ਪਿੰਡ ਦੇ ਨੌਜਵਾਨ ਭਾਈ ਨਿਰਵੈਰ ਸਿੰਘ ਵਿਰਕ ਦਾ ਕਾਰ ਐਕਸੀਡੈਂਟ ਹੋਣ ਕਾਰਣ ਲੱਤ ਤੇ ਫਰੈਕਚਰ ਆ ਗਿਆ ਸੀ

## ਪਤਾ ਲੈਣ ਵਾਸਤੇ ਉਹਨਾਂ ਦੇ ਗ੍ਰਹਿ ਪਿੰਡ ਰੱਤਕ ਵਿਖੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
















ਕਰਨਾਲ ਦੇ ਰੱਤਕ ਝੀਂਡਾ ਪਿੰਡ ਦੇ ਨੌਜਵਾਨ ਭਾਈ ਨਿਰਵੈਰ ਸਿੰਘ ਵਿਰਕ ਦਾ ਕਾਰ ਐਕਸੀਡੈਂਟ ਹੋਣ ਕਾਰਣ ਲੱਤ ਤੇ ਫਰੈਕਚਰ ਆ ਗਿਆ ਸੀ ਦਾ ਅੱਜ 25 ਅਪ੍ਰੈਲ 2026 ਨੂੰ ਪਤਾ ਲੈਣ ਵਾਸਤੇ ਉਹਨਾਂ ਦੇ ਗ੍ਰਹਿ ਪਿੰਡ ਰੱਤਕ ਵਿਖੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਾਥੀਆ ਪੁੱਜੇ ਉਨਾਂ ਦੇ ਨਾਲ ਜਥੇਦਾਰ ਭੁਪਿੰਦਰ ਸਿੰਘ ਅਸੰਧ ਸਾਬਕਾ ਪ੍ਰਧਾਨ ਹਰਿਆਣਾ ਕਮੇਟੀ,ਜਥੇਦਾਰ ਬਲਦੇਵ ਸਿੰਘ ਹਾਬੜੀ ਮੈਂਬਰ ਹਰਿਆਣਾ ਕਮੇਟੀ,ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ ਵੀ ਇਸ ਸਮੇਂ ਉਨਾਂ ਦੇ ਨਾਲ ਸਨ ਸਰਦਾਰ ਅਮਰਜੀਤ ਸਿੰਘ ਸਾਬਕਾ ਸਰਪੰਚ ਝੀਂਡਾ ਸਰਦਾਰ ਗੁਰਲਾਲ ਸਿੰਘ ਵਿਰਕ ਪਿੰਡ ਰੱਤਕ,ਸਰਦਾਰ ਸੂਰਤ ਸਿੰਘ ਸ਼ਾਹੀ ਪਿੰਡ ਰੱਤਕ,ਸਰਦਾਰ ਜਸਵੰਤ ਸਿੰਘ ਵਿਰਕ ਪਿੰਡ ਰੱਤਕ,ਸਰਦਾਰ ਹਰਭਜਨ ਸਿੰਘ ਵਿਰਕ ਪਿੰਡ ਝੀਂਡਾ ਸਮੇਤ ਵੱਡੀ ਗਿਣਤੀ ਵਿੱਚ ਨਗਰ ਨਿਵਾਸੀਆਂ ਨੇ ਜਥੇਦਾਰ ਦਾਦੂਵਾਲ ਜੀ  ਤੇ ਨਾਲ ਆਏ ਅਹੁਦੇਦਾਰ ਮੈਂਬਰ ਸਾਹਿਬਾਨਾਂ ਦਾ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਮਾਸਟਰ ਰਾਜਪਾਲ ਸਿੰਘ ਲੱਕੜਾਂਵਾਲੀ ਦੇ ਨਾਲ ਸਾਡੀ ਲੜਕੀਆਂ ਦੀ ਕਬੱਡੀ ਟੀਮ ਨੇ ਪੁੱਜ ਕੇ ਮੱਥਾ ਟੇਕਿਆ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਮੁਲਾਕਾਤ ਕੀਤੀ ਅਤੇ ਕਬੱਡੀ ਕੱਪ ਜਿੱਤਿਆ ਤੇ ਕਬੱਡੀ ਕੱਪ ਜਥੇਦਾਰ ਦਾਦੂਵਾਲ ਜੀ ਨੂੰ ਭੇਂਟ ਕੀਤਾ






ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਮਾਸਟਰ ਰਾਜਪਾਲ ਸਿੰਘ ਲੱਕੜਾਂਵਾਲੀ ਦੇ ਨਾਲ ਸਾਡੀ ਲੜਕੀਆਂ ਦੀ ਕਬੱਡੀ ਟੀਮ ਨੇ ਪੁੱਜ ਕੇ ਮੱਥਾ ਟੇਕਿਆ ਅਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਮੁਲਾਕਾਤ ਕੀਤੀ ਓਪਨ ਲੜਕੀਆਂ ਦੀ ਇਹ ਕਬੱਡੀ ਟੀਮ 7 ਅਪ੍ਰੈਲ 2026 ਨੂੰ ਫਿਰੋਜ਼ਪੁਰ ਵਿਖੇ ਪਹਿਲੀ ਪੁਜੀਸ਼ਨ ਪ੍ਰਾਪਤ ਕੀਤੀ ਅਤੇ ਕਬੱਡੀ ਕੱਪ ਜਿੱਤਿਆ ਤੇ ਕਬੱਡੀ ਕੱਪ ਜਥੇਦਾਰ ਦਾਦੂਵਾਲ ਜੀ ਨੂੰ ਭੇਂਟ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਖਾਲਿਸਤਾਨ ਦੇ ਐਲਾਨ*ਨਾਮੇ ਦੀ 40ਵੀਂ ਵਰ੍ਹੇਗੰਢ ਮੌਕੇ ਚਾਰ ਸੰਘਰਸ਼ਮਈ ਜਥੇਬੰਦੀਆਂ ਵੱਲੋਂ 29 ਅਪ੍ਰੈਲ ਨੂੰ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਕੀਤੀ ਜਾਵੇਗੀ ਉਪਰੰਤ ਸੰਘਰਸ਼ ਦੀ ਭਵਿੱਖ ਦੀ ਰਣਨੀਤੀ ਨੂੰ ਦਰਸਾਉਂਦਾ ਨੀਤੀਗਤ ਦਸਤਾਵੇਜ਼ ਸਕੱਤਰੇਤ ਦੇ ਬਾਹਰ ਜਾਰੀ ਕੀਤਾ ਜਾਵੇਗਾ। ਇਹ ਫੈਸਲਾ ਚਾਰ ਜਥੇਬੰਦੀਆਂ ਦੇ ਸੀਨੀਅਰ ਨੁਮਾਇੰਦਿਆਂ ਦੀ ਮੀਟਿੰਗ ਵਿੱਚ ਕੀਤਾ ਗਿਆ। ਇਸ ਮੀਟਿੰਗ ਵਿੱਚ ਦਲ ਖਾਲਸਾ ਵੱਲੋਂ ਕੰਵਰਪਾਲ ਸਿੰਘ ਤੇ ਪਰਮਜੀਤ ਸਿੰਘ ਟਾਂਡਾ ,ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਇਮਾਨ ਸਿੰਘ ਮਾਨ, ਤੇ ਪ੍ਰੋਫੈਸਰ ਮਹਿੰਦਰ ਪਾਲ ਸਿੰਘ, ਪੰਚ ਪ੍ਰਧਾਨੀ ਜਥੇ ਵਲੋਂ ਮਨਧੀਰ ਸਿੰਘ ਤੇ ਪਰਮਜੀਤ ਸਿੰਘ ਗਾਜੀ ,ਜਥੇਦਾਰ ਹਵਾਰਾ ਕਮੇਟੀ ਵੱਲੋਂ ਭਾਈ ਭੁਪਿੰਦਰ ਸਿੰਘ ਭਲਵਾਨ ਅਤੇ ਮਹਾਬੀਰ ਸਿੰਘ ਤੋਂ ਇਲਾਵਾ ਅਕਾਲ ਫੈਡਰੇਸ਼ਨ ਤੋਂ ਭਾਈ ਨਰਾਇਣ ਸਿੰਘ ਚੌੜਾ ਹਾਜ਼ਰ ਸਨ।

